ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 15 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੩੧ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸੁਖਬੀਰ ਬਾਦਲ 'ਤੇ ਹਮਲਾ: ਮੁਲਜ਼ਮ ਜਸਪਾਲ ਸਿੰਘ ਨੂੰ ਅਦਾਲਤ ਨੇ 11 ਦਿਨਾਂ ਦੀ ਪੁਲਸ ਕਸਟਡੀ 'ਚ ਭੇਜਿਆ



ਨਾਂਦੇੜ ਸਾਹਿਬ, 14 ਅਗਸਤ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਸਾਬਕਾ ਡਿਪਟੀ ਸੀਐੱਮ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨ ਦੇ ਮਾਮਲੇ ਵਿੱਚ ਅਦਾਲਤ ਨੇ ਵੱਡਾ ਫੈਸਲਾ ਸੁਣਾਇਆ ਹੈ। ਹਮਲੇ ਦੇ ਮੁਲਜ਼ਮ ਜਸਪਾਲ ਸਿੰਘ ਨੂੰ ਅਦਾਲਤ ਨੇ 11 ਦਿਨਾਂ ਦੀ ਪੁਲਸ ਕਸਟਡੀ ਵਿੱਚ ਭੇਜ ਦਿੱਤਾ ਹੈ। ਪੁਲਸ ਵੱਲੋਂ ਅੱਜ ਮੁਲਜ਼ਮ ਜਸਪਾਲ ਸਿੰਘ ਨੂੰ ਮਹਾਰਾਸ਼ਟਰ ਦੇ ਮੁਦਖੇੜ ਕੋਰਟ ਵਿੱਚ ਪੇਸ਼ ਕੀਤਾ ਗਿਆ ਸੀ। ਸੁਣਵਾਈ ਦੌਰਾਨ ਪੁਲਸ ਨੇ ਮੁਲਜ਼ਮ ਤੋਂ ਪੁੱਛਗਿੱਛ ਲਈ ਕਸਟਡੀ ਦੀ ਮੰਗ ਕੀਤੀ, ਜਿਸ ਨੂੰ ਅਦਾਲਤ ਨੇ ਪ੍ਰਵਾਨ ਕਰਦਿਆਂ 11 ਦਿਨਾਂ ਦਾ ਰਿਮਾਂਡ ਦੇ ਦਿੱਤਾ। ਜਾਣਕਾਰੀ ਮੁਤਾਬਕ ਮੁਲਜ਼ਮ ਦੀ ਪੁਲਸ ਕਸਟਡੀ 24 ਤਾਰੀਖ ਤੱਕ ਰਹੇਗੀ। ਹੁਣ ਪੁਲਸ ਇਸ ਦੌਰਾਨ ਜਸਪਾਲ ਸਿੰਘ ਤੋਂ ਹਮਲੇ ਨਾਲ ਜੁੜੇ ਵੱਖ-ਵੱਖ ਪਹਿਲੂਆਂ ਬਾਰੇ ਬਾਰੀਕੀ ਨਾਲ ਪੁੱਛਗਿੱਛ ਕਰੇਗੀ। ਜਾਂਚ ਅਧਿਕਾਰੀਆਂ ਅਨੁਸਾਰ ਇਸ ਪੁੱਛਗਿੱਛ ਦਾ ਮੁੱਖ ਉਦੇਸ਼ ਘਟਨਾ ਦੇ ਅਸਲ ਕਾਰਨਾਂ ਅਤੇ ਇਸ ਪਿੱਛੇ ਹੋਰ ਪੱਖਾਂ ਦੀ ਜਾਂਚ ਕਰਨਾ ਹੈ।

## ਛੁੱਟੀ ਸਬੰਧੀ ਸੂਚਨਾ

15 ਅਗਸਤ, 2026 ਦਿਨ ਸ਼ਨੀਵਾਰ ਨੂੰ ਅਦਾਰਾ 'ਆਵਾਜ਼ਿ ਕੌਮ' ਦੇ ਇੰਡੀਆ ਸਥਿਤ ਦਫ਼ਤਰ ਬੰਦ ਰਹਿਣ ਕਾਰਨ 16 ਅਗਸਤ, 2026 ਦਿਨ ਐਤਵਾਰ ਦਾ ਅੰਕ ਪ੍ਰਕਾਸ਼ਤ ਨਹੀਂ ਹੋਵੇਗਾ। **-ਮੁੱਖ ਸੰਪਾਦਕ**

# ਦਿੱਲੀ ਹਾਈਕੋਰਟ, ਲਾਲ ਕਿਲ੍ਹਾ ਤੇ ਏਅਰਪੋਰਟ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ !

**ਨਵੀਂ ਦਿੱਲੀ, 14 ਅਗਸਤ, (ਆਵਾਜ਼ਿ ਕੌਮ ਬਿਊਰੋ)**-ਆਜ਼ਾਦੀ ਦਿਵਸ ਤੋਂ ਇੱਕ ਦਿਨ ਪਹਿਲਾਂ ਸ਼ੁੱਕਰਵਾਰ ਨੂੰ ਦਿੱਲੀ ਹਾਈ ਕੋਰਟ, ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਟਰਮੀਨਲ 3 ਅਤੇ ਰਾਸ਼ਟਰੀ ਰਾਜਧਾਨੀ ਦੇ ਕਈ ਹੋਰ ਸਰਕਾਰੀ ਦਫਤਰਾਂ ਨੂੰ ਈ-ਮੇਲ ਰਾਹੀਂ ਬੰਬ ਦੀ ਧਮਕੀ ਮਿਲੀ। ਪੁਲਸ ਨੇ ਸਾਰੀਆਂ ਧਮਕੀਆਂ ਨੂੰ ਜਾਅਲੀ ਐਲਾਨਦੇ ਹੋਏ ਤਲਾਸ਼ੀ ਅਤੇ ਸੁਰੱਖਿਆ ਜਾਂਚ ਕੀਤੀ।




ਇੱਕ ਪੁਲਸ ਸੂਤਰ ਨੇ ਦੱਸਿਆ ਕਿ ਬੰਬ ਦੀ ਧਮਕੀ ਵਾਲੇ ਈਮੇਲ ਦਿੱਲੀ ਛਾਉਣੀ ਦੇ ਐਸਡੀਐਮ ਦਫ਼ਤਰ ਨੂੰ ਸਵੇਰੇ 11:18 ਵਜੇ, ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ (ਆਈਜੀਆਈ) ਦੇ ਟਰਮੀਨਲ 3 ਨੂੰ ਸਵੇਰੇ 11:32 ਵਜੇ, ਜਾਮਨਗਰ ਹਾਊਸ ਨੂੰ ਸਵੇਰੇ 11:40 ਵਜੇ, ਸਾਕੇਤ ਐਸਡੀਐਮ ਦਫ਼ਤਰ ਨੂੰ ਸਵੇਰੇ 11:42 ਵਜੇ ਅਤੇ ਝੰਡੇਵਾਲਨ ਫਾਇਰ ਕੰਟਰੋਲ ਰੂਮ ਨੂੰ ਸਵੇਰੇ 11:57 ਵਜੇ ਪ੍ਰਾਪਤ ਹੋਏ। ਦਿੱਲੀ ਪੁਲਸ, ਬੰਬ ਸਕੁਐਡ ਅਤੇ ਫਾਇਰ ਸਰਵਿਸ ਦੀਆਂ ਟੀਮਾਂ ਪੰਜਾਂ ਥਾਵਾਂ 'ਤੇ ਪਹੁੰਚੀਆਂ ਅਤੇ ਸਾਰੀਆਂ ਧਮਕੀਆਂ ਨੂੰ ਜਾਅਲੀ ਐਲਾਨ ਦਿੱਤਾ। ਅਦਾਲਤੀ ਸੂਤਰਾਂ ਅਨੁਸਾਰ ਹਾਈ ਕੋਰਟ ਦੇ ਰਜਿਸਟਰਾਰ ਜਨਰਲ ਦਿੱਲੀ ਪੁਲਸ ਦੇ ਸੰਪਰਕ ਵਿੱਚ ਹਨ। ਸੂਤਰਾਂ ਨੇ ਦੱਸਿਆ ਕਿ ਈਮੇਲ ਵਿੱਚ "ਦਿੱਲੀ ਹਾਈ ਕੋਰਟ ਵਿੱਚ ਦੁਪਹਿਰ 2:11 ਵਜੇ ਧਮਾਕਾ ਕਰਨ" ਲਈ ਕਿਹਾ ਗਿਆ ਸੀ। ਸੂਚਨਾ ਮਿਲਣ ਤੋਂ ਬਾਅਦ ਹਾਈ ਕੋਰਟ ਦੇ ਅਹਾਤੇ ਵਿੱਚ ਬੰਬ ਨਿਰੋਧਕ ਦਸਤੇ ਅਤੇ ਸਨਿਫਰ ਡਾਗ ਤਾਇਨਾਤ ਕੀਤੇ ਗਏ ਸਨ ਅਤੇ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਸੀ। ਆਜ਼ਾਦੀ ਦਿਵਸ ਦੇ ਜਸ਼ਨਾਂ ਦੇ ਮੱਦੇਨਜ਼ਰ ਕਈ ਏਜੰਸੀਆਂ ਨੇ ਰਾਜਧਾਨੀ ਭਰ 'ਚ ਵੱਖ-ਵੱਖ ਥਾਵਾਂ 'ਤੇ ਤਲਾਸ਼ੀ ਤੇ ਸੁਰੱਖਿਆ ਜਾਂਚ ਸ਼ੁਰੂ ਕਰ ਦਿੱਤੀ ਹੈ। ਉਹ ਹਾਈ ਅਲਰਟ 'ਤੇ ਵੀ ਹਨ। ਪੁਲਸ ਸੂਤਰਾਂ ਨੇ ਕਿਹਾ ਕਿ ਹੁਣ ਤੱਕ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ। ਸੂਤਰਾਂ ਨੇ ਕਿਹਾ "ਹੁਣ ਤੱਕ ਤਲਾਸ਼ੀ ਦੌਰਾਨ ਕਿਸੇ ਵੀ ਸਥਾਨ 'ਤੇ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ," ਤੇ ਅੱਗੇ ਕਿਹਾ ਕਿ ਹੋਰ ਜਾਂਚ ਜਾਰੀ ਹੈ।

## ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਘਰ 'ਤੇ ਫਾਇਰਿੰਗ !

**ਅੰਮ੍ਰਿਤਸਰ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਘਰ ਦੇ ਬਾਹਰ ਫਾਇਰਿੰਗ ਦੀ ਖਬਰ ਆ ਰਹੀ ਹੈ। ਘਰ ਦੇ ਬਾਹਰ ਗੋਲੀ ਦਾ ਖੋਲ ਵੀ ਮਿਲਿਆ ਹੈ। ਮਿਲੀ ਜਾਣਕਾਰੀ ਮੁਤਾਬਕ 12 ਅਗਸਤ ਨੂੰ ਰਾਤ 11 ਵਜੇ ਦੇ ਕਰੀਬ ਗਿਆਨੀ ਰਘਬੀਰ ਸਿੰਘ ਦੇ ਘਰ ਦੇ ਬਾਹਰ ਆਵਾਜ਼ ਸੁਣਾਈ ਦਿੱਤੀ। ਗਿਆਨੀ ਰਘਬੀਰ ਸਿੰਘ ਦੇ ਅਨੁਸਾਰ ਸੀਸੀਟੀਵੀ ਫੁਟੇਜ ਵਿੱਚ ਇਹ ਆਵਾਜ਼ ਸੁਣਾਈ ਦੇ ਰਹੀ ਹੈ। ਕੱਲ੍ਹ ਸ਼ਾਮ ਨੂੰ ਡਰਾਈਵਰ ਨੇ ਗੱਡੀ 'ਤੇ ਗੋਲੀਆਂ ਦੇ ਨਿਸ਼ਾਨ ਦੇਖੇ। ਅੰਮ੍ਰਿਤਸਰ ਸਥਿਤ ਰਿਹਾਇਸ਼ 'ਤੇ ਗੋਲੀ ਚੱਲੀ ਹੈ। ਗੋਲੀ ਦਾ ਖੋਲ ਵੀ ਬਰਾਮਦ ਹੋਇਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਅੰਮ੍ਰਿਤਸਰ ਸਥਿਤ ਰਿਹਾਇਸ਼ ਦੇ ਬਾਹਰ ਫਾਇਰਿੰਗ ਦੀ ਘਟਨਾ ਵਾਪਰੀ ਹੈ।



ਇਸ ਦੌਰਾਨ ਉਨ੍ਹਾਂ ਦੀ ਗੱਡੀ 'ਤੇ ਵੀ ਗੋਲੀ ਦੇ ਨਿਸ਼ਾਨ ਪਾਏ ਗਏ ਹਨ। ਗਿਆਨੀ ਰਘਬੀਰ ਸਿੰਘ ਨੇ ਦੱਸਿਆ ਕਿ ਡਰਾਈਵਰ ਨੇ ਗੱਡੀ ਸਾਫ਼ ਕਰਦੇ ਸਮੇਂ ਗੱਡੀ ਵਿੱਚ ਫਸੀ ਹੋਈ ਗੋਲੀ ਦੇਖੀ। ਇਸ ਤੋਂ ਬਾਅਦ ਉਨ੍ਹਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਅਤੇ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਨੇ ਖੁਦ ਸੀਸੀਟੀਵੀ ਕੈਮਰੇ ਚੈੱਕ ਕੀਤੇ ਤਾਂ 12 ਤਾਰੀਖ਼ ਨੂੰ ਰਾਤ ਕਰੀਬ 11 ਵਜੇ ਇੱਕ ਆਵਾਜ਼ ਸੁਣਾਈ ਦਿੱਤੀ। ਫੁਟੇਜ ਵਿੱਚ ਇੱਕ ਨੌਜਵਾਨ ਫੋਨ 'ਤੇ ਗੱਲ ਕਰ ਰਿਹਾ ਸੀ ਅਤੇ ਗੇੜੇ ਦਿੰਦਾ ਦਿਖਾਈ ਦਿੱਤਾ। ਸਾਬਕਾ ਜਥੇਦਾਰ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਨੂੰ ਪਹਿਲਾਂ ਕੋਈ ਧਮਕੀ ਭਰਿਆ ਕਾਲ ਨਹੀਂ ਆਇਆ ਸੀ। ਉਨ੍ਹਾਂ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ 15 ਅਗਸਤ ਦੇ ਮੱਦੇਨਜ਼ਰ ਸੁਰੱਖਿਆ ਸਖ਼ਤ ਹੋਣ ਦੇ ਬਾਵਜੂਦ ਇਸ ਤਰ੍ਹਾਂ ਦੀ ਘਟਨਾ ਵਾਪਰਨਾ ਵੱਡਾ ਸਵਾਲ ਖੜ੍ਹਾ ਕਰਦੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ।

## ਦੇਸ਼ ਵਿਰੋਧੀ ਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਪੰਜਾਬ ਦੀ ਸ਼ਾਂਤੀ ਭੰਗ ਨਹੀਂ ਕਰਨ ਦਿਆਂਗੇ : ਸੁਖਬੀਰ ਸਿੰਘ ਬਾਦਲ

**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਜ਼ੋਰ ਦੇ ਕੇ ਕਿਹਾ ਕਿ ਉਹ ਦੇਸ਼ ਵਿਰੋਧੀ ਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਸੂਬੇ ਵਿਚਲੇ ਹਾਲਾਤ ਦਾ ਲਾਹਾ ਲੈ ਕੇ ਇਥੇ ਸ਼ਾਂਤੀ ਭੰਗ ਕਰਨ ਦੀ ਆਗਿਆ ਕਦੇ ਨਹੀਂ ਦੇਣਗੇ। ਇਥੇ ਗੁਰਦੁਆਰਾ ਸਾਹਿਬ ਵਿਚ ਹੋਏ ਕਾਤਲਾਨਾ ਹਮਲੇ ਵਿਚ ਗੰਭੀਰ ਜ਼ਖ਼ਮੀ ਹੋਣ ਮਗਰੋਂ ਪਹਿਲਾ ਪ੍ਰਤੀਕਰਮ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਮੇਰੇ ਪਿਤਾ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਕਦੇ ਵੀ ਇਹਨਾਂ ਤਾਕਤਾਂ ਨਾਲ ਸਮਝੌਤਾ ਨਹੀਂ ਕੀਤਾ, ਜੋ ਪਹਿਲਾਂ ਵੀ ਇਥੇ ਸਰਗਰਮ ਸਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਹੁੰਦਿਆਂ ਸਰਦਾਰ ਬਾਦਲ ਨੇ ਹਮੇਸ਼ਾ ਪੰਜਾਬ ਵਿਚ ਸਾਰੇ ਧਾਰਮਿਕ ਭਾਈਚਾਰਿਆਂ ਵਿਚ ਆਪਸੀ ਭਾਈਚਾਰਕ ਸਾਂਝ ਬਣਾ ਕੇ ਰੱਖੀ। ਉਨ੍ਹਾਂ ਨੇ ਕਿਹਾ ਕਿ ਸਾਰੇ ਧਰਮਾਂ ਦਾ ਸਤਿਕਾਰ ਸਾਡੀ ਅਧਿਕਾਰਤ ਨੀਤੀ ਦਾ ਧੁਰਾ ਹੈ।



ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇਸ ਫਲਸਫੇ ਦੀਆਂ ਵਿਰੋਧੀ ਤਾਕਤਾਂ ਨੇ ਡੇਢ ਸਾਲ ਪਹਿਲਾਂ ਵੀ ਉਹਨਾਂ 'ਤੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਹਮਲਾ ਕੀਤਾ ਸੀ। ਉਹਨਾਂ ਕਿਹਾ ਕਿ ਹੁਣ ਵੀ ਮੇਰੇ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਸਭ ਤੋਂ ਪਵਿੱਤਰ ਅਸਥਾਨਾਂ ਵਿਚੋਂ ਇਕ 'ਤੇ ਹਮਲਾ ਕੀਤਾ ਗਿਆ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਉਹਨਾਂ ਨੂੰ ਡਰਾ ਨਹੀਂ ਸਕਦੀਆਂ ਤੇ ਉਹ ਇਹਨਾਂ ਤਾਕਤਾਂ ਅੱਗੇ ਕਦੇ ਨਹੀਂ ਝੁਕਣਗੇ। ਉਹਨਾਂ ਕਿਹਾ ਕਿ ਅਸੀਂ ਦੇਸ਼ ਅਤੇ ਪੰਜਾਬ ਵਿਚ ਧਾਰਮਿਕ ਭਾਈਚਾਰਕ ਸਾਂਝ ਅਤੇ ਤਰੱਕੀ ਤੇ ਖੁਸ਼ਹਾਲੀ ਵਾਸਤੇ ਕੁਰਬਾਨੀ ਦੇਣ ਲਈ ਹਮੇਸ਼ਾ ਤਿਆਰ ਹਾਂ। ਇਹੀ ਸਾਡੀ ਤਰਜੀਹ ਸੀ, ਹੈ ਤੇ ਰਹੇਗੀ। ਸਾਹਿਬ ਏ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਆਪਣੇ ਅਸਥਾਨ 'ਤੇ ਇਸ ਹਮਲੇ ਦੌਰਾਨ ਹੱਥ ਦੇ ਕੇ ਰੱਖਣ ਲਈ ਸ਼ੁਕਰਾਨਾ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਭਾਵੇਂ ਦੁਸ਼ਮਣਾਂ ਨੇ ਮੈਨੂੰ ਖ਼ਤਮ ਕਰਨ ਦੇ ਯਤਨ ਕੀਤੇ ਪਰ ਗੁਰੂ ਸਾਹਿਬ ਨੇ ਆਪ ਹੱਥ ਰੱਖ ਕੇ ਮੇਰੀ ਰੱਖਿਆ ਕੀਤੀ ਹੈ। ਅਕਾਲ ਪੁਰਖ ਦਾ ਮੈਂ ਕੋਟਿ ਕੋਟਿ ਸ਼ੁਕਰਾਨਾ ਕਰਦਾ ਹਾਂ ਤੇ ਮੇਰਾ ਮੰਨਣਾ ਹੈ ਕਿ ਜਿਹਨਾਂ 'ਤੇ ਗੁਰੂ ਦੀ ਮਿਹਰ ਹੋਵੇ, ਕੋਈ ਜਿੰਨਾ ਮਰਜ਼ੀ ਜ਼ੋਰ ਲਗਾ ਲਵੇ ਉਹਨਾਂ ਦਾ ਕਦੇ ਵਾਲ ਵੀ ਵਿੰਗਾ ਨਹੀਂ ਕਰ ਸਕਦਾ। ਇਸ ਦੌਰਾਨ ਬਠਿੰਡਾ ਦੇ ਐਮ ਪੀ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਅਕਾਲੀ ਦਲ ਪ੍ਰਧਾਨ ਦੀ ਸਿਹਤ ਦਾ ਹਾਲ ਚਾਲ ਜਾਨਣ ਲਈ ਉਹਨਾਂ ਨੂੰ ਨਿੱਜੀ ਤੌਰ 'ਤੇ ਫੋਨ ਕਰਨ ਲਈ ਉਹਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਨੇ ਪ੍ਰਧਾਨ ਮੰਤਰੀ ਵੱਲੋਂ ਘਟਨਾ ਦਾ ਤੁਰੰਤ ਨੋਟਿਸ ਲੈਣ ਅਤੇ ਕੇਂਦਰੀ ਏਜੰਸੀਆਂ ਨੂੰ ਜਾਂਚ ਵਿਚ ਮਹਾਰਾਸ਼ਟਰ ਸਰਕਾਰ ਨਾਲ ਸਹਿਯੋਗ ਕਰਨ ਦੀ ਹਦਾਇਤ ਦੇਣ ਦਾ ਵੀ ਧੰਨਵਾਦ ਕੀਤਾ। ਉਹਨਾਂ ਨੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦਾ ਵੀ ਧੰਨਵਾਦ ਕੀਤਾ ਜਿਹਨਾਂ ਨੇ ਔਖੇ ਵੇਲੇ ਉਹਨਾਂ ਤੱਕ ਪਹੁੰਚ ਕੀਤੀ ਅਤੇ ਇਸ ਮੰਦਭਾਗੀ ਘਟਨਾ ਦੀ ਪ੍ਰਭਾਵਸ਼ਾਲੀ ਜਾਂਚ ਯਕੀਨੀ ਬਣਾਈ।

## ਭਾਈ ਬਲਵੰਤ ਸਿੰਘ ਰਾਜੋਆਣਾ ਨੇ ਚਿੱਠੀ ਲਿਖ ਕੇ ਹਮਲੇ ਦੀ ਕੀਤੀ ਨਿੰਦਾ

**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ 'ਚ ਸਜ਼ਾਯਾਫ਼ਤਾ ਭਾਈ ਬਲਵੰਤ ਸਿੰਘ ਰਾਜੋਆਣਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ। ਉਨ੍ਹਾਂ ਨੇ ਅਕਾਲੀ ਦਲ ਦੇ ਪ੍ਰਧਾਨ 'ਤੇ ਹਮਲੇ ਨੂੰ ਕਿਸੇ ਵੱਡੀ ਸਾਜਿਸ਼ ਦਾ ਹਿੱਸਾ ਦੱਸਿਆ ਅਤੇ ਸਵਾਲ ਖੜੇ ਕੀਤੇ ਹਨ ਕਿ ਜੇਕਰ ਅਕਾਲੀ ਦਲ ਦੀ ਸਰਕਾਰ ਸਮੇਂ ਬੇਅਦਬੀ ਲਈ ਉਸ ਸਮੇਂ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਜ਼ਿੰਮੇਵਾਰ ਮੰਨੇ ਜਾਂਦੇ ਹਨ ਤਾਂ ਕੀ ਉਸ ਤੋਂ ਬਾਅਦ ਕਾਂਗਰਸ ਲੀਡਰ ਅਤੇ ਹੁਣ ਆਮ ਆਮ ਆਦਮੀ ਪਾਰਟੀ 'ਚ ਬੇਅਦਬੀਆਂ ਲਈ ਮੁੱਖ ਮੰਤਰੀ ਭਗਵੰਤ ਮਾਨ ਜ਼ਿੰਮੇਵਾਰ ਨਹੀਂ ਹਨ ? ਰਾਜੋਆਣਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਦੇ ਦਰਸ਼ਨ ਕਰਨ ਲਈ ਜਾਣ ਵਾਲੇ ਵਿਅਕਤੀ 'ਤੇ ਉੱਥੇ ਹਮਲਾ ਕਰਨਾ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਸੁਖਬੀਰ ਸਿੰਘ ਬਾਦਲ ਅਤੇ ਉਨ੍ਹਾਂ ਦੇ ਪਰਿਵਾਰ ਦੀ ਚੜ੍ਹਦੀਕਲਾ ਅਤੇ ਚੰਗੀ ਸਿਹਤ ਲਈ ਅਰਦਾਸ ਕਰਨ ਦੀ ਗੱਲ ਵੀ ਕਹੀ। ਭਾਈ ਰਾਜੋਆਣਾ ਨੇ ਕਿਹਾ ਕਿ ਕੋਈ ਵੀ ਗੁਰੂ ਘਰ ਆਏ ਸਿੱਖ 'ਤੇ ਗੁਰੂ ਦਾ ਸਿੱਖ ਹਮਲਾ ਨਹੀਂ ਕਰਦਾ, ਭਾਵੇਂ ਸਾਹਮਣੇ ਵਾਲਾ ਉਸ ਦਾ ਕਿੰਨਾ ਵੀ ਵੱਡਾ ਦੁਸ਼ਮਣ ਕਿਉਂ ਨਾ ਹੋਵੇ। ਉਨ੍ਹਾਂ ਅਨੁਸਾਰ ਗੁਰੂ ਘਰ ਵਿੱਚ ਕੀਤਾ ਗਿਆ ਅਜਿਹਾ ਹਮਲਾ ਗੁਰੂ ਮਰਿਆਦਾ, ਸਿੱਖੀ ਸਿਧਾਂਤਾਂ ਅਤੇ ਸਿੱਖ ਪਰੰਪਰਾਵਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਸੁਖਬੀਰ ਸਿੰਘ ਬਾਦਲ ਦੇ ਨਾਲ-ਨਾਲ ਹਰਸਿਮਰਤ ਕੌਰ ਬਾਦਲ ਦੀ ਚੰਗੀ ਸਿਹਤ ਲਈ ਵੀ ਅਰਦਾਸ ਕੀਤੀ। ਭਾਈ ਰਾਜੋਆਣਾ ਨੇ ਆਪਣੇ ਪੱਤਰ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨ ਲਈ ਪਿਛਲੇ ਸਮੇਂ ਵਿੱਚ ਅਕਾਲੀ ਆਗੂਆਂ 'ਤੇ ਹੋਏ ਹਮਲਿਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਿੱਖ ਸਿਧਾਂਤਾਂ 'ਤੇ ਪਹਿਰਾ ਦੇਣ ਵਾਲੀ ਪਾਰਟੀ ਹੋਣ ਕਰਕੇ ਸਿੱਖ ਵਿਰੋਧੀ ਤਾਕਤਾਂ ਦੀਆਂ ਅੱਖਾਂ ਵਿੱਚ ਹਮੇਸ਼ਾ ਰੜਕਦਾ ਰਿਹਾ ਹੈ। ਉਨ੍ਹਾਂ ਨੇ ਪਿਛਲੇ ਸਮੇਂ ਵਿੱਚ ਅਕਾਲੀ ਆਗੂਆਂ ਨਾਲ ਵਾਪਰੀਆਂ ਘਟਨਾਵਾਂ ਨੂੰ ਵੀ ਇਸੇ ਸੰਦਰਭ ਵਿੱਚ ਯਾਦ ਕੀਤਾ। ਪੱਤਰ ਵਿੱਚ ਹਰਚੰਦ ਸਿੰਘ ਲੌਂਗੋਵਾਲ ਦੇ ਕਤਲ, ਜਥੇਦਾਰ ਜਗਦੇਵ ਸਿੰਘ ਤਲਵੰਡੀ ਅਤੇ ਜਥੇਦਾਰ ਗੁਰਚਰਨ ਸਿੰਘ ਟੌਹੜਾ 'ਤੇ ਹੋਏ ਜਾਨਲੇਵਾ ਹਮਲਿਆਂ ਦਾ ਜ਼ਿਕਰ ਕੀਤਾ ਗਿਆ ਹੈ। ਇਸ ਤੋਂ ਇਲਾਵਾ 1991 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ 28 ਅਕਾਲੀ ਉਮੀਦਵਾਰਾਂ ਦੇ ਕਤਲ ਦਾ ਵੀ ਹਵਾਲਾ ਦਿੱਤਾ ਗਿਆ ਹੈ। ਭਾਈ ਰਾਜੋਆਣਾ ਨੇ ਕਿਹਾ ਕਿ ਅਤੀਤ ਵਿੱਚ ਵੀ ਅਕਾਲੀ ਦਲ ਦੇ ਆਗੂਆਂ ਨੂੰ ਨਿਸ਼ਾਨਾ ਬਣਾਇਆ ਜਾਂਦਾ ਰਿਹਾ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਨੇ ਇਹ ਦੋਸ਼ ਵੀ ਲਗਾਇਆ ਕਿ ਵਿਰੋਧੀ ਰਾਜਨੀਤਿਕ ਪਾਰਟੀਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਅਕਾਲੀ ਦਲ ਨਾਲ ਜੋੜ ਕੇ ਇੱਕ ਸਾਜ਼ਿਸ਼ ਤਹਿਤ ਖ਼ਾਲਸਾ ਪੰਥ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਸੁਖਬੀਰ ਬਾਦਲ 'ਤੇ ਹੋਏ ਹਮਲੇ ਨੂੰ ਵੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਦੱਸਦਿਆਂ ਇਸ ਦੀ ਨਿਖੇਧੀ ਕੀਤੀ। ਖਾਲਸਾ ਪੰਥ ਨੂੰ ਲਿਖੀ ਚਿੱਠੀ ਵਿੱਚ ਬਲਵੰਤ ਸਿੰਘ ਰਾਜੂਆਣਾ ਨੇ ਸਵਾਲ ਖੜ੍ਹੇ ਕੀਤੇ ਕਿ ਜੇਕਰ ਅਕਾਲੀ ਦਲ ਦੀ ਸਰਕਾਰ ਸਮੇਂ ਹੋਈਆਂ ਬੇਅਦਬੀਆਂ ਦੀ ਘਟਨਾਵਾਂ ਦੇ ਲਈ ਉਸ ਸਮੇਂ ਦੇ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਜਿੰਮੇਵਾਰ ਹਨ ਤਾਂ ਉਸ ਤੋਂ ਬਾਅਦ ਕਾਂਗਰਸ ਅਤੇ ਮੌਜੂਦਾ ਸਰਕਾਰ ਦੇ ਸਮੇਂ ਹੋਈਆਂ ਬੇਅਦਬੀਆਂ ਦੇ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਚਰਨਜੀਤ ਸਿੰਘ ਚੰਨੀ ਅਤੇ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿੰਮੇਵਾਰ ਕਿਉਂ ਨਹੀਂ ਹਨ ?



## ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅੰਬਾਲਾ 'ਚ ਸਿੱਖਾਂ 'ਤੇ ਹਰਿਆਣਾ ਪੁਲਿਸ ਦੇ ਲਾਠੀਚਾਰਜ ਤੇ ਅੱਥਰੂ ਗੈਸ ਦੀ ਵਰਤੋਂ ਦੀ ਸਖ਼ਤ ਨਿੰਦਾ

**ਅੰਮ੍ਰਿਤਸਰ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹਰਿਆਣਾ ਪੁਲਿਸ ਵੱਲੋਂ ਬੀਤੀ ਰਾਤ ਅੰਬਾਲਾ ਵਿਖੇ ਸ਼ਾਂਤਮਈ ਧਰਨਾ ਦੇ ਰਹੀ ਸਿੱਖ ਸੰਗਤ ਉੱਤੇ ਲਾਠੀਚਾਰਜ ਕਰਨ ਅਤੇ ਅੱਥਰੂ ਗੈਸ ਦੇ ਗੋਲੇ ਦਾਗਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਇੱਕ ਪਾਸੇ ਹਰਿਆਣਾ ਸਰਕਾਰ ਸਿੱਖ ਸੰਗਤ ਨਾਲ ਗੱਲਬਾਤ ਕਰ ਰਹੀ ਸੀ ਅਤੇ ਦੂਜੇ ਪਾਸੇ ਅਚਾਨਕ ਉਨ੍ਹਾਂ ਉੱਤੇ ਹਮਲਾ ਕਰਨਾ ਬੇਹੱਦ ਮੰਦਭਾਗਾ ਹੈ ਅਤੇ ਇਹ ਨਿਆਂਪੂਰਣ ਕਾਰਵਾਈ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਵਿੱਚ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਤੋਂ ਇਲਾਵਾ ਕਈ ਮੈਂਬਰ ਤੇ ਮੁਲਾਜ਼ਮ, ਸਿੱਖ ਸੰਗਤਾਂ ਅਤੇ ਪੁਲਿਸ ਜਵਾਨ ਵੀ ਫੱਟੜ ਹੋਏ ਹਨ। ਜਥੇਦਾਰ ਗੜਗੱਜ ਨੇ ਝੀਂਡਾ ਨਾਲ ਫ਼ੋਨ ਉੱਤੇ ਗੱਲਬਾਤ ਕਰਕੇ ਉਨ੍ਹਾਂ ਦੀ ਅਤੇ ਫੱਟੜ ਸਿੱਖਾਂ ਦੀ ਸਿਹਤ ਦਾ ਹਾਲ ਜਾਣਿਆ ਤੇ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ। ਝੀਂਡਾ ਨੇ ਦੱਸਿਆ ਕਿ ਜਦੋਂ ਸਰਕਾਰ ਨਾਲ ਗੱਲਬਾਤ ਚੱਲ ਰਹੀ ਸੀ ਤਾਂ ਇਸ ਤਰ੍ਹਾਂ ਪੁਲਿਸ ਵੱਲੋਂ ਸਿੱਖ ਸੰਗਤ ਉੱਤੇ ਹਮਲਾ ਕਰਨਾ ਠੀਕ ਨਹੀਂ ਸੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਜੇਕਰ ਸਰਕਾਰ ਚਾਹੁੰਦੀ ਤਾਂ ਇਹ ਮਾਮਲਾ ਬਹੁਤ ਤੇ ਸਹਿਜ ਤੇ ਸੂਝਬੂਝ ਨਾਲ ਗੱਲਬਾਤ ਰਾਹੀਂ ਹੀ ਹੱਲ ਹੋ ਜਾਣਾ ਸੀ। ਜਦੋਂ ਆਪਸ ਵਿੱਚ ਗੱਲਬਾਤ ਚੱਲ ਰਹੀ ਸੀ ਤਾਂ ਇਸ ਤਰ੍ਹਾਂ ਅਚਾਨਕ ਸਰਕਾਰ ਦੀ ਤਰਫ਼ੋਂ ਸਿੱਖਾਂ ਉੱਤੇ ਬਲ ਦੀ ਵਰਤੋਂ ਕਰਨਾ ਗਲਤ ਹੈ, ਜਿਸ ਦੀ ਜਾਂਚ ਹੋਣੀ ਚਾਹੀਦੀ ਹੈ ਕਿ ਅਜਿਹਾ ਕਿਉਂ ਹੋਇਆ। ਉਨ੍ਹਾਂ ਸਵਾਲ ਕੀਤਾ ਕਿ ਕਿਤੇ ਜਾਣਬੁੱਝ ਕੇ ਸ਼ਾਂਤਮਈ ਧਰਨੇ ਪ੍ਰਦਰਸ਼ਨ ਨੂੰ ਬਦਨਾਮ ਕਰਨ ਅਤੇ ਪੁਲਿਸ ਨੂੰ ਉਕਸਾਉਣ ਲਈ ਰਾਤ ਦੇ ਸਮੇਂ ਸਿੱਖ ਵਿਰੋਧੀ ਸ਼ਕਤੀਆਂ ਵੱਲੋਂ ਧਰਨੇ ਵਿੱਚ ਸ਼ਰਾਰਤੀ ਅਨਸਰਾਂ ਦੀ ਘੁਸਪੈਠ ਕਰਵਾ ਕੇ ਗਲਤ ਕਾਰਵਾਈਆਂ ਤਾਂ ਨਹੀਂ ਕੀਤੀਆਂ ਗਈਆਂ, ਇਸ ਦੀ ਗੰਭੀਰਤਾ ਨਾਲ ਜਾਂਚ ਹੋਣੀ ਚਾਹੀਦੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਹਰਿਆਣਾ ਸਰਕਾਰ ਨੇ ਸਮਾਂ ਰਹਿੰਦਿਆਂ ਗੁਰਦੁਆਰਾ ਪੰਜੋਖਰਾ ਸਾਹਿਬ ਵਿਖੇ ਅੱਠਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸਿੱਖ ਸੰਗਤ ਉੱਤੇ ਗੱਡੀ ਚੜ੍ਹਾਉਣ ਵਾਲੇ ਦੋਸ਼ੀਆਂ ਵਿਰੁੱਧ ਸਿੱਖ ਭਾਵਨਾਵਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਹੁੰਦੀ ਤਾਂ ਇਸ ਸਥਿਤੀ ਤੋਂ ਬਚਿਆ ਜਾ ਸਕਦਾ ਸੀ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਪੜ੍ਹੀਐ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ | WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ | Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor **Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

## 16 ਅਗਸਤ ਨੂੰ ਬਰਸੀ 'ਤੇ ਵਿਸ਼ੇਸ਼

# ਵਿੱਦਿਆ ਮਾਰਤੰਡ ਤੇ ਬ੍ਰਹਮ-ਗਿਆਨੀ ਸਨ : ਸੰਤ ਕਰਤਾਰ ਸਿੰਘ ਭਿੰਡਰਾਂਵਾਲੇ

**ਬ੍ਰਹਮ-ਗਿਆਨੀ**, ਵਿੱਦਿਆ ਮਾਰਤੰਡ, ਸੰਤ-ਸਿਪਾਹੀ ਸੰਤ ਗਿਆਨੀ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ 21 ਅਕਤੂਬਰ 1932 ਈ: 5 ਕੱਤਕ ਸੰਮਤ 1989 ਬਿਕਰਮੀ ਨੂੰ ਜਥੇਦਾਰ ਝੰਡਾ ਸਿੰਘ ਦੇ ਘਰ ਮਾਤਾ ਲਾਭ ਕੌਰ ਦੀ ਕੁੱਖ ਤੋਂ ਪਿੰਡ ਭੂਰੇ ਕੋਹਨਾ ਤਹਿਸੀਲ ਪੱਟੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਬਾਬਾ ਝੰਡਾ ਸਿੰਘ ਜੀ ਪੂਰਨ ਗੁਰਸਿੱਖ ਤੇ ਪੰਥ ਲਈ ਹਰ ਸਮੇਂ ਹਰ ਪ੍ਰਕਾਰ ਦੀ ਸੇਵਾ ਲਈ ਤੱਤਪਰ ਰਹਿੰਦੇ। ਮਾਤਾ-ਪਿਤਾ ਦੇ ਸਿੱਖੀ ਵਿੱਚ ਪ੍ਰਪੱਕ ਹੋਣ ਕਰਕੇ ਸੰਤ ਜੀ ਬਚਪਨ ਤੋਂ ਹੀ ਧਾਰਮਿਕ ਰੁਚੀ ਦੇ ਮਾਲਕ ਸਨ। ਸੰਤ ਜੀ ਨੇ ਸਕੂਲੀ ਵਿੱਦਿਆ ਮਿਡਲ ਤੱਕ ਖੇਮਕਰਨ, ਮੈਟ੍ਰਿਕ ਭਿੱਖੀਵਿੰਡ ਤੋਂ ਅਤੇ ਉਚੇਰੀ ਵਿੱਦਿਆ ਖ਼ਾਲਸਾ

ਆਵਾਜ਼ਿ ਕੌਮ AWAZE QAUM International Newspaper & WEB TV

ਕਾਲਜ ਅੰਮ੍ਰਿਤਸਰ ਤੋਂ ਐਫ.ਏ.ਪਾਸ ਕੀਤੀ। ਪਿੰਡ ਦੇ ਬਜ਼ੁਰਗ ਬੱਗਾ ਸਿੰਘ ਜੀ ਪਾਸੋਂ ਪੰਜ ਸਾਲ ਦੀ ਉਮਰ ਵਿੱਚ ਜਪੁਜੀ ਸਾਹਿਬ ਬਾਣੀ ਜ਼ਬਾਨੀ ਕੰਠ ਕਰ ਲਈ। ਕਾਲਜ ਵਿੱਚ ਪੜ੍ਹਦੇ ਸਮੇਂ ਆਪ ਪੰਜ ਗ੍ਰੰਥੀ ਅਤੇ 25 ਪਾਠ ਜਪੁਜੀ ਸਾਹਿਬ ਦੇ ਰੋਜ਼ਾਨਾ ਕਰਦੇ ਸਨ। ਸੰਤ ਜੀ ਨੇ ਸੰਤ ਗੁਰਬਚਨ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਕੋਲ ਪਿੰਡ ਭਿੰਡਰਾਂ ਆ ਕੇ ਪੰਜ ਪਿਆਰਿਆਂ ਕੋਲੋਂ ਖੰਡੇ-ਬਾਟੇ ਦਾ ਅੰਮ੍ਰਿਤਪਾਨ ਕੀਤਾ ਤੇ ਗੁਰੂ ਵਾਲੇ ਬਣੇ। ਉਹਨਾਂ ਦਾ 18 ਸਾਲ ਦੀ ਉਮਰ ਵਿੱਚ ਬੀਬੀ ਨਿਰੰਜਨ ਕੌਰ ਸਪੁੱਤਰੀ ਸ੍ਰ: ਕਰਤਾਰ ਸਿੰਘ ਨਾਲ 1950 ਈ: ਵਿੱਚ ਪੂਰਨ ਗੁਰਮਰਯਾਦਾ ਅਨੁਸਾਰ ਵਿਆਹ ਹੋਇਆ। ਆਪ ਦੇ ਗ੍ਰਹਿ ਦੋ ਲੜਕਿਆਂ ਭਾਈ ਅਮਰੀਕ ਸਿੰਘ ਤੇ ਭਾਈ ਮਨਜੀਤ ਸਿੰਘ ਨੇ ਜਨਮ ਲਿਆ। ਭਾਈ ਅਮਰੀਕ ਸਿੰਘ ਜੀ 1984 ਵਿੱਚ ਸ਼੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ ਸਮੇਂ ਫ਼ੌਜ ਨਾਲ ਲੜਦੇ ਸ਼ਹੀਦੀ ਪਾ ਗਏ। ਸੰਤ ਕਰਤਾਰ ਸਿੰਘ ਨੇ ਖੇਤੀ ਵੀ ਕੀਤੀ ਤੇ ਆਪਣੇ ਪਿਤਾ ਜਥੇਦਾਰ ਝੰਡਾ ਸਿੰਘ ਜੀ ਦੇ ਹੁਕਮ ਨੂੰ ਮੰਨਦਿਆਂ ਸ਼੍ਰੀ ਮੁਕਤਸਰ ਸਾਹਿਬ ਵਿਖੇ ਪਟਵਾਰੀ ਦੀ ਨੌਕਰੀ ਕੀਤੀ। ਗੁਰਮਤਿ ਵਿੱਚ ਲੀਨ ਰਹਿਣ ਕਾਰਨ ਤੇ ਨੌਕਰੀ ਵਿੱਚ ਮਨ ਨਾ ਲੱਗਣ ਕਾਰਨ 1957 ਈ: ਨੂੰ ਅਸਤੀਫ਼ਾ ਦੇ ਕੇ ਪੱਕੇ ਤੌਰ 'ਤੇ ਭਿੰਡਰਾਂਵਾਲਾ ਜਥੇ ਵਿੱਚ ਸ਼ਾਮਲ ਹੋ ਗਏ।

1958 ਈ: ਤੋਂ ਲੈ ਕੇ 1969 ਈ: ਤੱਕ ਆਪ ਸੰਤ ਗੁਰਬਚਨ ਸਿੰਘ ਜੀ ਖ਼ਾਲਸਾ ਦੇ ਗੜਵਈ ਰਹੇ। ਗੜਵਈ ਦੀ ਸੇਵਾ ਕਰਦਿਆਂ ਆਪ ਅੰਮ੍ਰਿਤ ਵੇਲੇ ਇਸ਼ਨਾਨ ਕਰਨ ਉਪਰੰਤ ਪੰਜ ਬਾਣੀਆਂ ਦਾ ਪਾਠ, ਸੱਤੇ ਬਲਵੰਡਿ ਦੀ ਵਾਰ, 25-30 ਅੰਗ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਸੁਣਾਉਣਾ, ਗੁਰਬਾਣੀ ਦੀ ਕਥਾ ਕਰਨੀ, ਛੋਟੇ ਵਿਦਿਆਰਥੀਆਂ/ਬੱਚਿਆਂ ਨੂੰ ਗੁਰਮਤਿ ਦੀ ਪੜ੍ਹਾਈ ਕਰਾਉਣੀ, ਜਥੇ ਨੂੰ ਲੰਗਰ-ਪਾਣੀ ਛਕਾਉਣਾ, ਸਿਮਰਨ ਕਰਨਾ ਆਦਿ। ਆਪ ਨੇ 11 ਸਾਲ ਗੜਵਈ ਦੀ ਸੇਵਾ ਪੂਰੀ



ਲਗਨ ਤੇ ਇਮਾਨਦਾਰੀ ਨਾਲ ਨਿਭਾਈ। 1964 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਤ ਚੰਨਣ ਸਿੰਘ ਨੇ ਗੁਰਬਾਣੀ ਦੇ ਮੰਗਲਾਂ ਦੀ ਸੁਧਾਈ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਨੂੰ ਸੌਂਪੀ ਤਾਂ ਆਪ ਨੇ ਸੰਤ ਜੀ ਦੀ ਦੇਖ-ਰੇਖ ਵਿੱਚ ਲਗਾਤਾਰ ਛੇ ਸਾਲ ਅੰਮ੍ਰਿਤਸਰ ਵਿੱਚ ਰਹਿ ਕੇ ਪੂਰੀ ਲਗਨ ਤੇ ਮਿਹਨਤ ਨਾਲ ਮੰਗਲਾਂ ਦੀ ਸੁਧਾਈ ਨੂੰ ਸਫਲਤਾ ਨਾਲ ਸੰਪੂਰਨ ਕੀਤਾ।

ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਹਾੜੇ ਵਾਲੇ ਦਿਨ ਤਖ਼ਤ ਸ਼੍ਰੀ ਪਟਨਾ ਸਾਹਿਬ ਵਿਖੇ 1966 ਈ: ਵਿੱਚ ਸੰਤ ਗਿਆਨੀ ਗੁਰਬਚਨ ਸਿੰਘ ਨੇ ਸਾਰੀ ਸੰਗਤ ਦੇ ਸਾਹਮਣੇ ਸੰਤ ਕਰਤਾਰ ਸਿੰਘ ਜੀ ਨੂੰ ਆਪਣੇ ਹੱਥੀਂ ਦਮਦਮੀ ਟਕਸਾਲ ਦੀ ਸੇਵਾ ਸੌਂਪੀ। 28 ਜੂਨ 1969 ਈ: ਵਿੱਚ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਭਿੰਡਰਾਂਵਾਲਾ ਦੇ ਪਿੰਡ ਮਹਿਤਾ ਵਿਖੇ ਸੱਚ-ਖੰਡ ਬਿਰਾਜਣ ਤੋਂ ਬਾਅਦ ਮਹਾਂਪੁਰਸ਼ਾਂ ਦੇ ਹੁਕਮ ਅਨੁਸਾਰ ਸਾਰੀਆਂ ਸਿੱਖ ਸੰਪਰਦਾਵਾਂ ਦੇ ਮੁਖੀਆਂ ਨੇ ਆਪ ਨੂੰ ਦਮਦਮੀ ਟਕਸਾਲ ਦਾ 13ਵਾਂ ਮੁਖੀ ਨਿਯੁਕਤ ਕੀਤਾ। ਆਪ ਨੇ ਗੁਰਬਾਣੀ, ਗੁਰਮਤਿ, ਗੁਰਸਿੱਖੀ ਦਾ ਪ੍ਰਚਾਰ ਜੰਗੀ ਪੱਧਰ 'ਤੇ ਕਰਕੇ ਦਮਦਮੀ ਟਕਸਾਲ ਦਾ ਨਾਂ ਵਿਸ਼ਵ ਭਰ ਵਿੱਚ ਪ੍ਰਸਿੱਧ ਕਰ ਦਿੱਤਾ। ਸੰਤ ਜੀ ਨੇ ਸੰਤ ਗੁਰਬਚਨ ਸਿੰਘ ਜੀ ਦੀ ਯਾਦ ਵਿੱਚ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਬਣਾਇਆ ਅਤੇ ਹੋਰ ਵੀ ਕਈ ਪਿੰਡਾਂ ਜਿਵੇਂ ਸਦਰਵਾਲਾ, ਕਾਦੀਆਂ, ਕਾਹਲਵਾਂ ਵਿੱਚ ਵੀ ਸੁੰਦਰ ਗੁਰਦੁਆਰੇ ਬਣਾਏ। ਸੰਤ ਜੀ ਪਾਸੋਂ ਪੜ੍ਹੇ ਹੋਏ ਸੈਂਕੜੇ ਵਿਦਿਆਰਥੀ ਪਾਠੀ, ਗ੍ਰੰਥੀ, ਕਥਾ-ਵਾਚਕ ਬਣ ਕੇ ਦੇਸ਼ਾਂ-ਵਿਦੇਸ਼ਾਂ ਵਿੱਚ ਰੋਜ਼ੀ-ਰੋਟੀ ਖਾਤਰ ਧਰਮ ਪ੍ਰਚਾਰ ਦੀ ਸੇਵਾ ਕਰ ਰਹੇ ਹਨ।

ਸੰਤ ਕਰਤਾਰ ਸਿੰਘ ਜੀ ਨੇ ਗੁਰੂ ਤੇਗ਼ ਬਹਾਦਰ ਜੀ ਦੇ 300 ਸਾਲਾ ਸ਼ਹੀਦੀ ਦਿਵਸ ਦੇ ਸੰਬੰਧ ਵਿੱਚ ਅਤੇ ਗੁਰਮਤਿ ਪ੍ਰਚਾਰ ਲਈ ਐਮਰਜੈਂਸੀ ਦੇ ਖ਼ਿਲਾਫ਼ 37 ਵੱਡੇ ਨਗਰ-ਕੀਰਤਨ ਸਜਾਏ ਗਏ ਅਤੇ ਨੌਜਵਾਨਾਂ ਨੂੰ ਸਿੱਖੀ ਸਰੂਪ ਵਿੱਚ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਆਪ ਨੇ ਅੱਠ ਸਾਲ ਦੇ ਗੁਰਮਤਿ ਪ੍ਰਚਾਰ ਸਮੇਂ ਵਿੱਚ ਲੱਖਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਦੇ ਲੜ ਲਾਇਆ।

3 ਅਗਸਤ 1977 ਈ: ਨੂੰ ਮਲਸੀਆਂ (ਜਲੰਧਰ) ਤੋਂ ਸੋਲਨ (ਹਿਮਾਚਲ ਪ੍ਰਦੇਸ਼) ਨੂੰ ਜਾ ਰਹੇ ਸਨ ਤਾਂ ਲੁਧਿਆਣਾ ਨੇੜੇ ਸੰਤ ਕਰਤਾਰ ਸਿੰਘ ਜੀ ਦੀ ਕਾਰ ਇੱਕ ਦਰਖ਼ਤ ਨਾਲ ਜਾ ਟਕਰਾਈ, ਇਸ ਹਾਦਸੇ ਵਿੱਚ ਸੰਤ ਜੀ ਸਖ਼ਤ ਜ਼ਖ਼ਮੀ ਹੋ ਗਏ, ਬਾਅਦ ਵਿੱਚ ਉਹਨਾਂ ਨੂੰ ਸੀ.ਐਮ.ਸੀ. ਹਸਪਤਾਲ ਦਾਖ਼ਲ ਕਰਵਾਇਆ ਗਿਆ, 13 ਦਿਨ ਉਹ ਜ਼ਿੰਦਗੀ ਮੌਤ ਨਾਲ ਸੰਘਰਸ਼ ਕਰਦੇ ਰਹੇ। 16 ਅਗਸਤ 1977 ਈ: ਨੂੰ ਸ਼ਾਮ ਸਵਾ ਛੇ ਵਜੇ ਸੰਤ ਕਰਤਾਰ ਸਿੰਘ ਜੀ 45 ਸਾਲ ਦੀ ਉਮਰ ਬਤੀਤ ਕਰਕੇ ਸੱਚ-ਖੰਡ ਜਾ ਬਿਰਾਜੇ।

ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਕਰਤਾਰ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ 47ਵੀਂ ਬਰਸੀ 16 ਅਗਸਤ ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਂਕ ਮਹਿਤਾ ਵਿਖੇ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ**
**ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**



ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

**ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ**

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

**ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ**

(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।



ਬੇਨਤੀ ਕਰਤਾ

**ਜਥੇਦਾਰ ਸਵਰਨਜੀਤ ਸਿੰਘ**

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV

# 15 ਅਗਸਤ 1947 : ਸਾਨੂੰ ਨ੍ਹੀਂ ਮਿਲੀ ਅਜ਼ਾਦੀ, ਸਾਡੀ ਤਾਂ ਹੋਈ ਬਰਬਾਦੀ


15 ਅਗਸਤ ਨੂੰ ਭਾਰਤ ਵਿੱਚ ਅਜ਼ਾਦੀ ਦਿਹਾੜੇ ਦੇ ਜਸ਼ਨ ਮਨਾਏ ਜਾਂਦੇ ਹਨ। ਇੱਕ ਦਿਨ ਪਹਿਲਾਂ ਪਾਕਿਸਤਾਨ ਵਿੱਚ ਵੀ ਜਸ਼ਨ ਹੁੰਦੇ ਨੇ। ਦੋਵੇਂ ਮੁਲਕਾਂ ਦੇ ਲੋਕ ਸਾਡੀ ਕੌਮ ਦਾ ਦਰਦ ਨਹੀਂ ਸਮਝਦੇ। 1947 ਮੌਕੇ ਦੋਹਾਂ ਮੁਲਕਾਂ ਵਿਚਾਲੇ ਸਾਡੀ ਪੰਜਾਬ ਦੀ ਧਰਤੀ ਵਿਚਾਲਿਓਂ ਵੰਡੀ ਗਈ। ਸਾਡੇ ਲੋਕਾਂ ਨੇ ਸਭ ਤੋਂ ਵੱਧ ਕਸ਼ਟ ਝੱਲਿਆ। ਸਾਡੇ ਬਜ਼ੁਰਗ ਕਹਿੰਦੇ ਹੁੰਦੇ ਸੀ ਕਿ "ਜਦ ਉਜਾੜੇ ਪਏ÷, ਬਿਲਕੁਲ ਓਦੋਂ ਸਾਡੇ ਘਰਾਂ ਵਿੱਚ ਉਜਾੜੇ ਹੀ ਪਏ ਸਨ। ਮੁਆਵਜ਼ਿਆਂ ਦੀ ਗੱਲ ਕਰਦੇ ਨੇ। ਕਹਿੰਦੇ ਨੇ ਵੱਟੇ ਵਿੱਚ ਜੋ ਦੇ ਸਕਦੇ ਸੀ ਮਿਲ ਗਿਆ ਹੈ। ਨਨਕਾਣਾ ਸਾਹਿਬ ਤੇ ਹੋਰ ਜਾਨੋਂ ਪਿਆਰੇ ਗੁਰਧਾਮਾਂ ਨੂੰ ਛੱਡ ਕੇ ਆਉਣ ਦਾ ਦਰਦ ਕਿਵੇਂ ਕੋਈ ਮਿਣ ਸਕਦਾ ? ਸਾਡੀ ਕੌਮ ਦੇ ਆਗੂਆਂ ਨੇ ਜਿਹੜੇ ਵਾਅਦਿਆਂ ਉੱਤੇ ਯਕੀਨ ਕੀਤਾ ਸੀ, ਅਗਲੇ ਸਾਫ਼ ਮੁੱਕਰ ਗਏ। ਕਹਿੰਦੇ "ਅਬ ਵਕਤ ਬਦਲ ਗਿਆ ਹੈ।"

ਅਗਲੇ ਮਾਲਕ ਬਣ ਬੈਠੇ ਤੇ ਅਸੀਂ ਗੁਲਾਮ। ਫੇਰ ਕਹਿੰਦੇ ਅਸੀਂ ਦੱਸਾਂਗੇ ਕਿ ਗ਼ੁਲਾਮਾਂ ਨੂੰ ਕੀ ਦੇਣਾ, ਕੀ ਖਾਣ-ਪਹਿਨਣਗੇ, ਇਹਨਾਂ ਦਾ ਦੋਸਤ ਕੌਣ ਹੈ ਤੇ ਦੁਸ਼ਮਣ ਕੌਣ ਹੈ, ਸਭ ਕੁਝ ਕਹਿੰਦੇ ਅਸੀਂ ਫ਼ੈਸਲੇ ਕਰਾਂਗੇ ਕਿਉਂਕਿ ਅਸੀਂ ਮਾਲਕ ਹਾਂ। ਤਖ਼ਤਾਂ ਤਾਜਾਂ ਦੇ ਮਾਲਕ, ਭਿਖਾਰੀਆਂ ਵਰਗੇ ਬਣਾ ਧਰੇ। ਵਕਤ ਦੀ ਕਾਲ਼ੀ ਬੋਲ਼ੀ ਹਨੇਰੀ ਨੇ ਸਾਨੂੰ ਕੱਖੋਂ ਹੌਲ਼ੇ ਕਰ ਦਿੱਤਾ। ਹਨੇਰੀਆਂ ਵਿੱਚ ਉੱਡਦੇ ਕੱਖ-ਕਾਨਿਆਂ ਵਾਂਗ ਅਸੀਂ ਰੁਲਦੇ ਫਿਰੇ। ਸਭ ਤੋਂ ਵੱਡੀ ਸੱਟ ਸੀ ਸਾਡੇ ਭਰੋਸਿਆਂ ਦਾ, ਸਾਡੇ ਵਿਸ਼ਵਾਸ਼ ਦਾ ਕਤਲ। ਕੀਹਦੇ ਕੋਲ ਜਾ ਕੇ ਰੋਈਏ ਕਿ ਸਾਡੇ ਨਾਲ਼ ਇਹਨਾਂ ਲਾਲ਼ਿਆਂ ਨੇ ਜੱਗੋਂ ਤੇਰਵੀਂ ਕੀਤੀ ਹੈ।

ਕਲਗੀਧਰ ਦੇ ਬੱਬਰ ਸ਼ੇਰ ਕਨੂੰਨ ਦੀ ਮਾਰ ਨਾਲ਼ ਸਰਕਾਰ ਦੇ ਸ਼ੇਰ ਬਣਾ ਧਰੇ। ਸੰਵਿਧਾਨ ਵਿੱਚ ਹਿੰਦੂ ਲਿਖ ਦਿੱਤਾ। ਕਹਿੰਦੇ ਬੇਸ਼ੱਕ ਸਿੱਖ ਹੋਵੋ ਪਰ ਤੁਹਾਡੀ ਸੰਵਿਧਾਨਕ ਪਛਾਣ ਹਿੰਦੂ ਹੋਵੇਗੀ ਤੇ ਵਿਆਹ ਬੇਸ਼ੱਕ ਅਨੰਦ ਕਾਰਜ ਕਰਵਾ ਲਵੋ ਪਰ ਸਰਟੀਫਿਕੇਟ ਹਿੰਦੂ ਵਿਆਹ ਕਨੂੰਨ ਤਹਿਤ ਹੀ ਮਿਲੇਗਾ। ਹਰ ਕਾਨੂੰਨ ਹਿੰਦੂਆਂ ਵਾਲ਼ਾ ਥੋਪ ਦਿੱਤਾ। ਕਹਿੰਦੇ ਰਹੋ ਕਿ "ਅਸੀਂ ਹਿੰਦੂ ਨਹੀਂ, ਅਸੀਂ ਸਿੱਖ ਹਾਂ।"

ਧੋਖਿਆਂ, ਧੱਕਿਆਂ, ਵਧੀਕੀਆਂ, ਬੇਵਫਾਈਆਂ ਦੀ ਦਾਸਤਾਨ ਐਨੀ ਲੰਮੀ ਹੈ ਕਿ ਸੁਣਾਉਂਦੇ ਹੰਭ ਜਾਈਏ ਤੇ ਸੁਣਨ ਵਾਲ਼ਾ ਵੀ ਸੋਚਦਾ ਰਹੇ ਕਿ ਕਦ ਮੁੱਕੇਗੀ ਇਹ ਬਾਤ। ਵੱਖਰੀ ਪਛਾਣ ਮੇਟਣ ਤੁਰੇ ਹਿੰਦੂਆਂ ਤੋਂ ਵੱਖਰੇ ਖਿੱਤੇ ਦੀ ਮੰਗ ਦੀ ਆਸ ਕਰਨਾ ਬੇਵਕੂਫੀ ਹੀ ਸੀ ਪਰ ਜਦ ਕੀਤੇ ਪ੍ਰਣ ਚੇਤੇ ਕਰਵਾਏ ਤਾਂ ਉਹਨਾਂ ਨੂੰ ਐਨਾ ਰੋਹ ਆਇਆ ਕਿ 'ਪੰਜਾਬੀ ਸੂਬਾ ਜ਼ਿੰਦਾਬਾਦ' ਕਹਿਣ ਉੱਤੇ ਵੀ ਪਾਬੰਦੀ ਲਾ ਦਿੱਤੀ। ਆਖਰ ਲੂਲਾ-ਲੰਗੜਾ ਸੂਬਾ ਬਣਾਇਆ ਤਾਂ ਪੱਲੇ ਕੁਝ ਨਹੀਂ ਪੈਣ ਦਿੱਤਾ। ਰਾਜਧਾਨੀ ਖੋਹ ਲਈ, ਬਿਜਲੀ ਤੇ ਦਰਿਆਈ ਪਾਣੀ ਖੋਹ ਲਏ, ਹਾਈਕੋਰਟ ਵੀ। ਉੱਪਰੋਂ ਮਿੱਥ ਲਿਆ ਕਿ ਪੰਜਾਬ ਨੂੰ ਬੰਜਰ ਬਣਾਉਣਾ ਹੈ। ਫੇਰ ਮਿੱਥ ਲਿਆ ਕਿ ਧਰਮ ਖੋਹ ਲੈਣਾ ਹੈ ਤੇ ਪੰਜਾਬ ਦੇ ਲੋਕਾਂ ਨੂੰ ਕੰਜਰ ਬਣਾਉਣਾ ਹੈ। ਅੱਯਾਸ਼ੀਆਂ ਤੇ ਬਦਮਾਸ਼ੀਆਂ ਦੇ ਰਾਹ ਤੋਰਨ ਲਈ ਬੜੀ ਸਖ਼ਤ ਮਿਹਨਤ ਕੀਤੀ ਗਈ। ਪੰਜਾਬ ਦੇ ਹੱਕ ਦੇਣ ਦੀ ਬਜਾਏ ਗਲਾ ਘੁੱਟਿਆ ਗਿਆ।

ਚਾਰੇ ਪਾਸੇ ਜਦ ਗੱਲ ਨਾ ਬਣੀ ਤਾਂ ਪੰਥ ਅਤੇ ਪੰਜਾਬ ਨੇ ਧਰਮ ਯੁੱਧ ਮੋਰਚਾ ਲਾਇਆ ਕਿ ਸਾਡੇ ਹੱਕ ਦਿਓ। ਦਿੱਲੀ ਦਰਬਾਰ ਨੇ ਮਿੱਥ ਲਿਆ ਕਿ ਐਨੀ ਖ਼ਤਰਨਾਕ ਮਾਰ ਮਾਰੋ ਕਿ ਸਦੀਆਂ ਤੱਕ ਹਿੱਲਣ ਜੋਗੇ ਨਾ ਰਹਿਣ। ਨਸਲਕੁਸ਼ੀ ਦੀ ਸਿਖਰ ਹੋ ਗਈ। ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਤੇ ਹਮਲਾ, ਜੂਨ ਤੇ ਨਵੰਬਰ 1984 ਤੇ ਨਾਲ ਹੀ ਝੂਠੇ ਮੁਕੱਦਮਿਆਂ, ਝੂਠੇ ਮੁਕਾਬਲਿਆਂ ਤੇ ਫੇਰ ਅਣਪਛਾਤੀਆਂ ਲਾਸ਼ਾਂ ਦੇ ਅੰਬਾਰ ਲੱਗਣ ਲੱਗ ਪਏ। ਉੱਪਰੋਂ ਕਹਿੰਦੇ ਕਿ ਪੰਜਾਬ ਵਿੱਚ ਅਮਨ-ਸ਼ਾਂਤੀ ਲਿਆਉਣ ਲਈ ਸਾਡਾ ਤਾਂ ਐਨੇ ਕਰੋੜ ਖਰਚਾ ਆ ਗਿਆ ਤੇ ਇਹ ਪੰਜਾਬ ਸਿਰ ਕਰਜ਼ਾ ਹੈ। ਜਿਵੇਂ ਕਿਸੇ ਨੂੰ ਕੁਟਾਪਾ ਚਾੜ੍ਹ ਕੇ ਕੋਈ ਕਹੇ ਕਿ ਜੋ ਤੇਰੇ ਕੋਲ ਆਉਣ ਜਾਣ ਉੱਤੇ ਕਾਰ ਦਾ ਖਰਚਾ ਹੋਇਆ ਉਹ ਵੀ ਦੇਹ। ਕਿਸੇ ਕਾਤਲ ਨੇ ਗੋਲ਼ੀ ਮਾਰਨ ਵਾਲ਼ੇ ਤੋਂ ਕਾਰਤੂਸ ਦਾ ਇਉਂ ਖਰਚਾ ਲਿਆ ? ਪਰ ਸਾਡੀ ਕੌਮ ਨੂੰ ਮਾਰਨ-ਕੁੱਟਣ ਦਾ ਖਰਚਾ ਵੀ ਸਾਡੇ ਸਿਰ ਪਿਆ ਹੈ। ਪੁਰਾਣੇ ਵੇਲਿਆਂ ਵਿੱਚ ਜ਼ਾਲਮ ਰਾਜੇ ਕਿਸੇ ਰਾਜ ਨੂੰ ਹਰਾਉਣ, ਝੁਕਾਉਣ ਮਗਰੋਂ ਜੁਰਮਾਨਾ ਲਾ ਦਿੰਦੇ ਸੀ। ਓਹੀ ਕੁਝ ਪੰਜਾਬ ਨਾਲ਼ ਦਿੱਲੀ ਨੇ ਕੀਤਾ।




1947 ਦੀ ਪੰਦਰਾਂ ਅਗਸਤ ਤੋਂ ਹੁਣ ਤੱਕ ਨਾ ਸੁੱਖ ਦਾ ਸਾਹ ਆਇਆ ਤੇ ਨਾ ਅਗਾਹਾਂ ਕੋਈ ਆਸ ਹੈ। ਫੇਰ ਪੰਜਾਬ ਦੇ ਲੋਕ ਕਾਹਦੇ ਜਸ਼ਨ ਮਨਾਉਣ ? ਜਿਹੜੇ ਤਖ਼ਤਾਂ-ਤਾਜਾਂ ਦੇ ਮਾਲਕ ਬਣੇ ਨੇ, ਜਿਨ੍ਹਾਂ ਦੇ ਘਰ ਖੁਸ਼ੀਆਂ-ਖੇੜੇ ਨੇ ਉਹ ਮਨਾਈ ਜਾਣ। ਸਾਡੇ ਤਾਂ ਹਰ ਘਰ ਸੱਥਰ ਵਿਛਿਆ ਹੋਇਆ ਹੈ। ਸਾਡੇ ਤਾਂ ਧਰਮ, ਬੋਲੀ ਤੇ ਸੱਭਿਆਚਾਰ ਦੀ ਬਰਬਾਦੀ ਪ੍ਰਤੱਖ ਦਿਸ ਰਹੀ ਹੈ।

ਇਸੇ ਕਰਕੇ ਜਿਨ੍ਹਾਂ ਦੀ ਜ਼ਮੀਰ ਜਾਗਦੀ ਹੈ, ਹਰ ਸਾਲ ਪੰਦਰਾਂ ਅਗਸਤ ਦਾ ਬਾਈਕਾਟ ਕਰਦੇ ਹਨ। ਕਿਉਂ ਦੇਈਏ ਓਸ ਸੰਵਿਧਾਨ ਨੂੰ ਸਤਿਕਾਰ ਜੋ ਸਾਨੂੰ ਹਿੰਦੂ ਕਹਿੰਦਾ ਹੈ ? ਕਿਉਂ ਕਰੀਏ ਓਸ ਤਿਰੰਗੇ ਦਾ ਸਤਿਕਾਰ ਜਿਸ ਵਿੱਚ ਸਿੱਖਾਂ ਦਾ ਰੰਗ ਵੀ ਨਹੀਂ ਪਾਇਆ ? ਚਲੋ ਐਨਾ ਸ਼ੁਕਰ ਕਰੋ ਕਿ ਅਸੀਂ ਇਸ ਸੰਵਿਧਾਨ ਤੇ ਇਸ ਤਿਰੰਗੇ ਦਾ ਤ੍ਰਿਸਕਾਰ ਨਹੀਂ ਕਰਦੇ। ਪਰ ਸਾਥੋਂ ਦਿਲ ਉੱਤੇ ਪੱਥਰ ਰੱਖ ਕੇ ਇਹਨਾਂ ਨੂੰ ਸਲਾਮੀਆਂ ਨਹੀਂ ਦੇ ਹੁੰਦੀਆਂ।

ਹਰ ਸਾਲ ਵਾਂਗ ਇਸ ਵਾਰ ਵੀ ਸਾਡਾ ਪੰਦਰਾਂ ਅਗਸਤ ਨੂੰ ਕਾਲ਼ਾ ਦਿਨ ਹੋਵੇਗਾ। ਮੁਕੰਮਲ ਬਾਈਕਾਟ। ਅਸੀਂ ਨਿਆਣਿਆਂ ਨੂੰ ਦੱਸਾਂਗੇ ਕਿ ਇਹ ਉਹ ਲੋਕ ਨੇ ਜੋ ਅਕ੍ਰਿਤਘਣ ਨੇ, ਅਹਿਸਾਨਫਰਾਮੋਸ਼ ਨੇ, ਦੁਨੀਆਂ ਨੂੰ ਦੱਸਾਂਗੇ ਸਾਡੇ ਨਾਲ ਕੀ ਕੁਝ ਹੋਇਆ। ਇਹ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਭੁੱਲ ਗਏ ਨੇ ਤਾਂ ਅਠ੍ਹਾਰਵੀਂ ਸਦੀ ਦੇ ਸਿੱਖਾਂ ਦੇ ਅਹਿਸਾਨ ਕਿੱਥੇ ਚੇਤੇ ਰੱਖਦੇ ? ਇਹ ਸਿੱਖੀ ਤੇ ਸਿੱਖਾਂ ਦੇ ਕਾਤਲ ਨੇ। ਇਹਨਾਂ ਉੱਤੇ ਯਕੀਨ ਨਾ ਕਰਿਓ। 1947 ਮੌਕੇ ਇਹਨਾਂ ਉੱਤੇ ਭਰੋਸਾ ਕੀਤਾ ਸੀ ਪਰ ਇਹਨਾਂ ਨੇ ਮੁੱਕਰਨ ਲੱਗਿਆਂ ਸਕਿੰਟ ਨਹੀਂ ਸੋਚਿਆ।

**- ਭਾਈ ਰਣਜੀਤ ਸਿੰਘ**

### ਜਰਮਨੀ ਤੋਂ ਪੰਥਕ ਜਥੇਬੰਦੀਆਂ ਦੀ ਲਲਕਾਰ, ਬੰਦੀ ਸਿੰਘਾਂ ਦੀ ਰਿਹਾਈ ਲਈ

# 15 ਅਗਸਤ ਨੂੰ ਚੰਡੀਗੜ੍ਹ ਗਵਰਨਰ ਹਾਊਸ ਦੇ ਘਿਰਾਓ ਦੀ ਹਮਾਇਤ



**ਨਵੀਂ ਦਿੱਲੀ, 14 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਆਪਣੀਆਂ ਕਾਨੂੰਨੀ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ 15 ਅਗਸਤ ਨੂੰ ਇਨਸਾਫ਼ ਮੋਰਚੇ ਵੱਲੋਂ ਚੰਡੀਗੜ੍ਹ ਗਵਰਨਰ ਹਾਊਸ ਦੇ ਕੀਤੇ ਜਾ ਰਹੇ ਘਿਰਾਓ ਦੀ ਹਮਾਇਤ ਕਰਦਿਆਂ ਜਰਮਨੀ ਦੀਆਂ ਪੰਥਕ ਜਥੇਬੰਦੀਆਂ ਨੇ ਭਾਰਤੀ ਹਕੂਮਤ ਵਿਰੁੱਧ ਤਿੱਖਾ ਰੋਸ ਜ਼ਾਹਰ ਕੀਤਾ ਹੈ।ਆਗੂਆਂ ਨੇ ਪੰਜਾਬ ਅਤੇ ਆਸ-ਪਾਸ ਦੀਆਂ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਪਹੁੰਚਣ ਅਤੇ ਯੂਰਪ ਦੀਆਂ ਸੰਗਤਾਂ ਨੂੰ ਫ਼ਰੈਂਕਫ਼ਰਟ ਸਥਿਤ ਭਾਰਤੀ ਕੌਂਸਲਖਾਨੇ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਬੰਦੀ ਸਿੰਘਾਂ ਨੂੰ ਜੇਲ੍ਹਾਂ ਵਿੱਚ ਰੱਖਣਾ ਨਿਆਂ ਅਤੇ ਕਾਨੂੰਨ ਦੀ ਬਰਾਬਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਪੰਥਕ ਆਗੂਆਂ ਨੇ ਪੰਜਾਬ ਵਿੱਚ 1984 ਤੋਂ ਬਾਅਦ ਦੇ ਦੌਰ ਨੂੰ ਯਾਦ ਕਰਦਿਆਂ ਬੇਅੰਤ ਸਿੰਘ ਦੀ ਅਗਵਾਈ ਵਾਲੀ ਸਰਕਾਰ 'ਤੇ ਸਿੱਖ ਨੌਜਵਾਨਾਂ ਵਿਰੁੱਧ ਵੱਡੇ ਪੱਧਰ 'ਤੇ ਦਮਨਕਾਰੀ ਕਾਰਵਾਈਆਂ ਕਰਨ ਦੇ ਦੋਸ਼ ਲਗਾਏ।ਉਨ੍ਹਾਂ ਕਿਹਾ ਕਿ ਉਸ ਸਮੇਂ ਗ੍ਰਿਫ਼ਤਾਰੀਆਂ, ਪੁਲਿਸ ਹਿਰਾਸਤ ਵਿੱਚ ਤਸ਼ੱਦਦ, ਗੁੰਮਸ਼ੁਦਗੀਆਂ ਅਤੇ ਕਥਿਤ ਨਕਲੀ ਮੁਕਾਬਲਿਆਂ ਦੀਆਂ ਘਟਨਾਵਾਂ ਨੇ ਪੰਜਾਬ ਦੇ ਸਿੱਖ ਪਰਿਵਾਰਾਂ ਦੇ ਮਨਾਂ ਵਿੱਚ ਡੂੰਘੇ ਜ਼ਖ਼ਮ ਛੱਡੇ। ਆਗੂਆਂ ਅਨੁਸਾਰ ਅਨੇਕਾਂ ਨੌਜਵਾਨਾਂ ਨੂੰ ਅੱਤਵਾਦ ਦੇ ਦੋਸ਼ਾਂ ਤਹਿਤ ਲੰਮੇ ਸਮੇਂ ਤੱਕ ਜੇਲ੍ਹਾਂ ਵਿੱਚ ਰੱਖਿਆ ਗਿਆ ਅਤੇ ਕਈ ਪਰਿਵਾਰ ਆਪਣੇ ਲਾਪਤਾ ਹੋਏ ਪੁੱਤਰਾਂ ਬਾਰੇ ਸਾਲਾਂ ਤੱਕ ਜਵਾਬ ਲੱਭਦੇ ਰਹੇ।ਉਨ੍ਹਾਂ ਕਿਹਾ ਕਿ ਉਸ ਦੌਰ ਨਾਲ ਜੁੜੇ ਮਨੁੱਖੀ ਅਧਿਕਾਰਾਂ ਅਤੇ ਜਵਾਬਦੇਹੀ ਦੇ ਸਵਾਲਾਂ ਦਾ ਪੂਰਾ ਨਿਪਟਾਰਾ ਨਾ ਹੋਣਾ ਅੱਜ ਵੀ ਸਿੱਖ ਕੌਮ ਦੇ ਰੋਸ ਦਾ ਵੱਡਾ ਕਾਰਨ ਹੈ। ਉਨ੍ਹਾਂ ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਗੁਰਮੀਤ ਸਿੰਘ ਇੰਜੀਨੀਅਰ, ਭਾਈ ਜਗਤਾਰ ਸਿੰਘ ਤਾਰਾ, ਭਾਈ ਲਖਵਿੰਦਰ ਸਿੰਘ ਨਾਰੰਗਵਾਲ ਅਤੇ ਭਾਈ ਦਵਿੰਦਰਪਾਲ ਸਿੰਘ ਭੁੱਲਰ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦੁਹਰਾਈ ਅਤੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਰਿਹਾਈ ਸਬੰਧੀ ਕੀਤੇ ਸਰਕਾਰੀ ਐਲਾਨਾਂ ਦੇ ਬਾਵਜੂਦ ਅਮਲ ਨਾ ਹੋਣਾ ਸਰਕਾਰ ਦੀ ਭਰੋਸੇਯੋਗਤਾ 'ਤੇ ਸਵਾਲ ਹੈ।ਮੀਡੀਆ ਨੂੰ ਜਾਰੀ ਕੀਤੇ ਸਾਂਝੇ ਬਿਆਨ ਵਿੱਚ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਰਮਨੀ ਦੇ ਭਾਈ ਹੀਰਾ ਸਿੰਘ ਮੱਤੇਵਾਲ, ਦਲ ਖਾਲਸਾ ਜਰਮਨੀ ਦੇ ਭਾਈ ਹਰਮੀਤ ਸਿੰਘ ਲੇਹਲ ਅਤੇ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ ਨੇ ਕਿਹਾ ਕਿ ਬੰਦੀ ਸਿੰਘਾਂ ਦਾ ਮਸਲਾ ਹੁਣ ਸਿਰਫ਼ ਰਿਹਾਈ ਤੱਕ ਸੀਮਤ ਨਹੀਂ ਰਿਹਾ, ਸਗੋਂ ਸਿੱਖ ਕੌਮ ਦੇ ਨਿਆਂ, ਹੱਕਾਂ ਅਤੇ ਸਿਆਸੀ ਭਵਿੱਖ ਨਾਲ ਜੁੜ ਚੁੱਕਾ ਹੈ।ਆਗੂਆਂ ਨੇ ਕਿਹਾ, "ਸਿੱਖਾਂ ਦਾ ਸਿਧਾਂਤ ਹੱਕ ਮੰਗਣਾ ਨਹੀਂ, ਸਗੋਂ ਆਪਣੇ ਹੱਕ ਹਾਸਲ ਕਰਨਾ ਹੈ। ਇਸ ਗੁਲਾਮੀ ਦਾ ਇੱਕੋ-ਇੱਕ ਪੱਕਾ ਹੱਲ ਆਪਣਾ ਆਜ਼ਾਦ ਸਿੱਖ ਰਾਜ (ਖਾਲਿਸਤਾਨ) ਹੀ ਹੈ ਅਤੇ ਸਾਨੂੰ ਆਪਣੇ ਸੰਘਰਸ਼ ਦਾ ਰੁੱਖ ਸਿੱਧਾ ਕੌਮੀ ਆਜ਼ਾਦੀ ਵੱਲ ਮੋੜਨਾ ਹੋਵੇਗਾ।" ਉਨ੍ਹਾਂ ਕਿਹਾ ਕਿ 15 ਅਗਸਤ ਦੇ ਚੰਡੀਗੜ੍ਹ ਅਤੇ ਯੂਰਪ ਵਿੱਚ ਹੋਣ ਵਾਲੇ ਰੋਸ ਪ੍ਰੋਗਰਾਮਾਂ ਰਾਹੀਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਸਿੱਖਾਂ ਦੇ ਸਿਆਸੀ ਹੱਕਾਂ ਦਾ ਮੁੱਦਾ ਕੌਮਾਂਤਰੀ ਪੱਧਰ 'ਤੇ ਉਠਾਇਆ ਜਾਵੇਗਾ।

### ਖਾਲਸਾ ਅਕੈਡਮੀ ਜੱਬੋਵਾਲ ਵਿਖੇ ਅਕੈਡਮੀ ਦੇ ਸੰਚਾਲਕ ਸੰਤ ਬਾਬਾ ਮਲਕੀਤ ਸਿੰਘ ਵੱਲੋਂ

# ਸੰਗਤਾਂ ਦੇ ਸਹਿਯੋਗ ਸਦਕਾ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ



**ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ)**-ਪੰਜਾਬ ਨੇ ਦੱਸਿਆ ਕਿ ਰਾਸ਼ਨ ਵੰਡਣ ਤੋਂ ਪਹਿਲਾਂ ਸੰਗਤ ਨੂੰ ਦੋ ਘੰਟੇ ਨਾਮ ਜਪਾਇਆ ਜਾਂਦਾ ਹੈ।, ਅਤੇ ਉਸ ਤੋਂ ਬਾਅਦ ਰਾਸ਼ਨ ਦੀ ਸੇਵਾ ਕੀਤੀ ਜਾਂਦੀ ਹੈ। ਅਤੇ ਇਸ ਦੇ ਘੰਟੇ ਵਿੱਚ ਸੰਗਤਾਂ ਇੱਕ ਮਨ ਇੱਕ ਚਿੱਤ ਵਿੱਚ ਅਤੇ ਪੰਜਾਬੀਅਤ ਵੱਲੋਂ ਆਪਣੇ ਗੁਰੂ ਸਾਹਿਬਾਨਾਂ ਦੇ ਦਰਸਾਏ ਗਏ ਮਾਰਗ ਤੇ ਚੱਲਣ ਦਾ ਵੱਖ-ਵੱਖ ਤਰੀਕਿਆਂ ਨਾਲ ਯਤਨ ਕੀਤਾ ਜਾਂਦਾ ਹੈ ਅਤੇ ਕੁਦਰਤੀ ਆਈ ਹਰੇਕ ਆਫਤ ਵਿੱਚ ਸਿੱਖ ਕੰਮ ਵੱਲੋਂ ਆਪਣਾ ਬਣਦਾ ਯੋਗਦਾਨ ਪਾਇਆ ਜਾਂਦਾ ਹੈ ਅਤੇ ਸਮਾਜ ਵਿੱਚ ਹਰੇਕ ਗਰੀਬ ਵਰਗ ਪਰਿਵਾਰਾਂ ਦੀ ਸੇਵਾ ਕਰਕੇ ਉਨਾਂ ਪ੍ਰੀਵਾਰਾਂ ਦੀ ਬਾਂਹ ਫੜੀ ਜਾਂਦੀ ਹੈ ਜਿਸ ਦੇ ਚਲਦਿਆਂ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬਵਾਲ ਦਾ ਸੰਚਾਲਕ ਸੰਤ ਬਾਬਾ ਮਲਕੀਤ ਸਿੰਘ ਜੀ ਵੱਲੋਂ ਦੇਸ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਦੇ ਸਹਿਯੋਗ ਸਦਕਾ, ਹਰ ਮਹੀਨੇ ਲੋੜਵੰਦ ਪ੍ਰੀਵਾਰਾਂ ਨੂੰ ਰਾਸ਼ਨ ਵੰਡਿਆ ਜਾਂਦਾ ਹੈ ਜਿਸ ਵਿੱਚ ਇਸ ਵਾਰ ਵੀ ਬੀਤੇ ਦਿਨ ਮਹੀਨੇ ਦੀ 10 ਤਰੀਕ ਨੂੰ 150 ਦੇ ਕਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ ।, ਇਸ ਮੌਕੇ ਤੇ ਅਕੈਡਮੀ ਦੇ ਮੁੱਖ ਸੇਵਾਦਾਰ, ਸੰਤ ਬਾਬਾ ਮਲਕੀਤ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ, ਗੁਰੂ ਮਹਾਰਾਜ ਜੀ ਦੀ ਕਿਰਪਾ ਸਦਕਾ ਇਹ ਪਹਿਲ ਕਦਮੀ 2014 ਤੋਂ ਪੰਜ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾ ਕੇ ਕੀਤੀ ਗਈ ਸੀ।, ਪਰ ਅੱਜ ਐਨ ਆਰ ਆਈ ਆਈ ਵੀਰਾਂ ਦੇ ਸਹਿਯੋਗ ਨਾਲ 150 ਦੇ ਕਰੀਬ ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਦੀ 10 ਤਰੀਕ ਨੂੰ ਰਾਸ਼ਨ ਮੁਹੱਈਆ ਕਰਵਾਇਆ ਜਾਂਦਾ ਹੈ।, ਅੱਗੇ ਬਾਬਾ ਮਲਕੀਤ ਸਿੰਘ ਜੀ ਹੋ ਕੇ ਨਾਮ ਸਿਮਰਨ ਕਰਦੀਆਂ ਹਨ। ਸੰਤ ਬਾਬਾ ਮਲਕੀਤ ਸਿੰਘ ਜੀ ਨੇ ਕਿਹਾ ਕਿ ਇਹ ਸੇਵਾ ਗੁਰੂ ਮਹਾਰਾਜ ਜੀ ਸਿਰ ਤੇ ਹੱਥ ਰੱਖ ਕਿ ਆਪ ਕਰਵਾ ਰਹੇ ਹਨ, ਅਤੇ ਇਹ ਸੇਵਾ 2014 ਤੋਂ ਲੈ ਕੇ ਹੁਣ ਤੱਕ ਨਿਰੰਤਰ ਚੱਲ ਰਹੀ ਹੈ , ਅੱਗੇ ਉਂਨਾਂ ਦੱਸਿਆ ਕਿ ਇਸ ਅਕੈਡਮੀ ਵਿੱਚ ਵਿੱਦਿਆ ਹਾਸਲ ਕਰਨ ਵਾਲੇ ਬੱਚਿਆਂ ਦੀ ਪੜ੍ਹਾਈ ਵੀ ਵਰੀ ਹੈ ਅਤੇ ਇੱਥੇ ਬੱਚਿਆਂ ਨੂੰ ਖੇਡਾਂ ਦੇ ਨਾਲ ਨਾਲ ਗੁਰਬਾਣੀ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ।, ਅਤੇ ਬੱਚਿਆਂ ਨੂੰ ਤਬਲਾ ਹਰਮੋਨੀਅਮ ਵੀ ਸਿਖਾਇਆ ਜਾਂਦਾ ਹੈ ।, ਇਥੇ ਬੱਚਿਆਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ, ਗੁਰਮਤਿ ਦੀ ਸੰਥਿਆ ਦੀ ਦਿੱਤੀ ਜਾਂਦੀ ਹੈ, ਜੇਕਰ ਰਾਸ਼ਨ ਵੰਡ ਦੀ ਗੱਲ ਕਰੀਏ ਤਾਂ ਇਸ ਅਕੈਡਮੀ ਵਿੱਚ ਰਾਸ਼ਨ ਉਹਨਾਂ ਪਰਿਵਾਰਾਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਦੇ ਪਰਿਵਾਰ ਵਿਚ ਕਮਾਉਣ ਵਾਲਾ ਕੋਈ ਨਹੀਂ ਹੈ ਇਸ ਅਕੈਡਮੀ ਵਲੋਂ ਸਮੇਂ ਸਮੇਂ ਤੇ ਕੁਦਰਤੀ ਆਫਤਾਂ ਨਾਲ ਜੁਝਣ ਵਾਲੇ ਲੋਕਾਂ ਦੀ ਵੀ ਬਾਂਹ ਫੜੀ ਗਈ ਸੀ।, ਇਸ ਅਕੈਡਮੀ ਦੇਸੇਵਾਦਾਰਾਂ ਵੱਲੋਂ ਪਿਛਲੇ ਸਾਲ ਹੜ ਪੀੜਤਾਂ ਦੀ ਵੀ ਖੁੱਲ ਕੇ ਮਦਦ ਕੀਤੀ ਗਈ ਸੀ। ਰਾਸ਼ਨ ਵੰਡਣ ਸਮੇਂ ਇਸ ਅਕੈਡਮੀ ਦੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਜੀ, ਭਾਈ ਸੁਖਚੈਨ ਸਿੰਘ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ,ਪ੍ਰਿੰਸੀਪਲ ਸੁਰਿੰਦਰਜੀਤ ਸਿੰਘ, ਜਸਪਾਲ ਸਿੰਘ ਟੋਮਾ ਸੁਖਦੇਵ ਸਿੰਘ, ਗੁਰਬਾਜ ਸਿੰਘ ਬਾਜ, ਤੇ ਗੁਰਪਿੰਦਰ ਸਿੰਘ ਤੋਂ ਇਲਾਵਾ ਅਕੈਡਮੀ ਦੇ ਹੋਰ ਵੀ ਸੇਵਾਦਾਰ ਹਾਜਿਰ ਸਨ।

**ਰਾਸ਼ਨ ਵੰਡਣ ਤੋਂ ਪਹਿਲਾਂ ਦੋ ਘੰਟੇ ਗੁਰਬਾਣੀ ਜਸ ਸਰਵਣ ਕਰਵਾਇਆ ਜਾਂਦਾ ਇਹ ਸਭ ਤੋਂ ਵੱਡੀ ਸੇਵਾ- ਸੰਤ ਬਾਬਾ ਮਲਕੀਤ ਸਿੰਘ**

## ਗੁਰੂਘਰ ਦੀ ਪਵਿੱਤਰਤਾ ਭੰਗ ਕਰਕੇ ਹਿੰਸਾ ਫੈਲਾਉਣ ਵਾਲੀਆਂ ਤਾਕਤਾਂ ਬਖ਼ਸ਼ਣਯੋਗ ਨਹੀਂ; ਮਹਾਰਾਸ਼ਟਰ ਸਰਕਾਰ ਕਰਵਾਏ ਉੱਚ-ਪੱਧਰੀ ਜਾਂਚ: ਭਾਈ ਪਰਮਜੀਤ ਸਿੰਘ ਵੀਰਜੀ



**ਨਵੀਂ ਦਿੱਲੀ, 14 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਸੁਖਬੀਰ ਸਿੰਘ ਬਾਦਲ 'ਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਨੇੜੇ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਪਰਿਵਾਰ ਸਮੇਤ ਨਤਮਸਤਕ ਹੋ ਕੇ ਬਾਹਰ ਨਿਕਲਦੇ ਸਮੇਂ ਹੋਏ ਹਮਲੇ ਦੀ ਸਖ਼ਤ ਨਿੰਦਾ ਕਰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਭਾਈ ਪਰਮਜੀਤ ਸਿੰਘ ਵੀਰਜੀ ਨੇ ਇਸ ਨੂੰ ਗੁਰੂਘਰ ਦੀ ਪਵਿੱਤਰਤਾ ਅਤੇ ਸਿੱਖ ਮਰਿਆਦਾ ਨੂੰ ਚੁਣੌਤੀ ਦੇਣ ਵਾਲੀ ਗੰਭੀਰ ਘਟਨਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੁਰੂਘਰ ਅਮਨ, ਅਰਦਾਸ ਅਤੇ ਸਰਬੱਤ ਦੇ ਭਲੇ ਦਾ ਕੇਂਦਰ ਹਨ, ਇਨ੍ਹਾਂ ਪਵਿੱਤਰ ਅਸਥਾਨਾਂ ਨੂੰ ਹਿੰਸਾ ਅਤੇ ਸਿਆਸੀ ਰੰਜਿਸ਼ ਦਾ ਅਖਾੜਾ ਬਣਾਉਣ ਦੀ ਕਿਸੇ ਨੂੰ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।ਪਰਿਵਾਰ ਸਮੇਤ ਗੁਰੂਘਰ ਨਤਮਸਤਕ ਹੋ ਕੇ ਨਿਕਲ ਰਹੇ ਵਿਅਕਤੀ 'ਤੇ ਹਮਲਾ ਕਰਨਾ ਕਾਇਰਤਾ ਦੀ ਹੱਦ ਹੈ ਅਤੇ ਇਸ ਘਟਨਾ ਨੂੰ ਸਿਰਫ਼ ਇੱਕ ਵਿਅਕਤੀ 'ਤੇ ਹਮਲਾ ਸਮਝ ਕੇ ਨਜ਼ਰਅੰਦਾਜ਼ ਕਰਨਾ ਹੋਰ ਵੀ ਗੰਭੀਰ ਹੋਵੇਗਾ। ਭਾਈ ਵੀਰਜੀ ਨੇ ਕਿਹਾ ਕਿ ਇਸ ਘਟਨਾ ਨੇ ਮਹਾਰਾਸ਼ਟਰ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਸੁਰੱਖਿਆ ਵਿਵਸਥਾ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਮੰਗ ਕੀਤੀ ਕਿ ਘਟਨਾ ਦੀ ਤੁਰੰਤ ਉੱਚ-ਪੱਧਰੀ, ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ ਅਤੇ ਇਹ ਪਤਾ ਲਗਾਇਆ ਜਾਵੇ ਕਿ ਹਮਲਾਵਰ ਦੀ ਮਨਸ਼ਾ ਕੀ ਸੀ ਅਤੇ ਇਸ ਪਿੱਛੇ ਕਿਸੇ ਵੱਡੀ ਸਾਜ਼ਿਸ਼ ਜਾਂ ਯੋਜਨਾਬੱਧ ਸਾਜ਼ਿਸ਼ ਦੀ ਕੋਈ ਕੜੀ ਤਾਂ ਨਹੀਂ। ਉਨ੍ਹਾਂ ਕਿਹਾ ਕਿ ਸਿਰਫ਼ ਹਮਲਾਵਰ ਨੂੰ ਕਾਬੂ ਕਰਨਾ ਕਾਫ਼ੀ ਨਹੀਂ; ਜੇਕਰ ਪਿੱਛੇ ਕੋਈ ਸਾਜ਼ਿਸ਼ਕਰਤਾ ਜਾਂ ਹਮਲੇ ਨੂੰ ਉਕਸਾਉਣ ਵਾਲੀਆਂ ਤਾਕਤਾਂ ਹਨ ਤਾਂ ਉਨ੍ਹਾਂ ਨੂੰ ਵੀ ਬੇਨਕਾਬ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਥਕ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਸਿੱਖ ਸੰਗਤ ਗੰਭੀਰਤਾ ਨਾਲ ਲਵੇਗੀ ਅਤੇ ਸਰਕਾਰ ਨੂੰ ਵੀ ਇਸ ਮਾਮਲੇ ਦੀ ਗੰਭੀਰਤਾ ਸਮਝਣੀ ਚਾਹੀਦੀ ਹੈ। ਭਾਈ ਪਰਮਜੀਤ ਸਿੰਘ ਵੀਰਜੀ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਗੁਰੂਘਰ ਦੀ ਹੱਦ ਅੰਦਰ ਜਾਂ ਗੁਰੂਘਰ ਤੋਂ ਨਿਕਲ ਰਹੀ ਸੰਗਤ 'ਤੇ ਹਿੰਸਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਜੇਕਰ ਮਹਾਰਾਸ਼ਟਰ ਸਰਕਾਰ ਨੇ ਇਸ ਹਮਲੇ ਦੀ ਤਹਿ ਤੱਕ ਜਾ ਕੇ ਸਾਜ਼ਿਸ਼ ਦੇ ਹਰ ਪੱਖ ਨੂੰ ਸਾਹਮਣੇ ਲਿਆਉਣ ਅਤੇ ਦੋਸ਼ੀਆਂ ਵਿਰੁੱਧ ਮਿਸਾਲੀ ਕਾਰਵਾਈ ਕਰਨ ਵਿੱਚ ਕੋਈ ਢਿੱਲ ਵਰਤੀ ਤਾਂ ਇਹ ਸਿਰਫ਼ ਸੁਰੱਖਿਆ ਦੀ ਨਾਕਾਮੀ ਨਹੀਂ, ਸਗੋਂ ਗੁਰੂਧਾਮਾਂ ਦੀ ਮਰਿਆਦਾ ਪ੍ਰਤੀ ਵੀ ਗੰਭੀਰ ਲਾਪਰਵਾਹੀ ਮੰਨੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਇਸ ਮਾਮਲੇ ਨੂੰ ਅੰਤ ਤੱਕ ਉਠਾਏਗੀ ਅਤੇ ਲੋੜ ਪੈਣ 'ਤੇ ਦੇਸ਼-ਵਿਆਪੀ ਪੱਧਰ 'ਤੇ ਰੋਸ ਪ੍ਰਗਟ ਕਰਨ ਤੋਂ ਵੀ ਪਿੱਛੇ ਨਹੀਂ ਹਟੇਗੀ।

## ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨਲੇਵਾ ਹਮਲੇ ਦੀ ਡਾ. ਵਿਜੈ ਸਤਬੀਰ ਸਿੰਘ ਵੱਲੋਂ ਪੁਰਜ਼ੋਰ ਨਿਖੇਧੀ



**ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਆਪਣੇ ਪਰਿਵਾਰ ਸਮੇਤ ਨਿੱਜੀ ਦੌਰੇ ਅਧੀਨ ਮਿਤੀ 12 ਅਗਸਤ 26 ਨੂੰ ਤਖ਼ਤ ਸ਼੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਨਤਮਸਤਕ ਹੋਣ ਲਈ ਪਹੁੰਚੇ ਹੋਏ ਹਨ। ਮਿਤੀ 13ਅਗਸਤ 26 ਨੂੰ ਸ੍ਰ. ਸੁਖਬੀਰ ਸਿੰਘ ਬਾਦਲ ਆਪਣੇ ਪਰਿਵਾਰ ਨਾਲ ਤਖ਼ਤ ਸਾਹਿਬ ਤੋਂ ਲਗਭਗ 15 ਕਿਲੋਮੀਟਰ ਦੂਰ ਦਲ ਪੰਥ ਵੱਲੋਂ ਸੰਭਾਲੇ ਜਾ ਰਹੇ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਦਰਸ਼ਨ ਕਰਨ ਉਪਰੰਤ ਜਦੋਂ ਵਾਪਸ ਜਾਣ ਲੱਗੇ, ਤਾਂ ਨਿਹੰਗ ਸਿੰਘ ਦੇ ਪਹਿਰਾਵੇ ਵਿੱਚ ਆਏ ਇੱਕ ਵਿਅਕਤੀ ਵੱਲੋਂ ਉਨ੍ਹਾਂ 'ਤੇ ਜਾਨਲੇਵਾ ਹਮਲਾ ਕਰ ਦਿੱਤਾ ਗਿਆ। ਇਸ ਘਟਨਾ ਵਿੱਚ ਉਨ੍ਹਾਂ ਦੇ ਸੱਜੇ ਹੱਥ 'ਤੇ ਸੱਟ ਲੱਗੀ ਹੈ, ਪਰ ਗੁਰੂ ਸਾਹਿਬ ਦੀ ਕਿਰਪਾ ਨਾਲ ਉਨ੍ਹਾਂ ਦੀ ਸਿਹਤ ਹੁਣ ਠੀਕ ਹੈ ਡਾ. ਵਿਜੇ ਸਤਬੀਰ ਸਿੰਘ ਨੇ ਗੁਰੂ ਘਰ ਦਰਸ਼ਨਾਂ ਲਈ ਆਈਆਂ ਸੰਗਤਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ 'ਤੇ ਇਸ ਤਰ੍ਹਾਂ ਦੇ ਜਾਨਲੇਵਾ ਹਮਲੇ ਦੀ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਇਸ ਕਾਇਰਾਨਾ ਹਰਕਤ ਦੀ ਕੜੀ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦੋਸ਼ੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਉਸ ਨੂੰ ਕਾਨੂੰਨ ਮੁਤਾਬਕ ਮਿਸਾਲੀ ਸਜ਼ਾ ਦਿੱਤੀ ਜਾਵੇ ਇਸ ਦੇ ਨਾਲ ਹੀ ਡਾ. ਵਿਜੇ ਸਤਬੀਰ ਸਿੰਘ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਸ੍ਰ. ਸੁਖਬੀਰ ਸਿੰਘ ਬਾਦਲ ਅਤੇ ਉਨ੍ਹਾਂ ਦੇ ਪੂਰੇ ਪਰਿਵਾਰ ਨੂੰ ਦੇਹ ਅਰੋਗਤਾ, ਲੰਮੀ ਉਮਰ ਅਤੇ ਚੜ੍ਹਦੀ ਕਲਾ ਬਖ਼ਸ਼ਣ।

## ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਨਿਖੇਦੀ



**ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਮਹਾਰਾਸ਼ਟਰ ਦੇ ਨਾਂਦੇੜ ਜ਼ਿਲ੍ਹੇ ਵਿੱਚ ਸਥਿਤ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਹਮਲਾ ਹੋਣ ਦੀ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਲਵਪ੍ਰੀਤ ਸਿੰਘ ਤੇਜ਼ੀ ਪ੍ਰਧਾਨ ਅਨੁਸੂਚਿਤ ਜਾਤੀ ਵਿੰਗ ਘੁਮਾਣ ਨੇ ਕਿਹਾ ਕਿ ਗੁਰੂ ਘਰ ਵਿੱਚ ਵਾਪਰੀ ਅਜਿਹੀ ਘਟਨਾ ਬੇਹੱਦ ਚਿੰਤਾਜਨਕ ਹੈ।ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨਾਂ ਦੀ ਪਵਿੱਤਰਤਾ ਅਤੇ ਸੰਗਤ ਦੀ ਸੁਰੱਖਿਆ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਗੁਰੂ ਘਰ ਵਿੱਚ ਹੋਈ ਇਸ ਘਟਨਾ ਨੇ ਸਮੂਹ ਸਿੱਖ ਜਗਤ ਅਤੇ ਗੁਰੂ ਘਰ ਵਿੱਚ ਸ਼ਰਧਾ ਰੱਖਣ ਵਾਲੇ ਹਿਰਦੇ ਵਲੂਧਰੇ ਗਏ ਹਨ ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਘਟਨਾ ਦੀ ਨਿਰਪੱਖ ਜਾਂਚ ਕਰਕੇ ਜ਼ਿੰਮੇਵਾਰ ਵਿਅਕਤੀ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

### ਸ਼੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ

# ਤੀਆਂ ਦਾ ਤਿਉਹਾਰ ਮਨਾਇਆ ਗਿਆ



**ਚੌਕ ਮਹਿਤਾ, 14 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮਾਨਯੋਗ ਉਪ ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. (ਡਾ.) ਸਰੋਜ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਹੇਠ ਸ਼੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੁੜਿਆ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਸਿੱਧ ਵਿਗਿਆਨੀ ਅਤੇ ਸਿੱਖਿਆ ਸ਼ਾਸਤਰੀ ਡਾ. ਜਸਮੀਤ ਕੌਰ ਨਾਇਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਵਿਦਿਆਰਥਣਾਂ ਵੱਲੋਂ ਗਿੱਧਾ, ਲੋਕ-ਗੀਤਾਂ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਪੰਜਾਬੀ ਪਹਿਰਾਵੇ ਵਿੱਚ ਸਜੀਆਂ ਵਿਦਿਆਰਥਣਾਂ ਨੇ ਰਵਾਇਤੀ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬੀ ਵਿਰਸੇ ਦੀ ਸੁੰਦਰ ਝਲਕ ਪੇਸ਼ ਕੀਤੀ। ਇਸ ਮੌਕੇ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਬੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੂੰ 'ਤੀਆਂ ਦੀ ਰਾਣੀ', ਬੀ.ਸੀ.ਏ. ਸਮੈਸਟਰ ਪੰਜਵਾਂ ਦੀ ਵਿਦਿਆਰਥਣ ਕਿਰਨਦੀਪ ਕੌਰ ਨੂੰ 'ਪੰਜਾਬਣ ਮੁਟਿਆਰ' ਅਤੇ ਬੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਸੁਖਮਨ ਕੌਰ ਨੂੰ 'ਸੁਨੱਖੀ ਮੁਟਿਆਰ' ਦਾ ਖਿਤਾਬ ਦੇ ਕੇ ਸਨਮਾਨਿਤ ਕੀਤਾ ਗਿਆ। ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਕਿਹਾ ਕਿ ਤੀਆਂ ਦਾ ਤਿਉਹਾਰ ਪੰਜਾਬੀ ਸੱਭਿਆਚਾਰ, ਲੋਕ-ਪਰੰਪਰਾਵਾਂ ਅਤੇ ਧੀਆਂ ਦੀ ਖੁਸ਼ੀ ਨਾਲ ਜੁੜਿਆ ਹੋਇਆ ਹੈ। ਅਜਿਹੇ ਸਮਾਗਮ ਵਿਦਿਆਰਥਣਾਂ ਨੂੰ ਆਪਣੇ ਅਮੀਰ ਸੱਭਿਆਚਾਰਕ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਦੀ ਪ੍ਰਤਿਭਾ ਨੂੰ ਪ੍ਰਗਟ ਕਰਨ ਲਈ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਨੇ ਕਿਹਾ ਕਿ ਸਾਨੂੰ ਆਪਣੀਆਂ ਲੋਕ-ਪਰੰਪਰਾਵਾਂ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਨਿਰੰਤਰ ਉਪਰਾਲੇ ਕਰਨੇ ਚਾਹੀਦੇ ਹਨ। ਮੁੱਖ ਮਹਿਮਾਨ ਡਾ. ਜਸਮੀਤ ਕੌਰ ਨਾਇਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਤੀਆਂ ਪੰਜਾਬੀ ਸੱਭਿਆਚਾਰ ਦਾ ਇੱਕ ਵਿਲੱਖਣ ਅਤੇ ਖੂਬਸੂਰਤ ਤਿਉਹਾਰ ਹੈ, ਜੋ ਧੀਆਂ ਦੀ ਖੁਸ਼ੀ, ਸਾਂਝ ਅਤੇ ਭੈਣਚਾਰੇ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਨ ਲਈ ਅਜਿਹੇ ਸਮਾਗਮ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਕਾਲਜ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨ ਨੂੰ ਸਮੂਹ ਸਟਾਫ ਵੱਲੋਂ ਯਾਦਗਾਰੀ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

# ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਵਿਖੇ ਮਨਾਇਆ ਸੁਤੰਤਰਤਾ ਦਿਵਸ



**ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਮੰਨੀ -ਪ ?ਮੰਨੀ ਸੰਸਥਾ ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ, ਮਹਿਤਾ ਚੌਂਕ ਵਿਖੇ ਆਜ਼ਾਦੀ ਦਿਵਸ ਬੜੇ ਧੂਮ- ਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਬੜੇ ਉਤਸ਼ਾਹ ਨਾਲ ਹਿੱਸਾ ਪਾ ਕੇ ਆਪਣੀਆਂ ਜਾਨਾਂ ਕੁਰਬਾਨ ਕਰ ਚੁੱਕੇ ਸੁਤੰਤਰਤਾ ਸੰਗਰਾਮੀਆਂ ਨੂੰ ਯਾਦ ਕੀਤਾ ਗਿਆ। ਵਿਦਿਆਰਥੀਆਂ ਦੁਆਰਾ ਸਟੇਜ਼ੀ ਗਤੀਵਿਧੀਆਂ, ਜਿਸ ਵਿੱਚ ਗੀਤ - ਸੰਗੀਤ, ਕਵਿਤਾਵਾਂ, ਗਰੁੱਪ- ਸੌਂਗ, ਗਰੁੱਪ- ਡਾਂਸ, ਭਾਸ਼ਣ, ਕੋਰੀਓਗ੍ਰਾਫੀ ਆਦਿ ਪੇਸ਼ ਕਰਕੇ ਦੇਸ਼ ਪ੍ਰੇਮ ਅਤੇ ਦੇਸ਼ ਭਗਤੀ ਦੇ ਭਾਵਾਂ ਨੂੰ ਪ੍ਰਗਟ ਕੀਤਾ। ਵਿਦਿਆਰਥੀਆਂ ਦੁਆਰਾ ਬੜੇ ਜੋਸ਼ ਨਾਲ ਆਪਣੇ ਆਜ਼ਾਦ ਭਾਰਤ ਦੀ ਮਹਿਮਾ ਨੂੰ ਗਾਇਆ। ਸੰਸਥਾ ਦੇ ਚੇਅਰਮੈਨ ਸ੍. ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨਾਲ ਦੇਸ਼ ਦੀ ਆਜ਼ਾਦੀ ਦੇ ਇਤਿਹਾਸ ਅਤੇ ਗੌਰਵਮਈ ਪਿਛੋਕੜ ਬਾਰੇ ਵਿਚਾਰ ਪ੍ਰਗਟ ਕੀਤੇ ਅਤੇ ਉਨਾਂ ਨੇ ਦੱਸਿਆ ਕਿ ਆਉਣ ਵਾਲੀ ਪੀੜੀ ਦੇ ਹੱਥ ਸਾਡੇ ਭਾਰਤ ਦਾ ਗੌਰਵਮਈ ਇਤਿਹਾਸ ਹੈ ਅਤੇ ਇਸ ਨੂੰ ਬਰਕਰਾਰ ਰੱਖਣਾ ਵੀ ਇਸ ਪੀੜੀ ਦਾ ਮੁੱਖ ਮਨੋਰਥ ਹੈ। ਇਸ ਮੌਕੇ ਸੰਸਥਾ ਦੇ ਅਧਿਆਪਕਾਂ ਨੇ ਪੂਰੇ ਸਹਿਯੋਗ ਨਾਲ ਵੱਧ ਚੜ ਕੇ ਇਸ ਉਤਸਵ ਨੂੰ ਸਫਲ ਬਣਾਉਣ ਲਈ ਬਣਦਾ ਯੋਗਦਾਨ ਦਿੱਤਾ। ਇਸ ਮੌਕੇ ਸ੍ਰੀ ਲਕਸ਼ਮਣ ਸਿੰਘ ਰਾਵਤ (ਡਾਇਰੈਕਟਰ),ਮੈ. ਹਰਪ੍ਰੀਤ ਕੌਰ, ਮੈ. ਸੰਦੀਪ ਕੌਰ ,ਮੈ. ਰਵਨੀਤ ਕੌਰ ,ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

### ਉਦਘਾਟਨ ਦੀ ਉਡੀਕ ਵਿਚ ਪ੍ਰਾਇਮਰੀ ਹੈਲਥ ਸੈਂਟਰ ਅਰਮਾਨਪੁਰਾ ਦੀ ਇਮਾਰਤ

# ਮਰੀਜਾਂ ਨੂੰ ਦਵਾਈਆਂ ਦੇਣ ਸਮੇਤ ਰਹਿਣ—ਸਹਿਣ ਦੇ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਨੇ ਕੀਤੇ ਪ੍ਰਬੰਧ





**ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :—** ਪਿੰਡ ਅਰਮਾਨਪੁਰਾ (ਆਸਲ) ਅਤੇ ਆਸ—ਪਾਸ ਦੇ ਇਲਾਕਾ ਨਿਵਾਸੀਆਂ ਨੂੰ ਬਿਹਤਰ ਅਤੇ ਸੁਚੱਜੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਬਣਿਆ ਪ੍ਰਾਇਮਰੀ ਹੈਲਥ ਸੈਂਟਰ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲੋਕਾਂ ਨੇ ਦੱਸਿਆ ਕਿ ਲੱਖਾਂ ਦੀ ਲਾਗਤ ਨਾਲ ਤਿਆਰ ਹੋਇਆ ਪ੍ਰਾਇਮਰੀ ਹੈਲਥ ਸੈਂਟਰ ਅਰਮਾਨਪੁਰਾ (ਆਸਲ) ਉਦਘਾਟਨ ਦੀ ਉਡੀਕ ਵਿਚ ਹੈ ਅਤੇ ਕਦੋਂ ਇਸ ਦਾ ਉਦਘਾਟਨ ਹੋਵੇ ਅਤੇ ਕਦੋਂ ਇਥੇ ਡਾਕਟਰਾਂ ਦੀ ਟੀਮ ਪੁੱਜ ਕੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰ ਸਕੇ। ਇਸ ਸਬੰਧੀ ਜਾਣਕਾਰੀ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਰਾਹੀਂ ਲੋਕਾਂ ਨੂੰ ਮੁੱਢਲੀ ਸਿਹਤ ਜਾਂਚ, ਆਮ ਬਿਮਾਰੀਆਂ ਦਾ ਇਲਾਜ, ਟੀਕਾਕਰਨ ਅਤੇ ਹੋਰ ਮੁਹੱਲੀਆਂ ਸਿਹਤ ਸਹੂਲਤਾਂ ਪ੍ਰਦਾਨ ਹੋਣਗੀਆਂ, ਇਸ ਨਾਲ ਇਲਾਕੇ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਲਈ ਦੂਰ—ਦੁਰਾਡੇ ਜਾਣ ਦੀ ਲੋੜ ਘੱਟ ਪਵੇਗੀ। ਉਨ੍ਹਾਂ ਕਿਹਾ ਕਿ ਇਸ ਹਸਪਤਾਲ ਲਈ ਲੋੜੀਂਦਾ ਸਮਾਨ ਜਿਵੇਂ ਕਿ ਮਰੀਜਾਂ ਲਈ ਬੈਡ, ਐਕਸਰੇ ਮਸ਼ੀਨ, ਐਬੂਲੈਂਸ ਅਤੇ ਸਾਰਾ ਫਰਨੀਚਰ ਪੀ.ਐਚ.ਸੀ ਵਿਚ ਪੁੱਜ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮਰੀਜਾਂ ਦੀਆਂ ਦਵਾਈਆਂ ਲਈ ਵੀ ਗੁਰਦੁਆਰਾ ਸਾਹਿਬ ਵੱਲੋਂ ਪ੍ਰਬੰਧ ਕੀਤਾ ਗਿਆ ਹੈ ਅਤੇ ਮਰੀਜਾਂ ਦੇ ਪਰਿਵਾਰਕ ਮੈਂਬਰਾਂ ਲਈ ਕਮਰਿਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਵਿਚ ਇਲਾਜ ਕਰਵਾਉਣ ਆਉਣ ਵਾਲੇ ਮਰੀਜਾਂ ਦੇ ਪਰਿਵਾਰਕ ਮੈਂਬਰਾਂ ਲਈ 24 ਘੰਟੇ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

# ਹਰਿਆਣਾ ਵਿੱਚ ਸਿੱਖਾਂ ਦੀ ਜਾਇਜ ਮੰਗ ਮੰਨਣ ਦੀ ਬਜਾਏ ਤਸ਼ੱਦਦ ਕਰਕੇ ਵੱਡੇ ਲੀਡਰਾਂ ਨੂੰ ਜਖਮੀ ਕਰਨਾ ਬਹੁਤ ਹੀ ਮੰਦਭਾਗਾ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਹਰਿਆਣਾ ਦੇ ਸਿੱਖਾਂ ਵੱਲੋਂ ਲੁਧਿਆਣਾ ਦੇ ਇਕ ਸਿੱਖ ਵਿਰੋਧੀ ਅਨਸਰ ਦੀ ਗੁੰਡਾਗਰਦੀ ਖਿਲਾਫ ਪਰਚਾ ਦਰਜ ਕਰਾਉਣ ਲਈ ਕੱਲ੍ਹ ਜੋ ਰੋਸ ਧਰਨਾ ਦਿੱਤਾ ਜਾ ਰਿਹਾ ਸੀ, ਉਸ ਜਾਇਜ ਮੰਗ ਨੂੰ ਕਾਨੂੰਨੀ ਆਧਾਰ 'ਤੇ ਮੰਨਣ ਦੀ ਬਜਾਏ, ਸਿੱਖ ਸੰਗਤਾਂ ਦੀ ਆਵਾਜ ਨੂੰ ਤਸ਼ੱਦਦ ਨਾਲ ਦਬਾਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜਿਸ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਸਮੇਤ ਕਈ ਲੋਕ ਜਖਮੀ ਹੋਏ। ਇਹਨਾਂ ਸੰਗਤਾਂ ਦੀ ਇਕ ਜਾਇਜ ਮੰਗ ਸੀ ਕਿ ਲੋਕਾਂ ਉੱਤੇ ਗੱਡੀ ਚੜ੍ਹਾਉਣ ਵਾਲੇ ਗੁਰਸਿਮਰਨ ਮੰਡ ਖਿਲਾਫ ਪਰਚਾ ਦਰਜ ਕਰਕੇ ਪਿਉ ਪੁਤਰ ਨੂੰ ਗ੍ਰਿਫਤਾਰ ਕੀਤਾ ਜਾਵੇ ਅਤੇ ਨਜਾਇਜ ਫੜੇ ਹੋਏ ਸਿੰਘ ਰਿਹਾ ਕੀਤੇ ਜਾਣ। ਜਦੋਂ ਪ੍ਰਸ਼ਾਸਨ ਨੇ ਇਸ ਮੰਗ ਵੱਲ ਕੋਈ ਤਵੱਜੋਂ ਨਹੀਂ ਦਿੱਤੀ ਤਾਂ ਮਜਬੂਰੀ ਵੱਸ ਸੰਗਤਾਂ ਨੂੰ ਸੜਕ ਜਾਮ ਕਰਨ ਲਈ ਧਰਨਾ ਲਾਉਣਾ ਪਿਆ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਲੋਕਤੰਤਰ ਵਿੱਚ ਲੋਕਾਂ ਕੋਲ ਆਪਣੀ ਗੱਲ ਮੰਨਵਾਉਣ ਦਾ ਇਹੋ ਰਾਹ ਹੁੰਦਾ ਹੈ। ਪਰ ਹਰਿਆਣਾ ਪੁਲਸ ਜੋ ਪਹਿਲਾਂ ਤੋਂ ਹੀ ਸਿੱਖ ਵਿਰੋਧੀ ਵਜੋਂ ਆਪਣੀ ਪਛਾਣ ਬਣਾ ਚੁੱਕੀ ਹੈ, ਉਸਨੇ ਲਾਠੀਚਾਰਜ ਦਾ ਰਾਹ ਅਪਣਾਇਆ ਅਤੇ ਸੰਗਤਾਂ ਨੂੰ ਜਖਮੀ ਕੀਤਾ। ਉਹਨਾਂ ਕਿਹਾ ਕਿ ਅਸੀਂ ਇਸ ਜੁਲਮੀ ਤਸ਼ੱਦਦ ਦੀ ਸਖਤ ਨਿੰਦਾ ਕਰਦੇ ਹੋਏ ਮੰਗ ਕਰਦੇ ਹਾਂ ਕਿ ਸਿੱਖਾਂ ਦੀਆਂ ਮੰਗਾਂ ਤੁਰੰਤ ਮੰਨੀਆ ਜਾਣ ਅਤੇ ਇਸ ਲਾਠੀਚਾਰਜ ਰਾਹੀਂ ਲੋਕਾਂ ਨੂੰ ਜਖਮੀ ਕਰਨ ਵਾਲੇ ਪੁਲਸ ਮੁਲਾਜ਼ਮਾਂ ਤੇ ਕਾਰਵਾਈ ਕੀਤੀ ਜਾਵੇ। ਅਸੀਂ ਜਥੇਦਾਰ ਜਗਦੀਸ਼ ਸਿੰਘ ਝੀਂਡਾ ਅਤੇ ਜਖਮੀ ਹੋਣ ਵਾਲੇ ਸਾਰੇ ਸਿੰਘਾਂ ਦੀ ਚੜਦੀ ਕਲਾ ਅਤੇ ਸਿਹਤਯਾਬੀ ਲਈ ਅਰਦਾਸ ਕਰਦੇ ਹਾਂ। ਪ੍ਰੈਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਹੋਈ ਚਮੜੀ ਦੇ ਰੋਗਾਂ ਦਾ ਮਾਹਿਰ ਡਾਕਟਰ ਦੀ ਨਿਯੁਕਤੀ



ਤਲਵੰਡੀ ਸਾਬੋ, 14 ਅਗਸਤ (ਗੁਰਜੰਟ ਸਿੰਘ ਨਥੇਹਾ)- ਮਾਣਯੋਗ ਸਿਹਤ ਮੰਤਰੀ ਪੰਜਾਬ, ਤਲਵੰਡੀ ਸਾਬੋ ਹਲਕਾ ਵਿਧਾਇਕਾ ਕੈਬਨਿਟ ਰੈਂਕ ਬੀਬਾ ਬਲਜਿੰਦਰ ਕੌਰ ਅਤੇ ਮਾਣਯੋਗ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੀ ਰਹਿਨੁਮਾਈ ਹੇਠ ਚੱਲ ਰਹੀ ਇੰਮਪੈਨਲਮੈਂਟ ਸਕੀਮ ਦੇ ਤਹਿਤ ਮਾਣਯੋਗ ਐਸ.ਐਮ.ਓ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਪਿਛਲੇ ਕਈ ਮਹੀਨਿਆਂ ਤੋਂ ਚਮੜੀ ਦੇ ਰੋਗਾਂ ਦੇ ਡਾਕਟਰ ਨੂੰ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਇੰਮਪੈਨਲ ਕਰਵਾਉਣ ਲਈ ਯਤਨਸ਼ੀਲ ਸਨ। ਵਧ ਰਹੀ ਗਰਮੀ ਦੇ ਪ੍ਰਭਾਵ ਕਾਰਨ ਸਾਬ ਡਵੀਜ਼ਨ ਹਸਪਤਾਲ ਤਲਵੰਡੀ ਸਾਬੋ ਵਿਖੇ ਪਿਛਲੇ ਸਮੇਂ ਵਿੱਚ ਵੱਖ-ਵੱਖ ਤਰਾਂ ਦੇ ਅਲਰਜੀ ਅਤੇ ਚਮੜੀ ਦੇ ਰੋਗਾਂ ਦੇ ਮਰੀਜ਼ ਬਹੁਤ ਆ ਰਹੇ ਸਨ ਅਤੇ ਚਮੜੀ ਦੇ ਡਾਕਟਰ ਦੇ ਨਾਂ ਹੋਣ ਕਾਰਨ ਖੱਜਲ-ਖੁਆਰ ਹੋ ਰਹੇ ਸਨ। ਐਸ.ਐਮ.ਓ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਦੇ ਕਈ ਮਹੀਨਿਆਂ ਦੇ ਯਤਨ ਚੱਲ ਰਹੇ ਸਨ ਕਿ ਚਮੜੀ ਦੇ ਡਾਕਟਰ ਨੂੰ ਤਲਵੰਡੀ ਸਾਬੋ ਵਿਖੇ ਲਿਆਂਦਾ ਜਾਵੇ ਤਾਂ ਜੋ ਮਰੀਜ਼ਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕੀਤੀਆ ਜਾ ਸਕਣ। ਇਨਾਂ ਯਤਨਾਂ ਨੂੰ ਕਾਮਯਾਬੀ ਉਦੋਂ ਮਿਲੀ ਜਦੋਂ ਮਾਣਯੋਗ ਪੰਜਾਬ ਸਰਕਾਰ, ਮਾਣਯੋਗ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਸੇਵਾਵਾਂ ਪੰਜਾਬ ਅਤੇ ਮਾਣਯੋਗ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਵੱਲੋਂ ਇੰਮਪੈਨਲਮੈਂਟ ਸਕੀਮ ਦੇ ਤਹਿਤ ਡਾ. ਅਭੀ ਗੋਇਲ ਐਮ.ਡੀ ਚਮੜੀ ਦੇ ਰੋਗਾਂ ਦੇ ਮਾਹਿਰ ਨੂੰ ਨਿਯਮਾਂ ਮੁਤਾਬਿਕ ਇੰਮਪੈਨਲਮੈਂਟ ਕਰਕੇ ਉਨਾਂ ਦੀ ਨਿਯੁਕਤੀ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਕਰ ਦਿੱਤੀ ਗਈ, ਜਿਸ ਤੋਂ ਬਾਅਦ ਉਹ ਮਿਤੀ 12 ਅਗਸਤ 2026 ਨੂੰ ਡਿਊਟੀ ਜੁਆਇਨ ਕਰ ਗਏ ਤੇ ਕਮਰਾ ਨੰਬਰ-11 ਵਿਖੇ ਆਪਣੀਆਂ ਸੇਵਾਵਾਂ ਸ਼ੁਰੂ ਕਰ ਦਿੱਤੀਆਂ। ਇਨਾਂ ਦੀ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਕੀਤੀ ਗਈ ਨਿਯੁਕਤੀ ਨਾਲ ਇਲਾਕੇ ਦੇ ਲੋਕਾਂ ਨੂੰ ਸਿੱਧਾ ਫਾਇਦਾ ਹੋਵੇਗਾ। ਡਾ. ਰਵੀ ਕਾਂਤ ਗੁਪਤਾ ਵੱਲੋਂ ਪੰਜਾਬ ਸਰਕਾਰ, ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ, ਡਾਇਰੈਕਟਰ ਸਿਹਤ ਸੇਵਵਾਂ ਅਤੇ ਬੀਬਾ ਬਲਜਿੰਦਰ ਕੌਰ, ਸਿਵਲ ਸਰਜਨ ਬਠਿੰਡਾ ਡਾ. ਤਪਿੰਦਰ ਜੋਤ ਕੌਸ਼ਲ ਦਾ ਡਾ. ਅਭੀ ਗੋਇਲ ਐਮ.ਡੀ ਦੀ ਇੰਮਪੈਨਲਮੈਂਟ ਨਿਯੁਕਤੀ ਕਰਨ ਤੇ ਧੰਨਵਾਦ ਕੀਤਾ। ਇਸ ਮੌਕੇ ਡਾ. ਅਭੀ ਗੋਇਲ ਨੇ ਕਿਹਾ ਕਿ ਉਹ ਪੂਰੀ ਮਿਹਨਤ ਅਤੇ ਲਗਨ ਨਾਲ ਲੋਕਾਂ ਨੂੰ ਸੰਭਵ ਸੇਵਾਵਾਂ ਦੇਣਗੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਕੁੜੀਆਂ-ਚਿੜੀਆਂ ਤੇ ਸੁਆਣੀਆਂ ਦਾ ਤਿਉਹਾਰ

# 'ਵਿਰਾਸਤ-ਏ-ਤੀਜ਼' ਦਾ ਸ਼ਾਨਦਾਰ ਆਯੋਜਨ




ਤਲਵੰਡੀ ਸਾਬੋ, 14 ਅਗਸਤ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਯੁਵਾ ਤੇ ਸੱਭਿਆਚਾਰਕ ਮਾਮਲੇ ਵੱਲੋਂ, ਖੁਸ਼ੀਆਂ, ਬਦਲਦੇ ਮੌਸਮ, ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਅਤੇ ਕੁੜੀਆਂ-ਚਿੜੀਆਂ ਤੇ ਸੁਆਣੀਆਂ ਦਾ ਤਿਉਹਾਰ " ਵਿਰਾਸਤ-ਏ-ਤੀਜ਼" ਬੜੇ ਚਾਵਾਂ-ਮਲਾਰ੍ਹਾਂ ਨਾਲ ਮਨਾਇਆ ਗਿਆ। ਸਮਾਰੋਹ ਦਾ ਆਗਾਜ਼ ਮੁੱਖ-ਮਹਿਮਾਨ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਫੀਤਾ ਕੱਟ ਕੇ ਕੀਤਾ। ਇਸ ਮੌਕੇ ਰੰਗ-ਬਰੰਗੀਆਂ ਫੁਲਕਾਰੀਆਂ ਨਾਲ ਸਜੇ ਆਡੀਟੋਰੀਅਮ ਅਤੇ ਮੈਦਾਨ ਵਿੱਚ ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕਾਂ, ਸਟਾਫ਼, ਵੱਖ-ਵੱਖ ਰਾਜਾਂ ਦੇ ਤੇ ਵਿਦੇਸ਼ੀ ਵਿਦਿਆਰਥੀਆਂ ਨੇ ਸੋਹਣੇ ਪੰਜਾਬੀ ਰਵਾਇਤੀ ਪਹਿਰਾਵੇ, ਵਿੱਚ ਸ਼ਿਰਕਤ ਕੀਤੀ। ਪੇਸ਼ ਕੀਤੇ ਗਏ ਪੰਜਾਬੀ ਗੀਤਾਂ ਤੇ ਨਾਚਾਂ ਨੇ ਹਾਜ਼ਰੀਨਾਂ ਦੇ ਪੈਰ ਥਿਰਕਣ ਲਾ ਦਿੱਤੇ। ਸਮਾਰੋਹ ਦੀ ਸ਼ੁਰੂਆਤ ਮੌਕੇ ਮੁੱਖ ਮਹਿਮਾਨ ਡਾ. ਸਿੰਘ ਨੇ ਕਿਹਾ ਕਿ ਤੀਜ਼ ਸਿਰਫ਼ ਖੁਸ਼ੀਆਂ ਮਨਾਉਣ ਦਾ ਤਿਉਹਾਰ ਨਹੀਂ, ਸਗੋਂ ਇਹ ਨਾਰੀਤਵ, ਰਿਸ਼ਤਿਆਂ ਦੀ ਪਾਕੀਜ਼ਗੀ ਅਤੇ ਕੁਦਰਤ ਦੇ ਬਦਲਣ ਦਾ ਜਸ਼ਨ ਹੈ। ਉਹਨਾਂ ਕਿਹਾ ਕਿ ਇਹ ਤਿਉਹਾਰ ਰਵਾਇਤੀ ਤੌਰ ਤੇ ਮਾਨਸੂਨ ਨਾਲ ਜੁੜਿਆ, ਔਰਤਾਂ ਅਤੇ ਕੁੜੀਆਂ ਨੂੰ ਇੱਕਠੇ ਹੋ ਕੇ ਲੋਕ ਗੀਤ, ਗੀਤ ਗਾਉਣ, ਦੋਸਤੀ ਅਤੇ ਪਰਿਵਾਰਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਦਾ ਤਿਉਹਾਰ ਹੈ। ਉਹਨਾਂ ਇਹ ਵੀ ਕਿਹਾ ਕਿ ਇਹ ਤਿਉਹਾਰ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਜੀਵੰਤ ਰੱਖਣ ਦਾ ਵੀ ਜ਼ਰੀਆ ਹੈ, ਜੋ ਪਰੰਪਰਾਵਾਂ, ਸੰਗੀਤ, ਪਹਿਰਾਵੇ, ਪੱਕਵਾਨਾਂ ਅਤੇ ਕਲਾਤਮਕ ਪ੍ਰਗਟਾਵਿਆਂ ਨੂੰ ਸੰਭਾਲਦਾ ਹੈ। ਆਪਣੇ ਸੁਆਗਤੀ ਭਾਸ਼ਣ ਵਿੱਚ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ ਨੇ ਦੱਸਿਆ ਕਿ ਸਮਾਗਮ ਦਾ ਉਦੇਸ਼ ਸਿਰਫ਼ ਮਨੋਰੰਜਨ ਪ੍ਰਦਾਨ ਕਰਨਾ ਨਹੀਂ, ਸਗੋਂ ਸਾਂਝੀ ਵਾਲਤਾ ਅਤੇ ਆਪਣੀ ਵਿਰਾਸਤ ਪ੍ਰਤੀ ਮਾਣ ਦੀ ਭਾਵਨਾ ਪੈਦਾ ਕਰਨਾ ਹੈ। ਉਹਨਾਂ ਕਿਹਾ ਕਿ ਅਜਿਹੇ ਮੌਕੇ ਵਿਦਿਆਰਥੀਆਂ ਨੂੰ ਆਪਣੀ ਵਿਰਾਸਤ ਦੀ ਅਮੀਰੀ ਨੂੰ ਮਾਨਣ ਅਤੇ ਤੇਜ਼ੀ ਨਾਲ ਬਦਲ ਰਹੇ ਸਮਾਜਿਕ ਪਰਿਵੇਸ਼ ਨੂੰ ਸੰਭਾਲਣ ਤੇ ਰਵਾਇਤੀ ਕਲਾ-ਰੂਪਾਂ ਨੂੰ ਸਮਝਣ ਦੇ ਮੌਕੇ ਪ੍ਰਦਾਨ ਕਰਦੇ ਹਨ। ਉਹਨਾਂ ਕਿਹਾ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਹਮੇਸ਼ਾ ਹੀ ਅਜਿਹੇ ਸਿਰਜਨਾਤਮਕ ਪ੍ਰੋਗਰਾਮ ਕਰਕੇ ਵਿਦਿਆਰਥੀਆਂ ਨੂੰ ਸੱਭਿਆਚਾਰ ਨਾਲ ਜੋੜਣ ਦੇ ਯਤਨ ਕੀਤੇ ਜਾਂਦੇ ਹਨ। ਸਮਾਰੋਹ ਵਿੱਚ ਵਿਦਿਆਰਥੀਆਂ ਵੱਲੋਂ ਢੋਲਕੀ ਦੀ ਖ਼ੂਬਸੂਰਤ ਤਾਲ ਤੇ ਮਨਮੋਹਕ ਪੰਜਾਬੀ ਲੋਕ-ਨਾਚ ਗਿੱਧਾ, ਜੋਸ਼ੀਲੇ ਗੀਤ, ਮਿੱਠੀਆਂ ਰੋਮਾਂਚਕ ਧੁਨਾਂ ਨਾਲ ਲਬਰੇਜ਼ ਪੰਜਾਬੀ ਗੀਤ, ਨੌਜਵਾਨੀ ਨੂੰ ਨਵੇਂ ਉਦਮ ਕਰਨ ਲਈ ਪ੍ਰੇਰਦੀ ਸ਼ਾਇਰੀ, ਕਵਿਤਾਵਾਂ ਅਤੇ ਵੱਖ-ਵੱਖ ਸੱਭਿਆਚਾਰਕ ਵੰਨਗੀਆਂ ਦਾ ਖ਼ੂਬਸੂਰਤ ਪ੍ਰਦਸ਼ਨ ਕੀਤਾ ਗਿਆ। ਰੰਗ-ਬਿਰੰਗੇ ਫੁੱਲਾਂ ਨਾਲ ਸਜੀ ਪੀਂਘ ਤੇ ਝੂਲਦੀਆਂ ਮੁਟਿਆਰਾਂ ਨੇ ਖ਼ੂਬਸੂਰਤ ਗੀਤਾਂ ਨਾਲ ਇੰਝ ਲੱਗਦਾ ਸੀ ਜਿਵੇਂ ਸਮਾਂ ਹੀ ਰੋਕ ਦਿੱਤਾ ਹੋਵੇ। ਵਿਦੇਸ਼ੀ ਅਤੇ ਪੰਜਾਬੀ ਮੁਟਿਆਰਾਂ ਵੱਲੋਂ ਪੇਸ਼ ਕੀਤੇ ਭੰਗੜੇ ਨੇ ਦਰਸ਼ਕਾਂ ਨੂੰ ਨੱਚਣ ਲਾ ਦਿੱਤਾ। ਡਾ. ਜੀਨੀਅਸ ਵਾਲੀਆ ਨੇ ਆਪਣੇ ਵਿਲੱਖਣ ਅੰਦਾਜ਼ ਵਿੱਚ ਮੰਚ-ਸੰਚਾਲਨ ਕਰਕੇ ਦਰਸ਼ਕਾਂ ਦੀ ਖ਼ੂਬ ਵਾਹ-ਵਾਬ ਖੱਟੀ।

### ਭਾਈ ਜਗਤਾਰ ਸਿੰਘ ਹਵਾਰਾ ਦੀ ਰਿਹਾਈ ਲਈ

# ਕੀਤੇ ਜਾ ਰਹੇ ਯਤਨਾਂ ਦੀ ਫੈਡਰੇਸ਼ਨ ਮਹਿਤਾ ਵੱਲੋਂ ਸ਼ਲਾਘਾ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਦਿੱਲੀ ਦੀ ਤਿਹਾੜ ਜੇਲ੍ਹ ਵਿਚ ਬੰਦ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਤੇ ਰਿਹਾਈ ਲਈ ਜ਼ੋ ਵੱਖ—ਵੱਖ ਆਗੂਆਂ ਵੱਲੋਂ ਯਤਨ ਆਰੰਭੇ ਗਏ ਹਨ, ਉਸ ਦੀ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਅੱਜ ਫ਼ਿਰੋਜ਼ਪੁਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਰਵਨੀਤ ਸਿੰਘ ਬਿੱਟੂ ਵੱਲੋਂ ਜ਼ੋ ਵੱਖਰੇ—ਵੱਖਰੇ ਤੌਰ ਤੇ ਪੰਜਾਬ ਦੇ ਰਾਜਪਾਲ ਕੋਲ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਵਿਗੜੀ ਸਿਹਤ ਨੂੰ ਲੈ ਕੇ ਤਰਸ ਦੇ ਆਧਾਰ ਤੇ ਜ਼ੋ ਭਾਈ ਹਵਾਰਾ ਨੂੰ ਪੈਰੋਲ ਦੇਣ ਸਬੰਧੀ ਇਨਸਾਨੀਅਤ ਦੇ ਨਾਤੇ ਨਾਲ ਜ਼ੋ ਅਪੀਲ ਕੀਤੀ ਜਾ ਰਹੀ ਹੈ, ਉਸ ਤੋਂ ਲੱਗਦਾ ਹੈ ਕਿ ਉਨ੍ਹਾਂ ਨੂੰ ਜਲਦੀ ਹੀ ਪੈਰੋਲ ਮਿਲੇਗੀ ਅਤੇ ਇਹ ਇਕ ਸਰਕਾਰਾਂ ਦੀ ਸ਼ੁਭ ਸ਼ਗਨ ਹੋਵੇਗਾ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਇਹ ਪੈਰੋਲ ਘੱਟੋ—ਘੱਟ ਦੋ ਮਹੀਨੇ ਦੀ ਹੋਣੀ ਚਾਹੀਦੀ ਹੈ ਤਾਂ ਜ਼ੋ ਭਾਈ ਹਵਾਰਾ ਆਪਣੀ ਮਾਤਾ ਦੇ ਕੋਲ ਰਹਿ ਕੇ ਉਨ੍ਹਾਂ ਦਾ ਠੀਕ ਤਰੀਕੇ ਨਾਲ ਇਲਾਜ ਕਰਾ ਸਕਣ। ਆਗੂਆਂ ਨੇ ਇਹ ਵੀ ਕਿਹਾ ਕਿ ਭਾਈ ਹਵਾਰਾ ਤੋਂ ਵੱਧ ਸੰਗੀਨ ਦੋਸ਼ਾਂ ਦਾ ਸਾਹਮਣਾ ਕਰ ਰਹੇ ਡੇਰਾ ਸਿਰਸਾ ਮੁੱਖੀ ਨੂੰ ਵਾਰ—ਵਾਰ 45—45 ਦਿਨ ਵੀ ਪੈਰੋਲ ਦੇ ਕੇ ਸਿੱਖ ਕੌਮ ਦੇ ਹਿਰਦੇ ਵਲੂੰਧਰੇ ਜਾ ਰਹੇ ਹਨ, ਪਰ ਭਾਈ ਹਵਾਰਾ ਤੇ ਉਸ ਤੋਂ ਕਿਤੇ ਘੱਟ ਦੋਸ਼ ਹਨ ਅਤੇ ਉਹ ਆਪਣੀ ਸਜਾ ਵੀ ਪੂਰੀ ਕਰ ਚੁੱਕੇ ਹਨ, ਇਸ ਲਈ ਉਨ੍ਹਾਂ ਨੂੰ ਕੇਵਲ ਦਸ ਦਿਨ ਦੀ ਪੈਰੋਲ ਲਈ ਸਿਫਾਰਸ਼ ਕਰਨੀ ਉਨ੍ਹਾਂ ਲਈ ਇਨਸਾਫ ਵਾਲੀ ਗੱਲ ਨਹੀਂ। ਅਖੀਰ ਵਿਚ ਭਗਵੰਤ ਸਿੰਘ ਮਾਨ ਅਤੇ ਰਵਨੀਤ ਸਿੰਘ ਬਿੱਟੂ ਦੀ ਫੈਡਰੇਸ਼ਨ ਮਹਿਤਾ ਆਗੂਆਂ ਨੇ ਸਰਾਹਨਾ ਕਰਦਿਆਂ ਕਿਹਾ ਕਿ ਇਸ ਨਾਲ ਅਮਨ ਕਾਨੂੰਨ ਬਿਲਕੁਲ ਸਾਰਥਕ ਰਹੇਗਾ ਅਤੇ ਲੋਕ ਸ਼ਾਂਤੀ ਰੱਖਣਗੇ ਤਾਂ ਕਿ ਆਉਣ ਵਾਲੇ ਸਮੇਂ ਵਿਚ ਵੀ ਭਾਈ ਹਵਾਰਾ ਨੂੰ ਪੈਰੋਲ ਮਿਲਦੀ ਰਹੇ। ਇਸ ਸਮੇਂ ਭਾਈ ਜਸਪਾਲ ਸਿੰਘ ਦੇ ਨਾਲ ਸੁਖਦੇਵ ਸਿੰਘ ਲਾਡਾ, ਗਗਨਦੀਪ ਸਿੰਘ ਚਾਵਲਾ, ਉਡੀਕ ਸਿੰਘ ਕੁੰਡੇ, ਮਨਜੀਤ ਸਿੰਘ ਔਲਖ, ਡਾ: ਗੁਰਮੀਤ ਸਿੰਘ, ਕੁਲਦੀਪ ਸਿੰਘ ਨੰਢਾ ਤੇ ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ ਵੀ ਹਾਜ਼ਰ ਸਨ।

**ਭਾਈ ਹਵਾਰਾ ਦੀ ਪੈਰੋਲ ਘੱਟੋ-ਘੱਟ ਦੋ ਮਹੀਨੇ ਦੀ ਹੋਵੇ : ਭਾਈ ਜਸਪਾਲ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹੁਸੈਨੀਵਾਲਾ ਬਾਰਡਰ 'ਤੇ 60 ਫੁੱਟ ਉੱਚਾ ਤਿਰੰਗਾ ਭੇਂਟ, ਬਜ਼ੁਰਗਾਂ ਤੇ ਦਿਵਿਆਂਗਾਂ ਲਈ ਈ.ਵੀ. ਵਾਹਨ ਦੀ ਸਹੂਲਤ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— 80ਵੇਂ ਆਜ਼ਾਦੀ ਦਿਵਸ ਦੇ ਮੱਦੇਨਜ਼ਰ ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਦੇਸ਼ ਭਗਤੀ ਅਤੇ ਸਮਾਜ ਸੇਵਾ ਦੀ ਮਿਸਾਲ ਪੇਸ਼ ਕਰਦਿਆਂ ਹੁਸੈਨੀਵਾਲਾ ਬਾਰਡਰ 'ਤੇ ਬੀ.ਐਸ.ਐਫ. ਨੂੰ 60 ਫੁੱਟ ਉੱਚਾ ਰਾਸ਼ਟਰੀ ਝੰਡਾ ਭੇਂਟ ਕੀਤਾ ਗਿਆ। ਇਹ ਤਿਰੰਗਾ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਦਿਨ ਰਾਤ ਡਿਊਟੀ ਨਿਭਾ ਰਹੇ ਬੀ.ਐਸ.ਐਫ ਜਵਾਨਾਂ ਪ੍ਰਤੀ ਸਨਮਾਨ ਅਤੇ ਧੰਨਵਾਦ ਦੇ ਪ੍ਰਤੀਕ ਵਜੋਂ ਭੇਂਟ ਕੀਤਾ ਗਿਆ। ਇਸ ਦੇ ਨਾਲ ਹੀ ਹਸਪਤਾਲ ਵੱਲੋਂ ਹੁਸੈਨੀਵਾਲਾ ਬਾਰਡਰ 'ਤੇ ਪਹੁੰਚਣ ਵਾਲੇ ਬਜ਼ੁਰਗਾਂ ਅਤੇ ਦਿਵਿਆਂਗ ਵਿਅਕਤੀਆਂ ਦੀ ਸਹੂਲਤ ਲਈ ਇਲੈਕਟ੍ਰਿਕ ਵਾਹਨ (ਈ.ਵੀ) ਦੀ ਵਿਵਸਥਾ ਵੀ ਕੀਤੀ ਗਈ। ਇਸ ਨਾਲ ਆਜ਼ਾਦੀ ਦਿਵਸ ਸਮਾਗਮ ਦੌਰਾਨ ਬਜ਼ੁਰਗਾਂ ਅਤੇ ਦਿਵਿਆਂਗਾਂ ਨੂੰ ਬਾਰਡਰ ਖੇਤਰ ਅੰਦਰ ਆਉਣ ਜਾਣ ਵਿੱਚ ਆਸਾਨੀ ਹੋਵੇਗੀ। ਅਮਨਦੀਪ ਹਸਪਤਾਲ ਫਿਰੋਜ਼ਪੁਰ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਕਿਹਾ ਕਿ 60 ਫੁੱਟ ਉੱਚਾ ਤਿਰੰਗਾ ਰਾਸ਼ਟਰੀ ਮਾਣ ਅਤੇ ਦੇਸ਼ ਭਗਤੀ ਦਾ ਪ੍ਰਤੀਕ ਹੈ, ਜਦਕਿ ਈ.ਵੀ. ਦੀ ਸਹੂਲਤ ਰਾਹੀਂ ਹਸਪਤਾਲ ਵੱਲੋਂ ਆਜ਼ਾਦੀ ਦਿਵਸ ਸਮਾਗਮ ਨੂੰ ਹਰ ਵਰਗ ਲਈ ਸੁਗਮ ਬਣਾਉਣ ਦਾ ਯਤਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਰੱਖਿਆ ਕਰਨ ਵਾਲੇ ਬੀ.ਐਸ.ਐਫ ਜਵਾਨਾਂ ਦਾ ਸਨਮਾਨ ਕਰਨਾ ਹਰ ਨਾਗਰਿਕ ਦਾ ਫਰਜ਼ ਹੈ। ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਵਤਾਰ ਸਿੰਘ ਨੇ ਕਿਹਾ ਕਿ ਇਹ ਪਹਿਲਕਦਮੀਆਂ ਰਾਸ਼ਟਰ ਸੇਵਾ ਅਤੇ ਲੋਕ ਸੇਵਾ ਦੀ ਭਾਵਨਾ ਨੂੰ ਦਰਸਾਉਂਦੀਆਂ ਹਨ। ਹਸਪਤਾਲ ਸਿਹਤ ਸੇਵਾਵਾਂ ਦੇ ਨਾਲ ?ਨਾਲ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਲਈ ਵੀ ਵਚਨਬੱਧ ਹੈ। ਇਸ ਮੌਕੇ ਹਸਪਤਾਲ ਦੇ ਸਟਾਫ਼, ਬੀ.ਐਸ.ਐਫ. ਅਧਿਕਾਰੀਆਂ ਅਤੇ ਸਥਾਨਕ ਲੋਕਾਂ ਨੇ ਸ਼ਮੂਲੀਅਤ ਕੀਤੀ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 25 ਅਗਸਤ ਨੂੰ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ ਅਤੇ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਛੱਪੜੀ ਸਾਹਿਬ, ਪਿੰਡ ਤੂਤ (ਜ਼ਿਲ੍ਹਾ ਫਿਰੋਜ਼ਪੁਰ) ਵਿਖੇ 25 ਅਗਸਤ 2026 (ਭਾਦੋਂ) ਦਿਨ ਮੰਗਲਵਾਰ ਨੂੰ ਬਹੁਤ ਹੀ ਸ਼ਰਧਾ ਅਤੇ ਫ਼ਰੋਖ਼ਤ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਸ਼ਹੀਦ ਬਾਬਾ ਹਿੰਮਤ ਸਿੰਘ ਚੈਰੀਟੇਬਲ ਸਭਾ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਤੂਤ ਦੀ ਸਮੂਹ ਸੰਗਤ ਦੇ ਵਿਸ਼ੇਸ਼ ਸਹਿਯੋਗ ਨਾਲ ਉਲੀਕਿਆ ਗਿਆ ਹੈ। ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਧਾਰਮਿਕ ਦੀਵਾਨ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਹੋਵੇਗਾ। ਇਸ ਰੂਹਾਨੀ ਸਮਾਗਮ ਦੌਰਾਨ ਵੱਖ—ਵੱਖ ਉੱਚ ਕੋਟੀ ਦੇ ਸੰਤ ਮਹਾਂਪੁਰਖ, ਪੰਥਕ ਢਾਡੀ ਜਥੇ ਅਤੇ ਰਾਗੀ ਸਿੰਘ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ, ਹਰਿਜਸ ਅਤੇ ਗੁਰੂਇਤਿਹਾਸ ਨਾਲ ਜੋੜਨਗੇ।ਇਸ ਮਹਾਨ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਨ ਵਾਲੇ ਪ੍ਰਮੁੱਖ ਮਹਾਂਪੁਰਖਾਂ ਅਤੇ ਜਥਿਆਂ ਵਿੱਚ ਸੰਤ ਬਾਬਾ ਅਵਤਾਰ ਸਿੰਘ (ਮੁਖੀ ਦਲ ਬਾਬਾ ਬਿਧੀ ਚੰਦ ਜੀ), ਸੰਤ ਬਾਬਾ ਸੁਖਦੇਵ ਸਿੰਘ (ਬੇਬੇ ਨਾਨਕੀ ਟਰੱਸਟ), ਸੰਤ ਬਾਬਾ ਜੋਗਾ ਸਿੰਘ (ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ), ਸੰਤ ਬਾਬਾ ਕੁਲਦੀਪ ਸਿੰਘ (ਰਤਨਗੜ੍ਹ ਛੰਨਾ ਵਾਲੇ), ਢਾਡੀ ਗੁਰਪ੍ਰਤਾਪ ਸਿੰਘ ਛੱਬਾ, ਰਣਜੀਤ ਸਿੰਘ ਕੰਗਾਲ (ਛੱਬਾ) ਅਤੇ ਸਾਥੀ (ਕਵੀਸ਼ਰੀ ਜਥਾ) ਗਿਆਨੀ ਸੁਖਜੀਤ ਸਿੰਘ ਖਾਲਸਾ ਕਥਾ ਕੀਰਤਨ ਰਾਹੀ ਸੰਗਤਾ ਨੂੰ ਗੁਰਬਾਣੀ ਨਾਲ ਜੋੜਨਗੇ। ਇਨ੍ਹਾਂ ਤੋਂ ਇਲਾਵਾ ਸਿੱਖ ਪੰਥ ਦੀਆਂ ਹੋਰ ਮਹਾਨ ਧਾਰਮਿਕ ਸ਼ਖ਼ਸੀਅਤਾਂ, ਰਾਜਨੀਤਿਕ ਆਗੂ ਅਤੇ ਸਮਾਜ ਸੇਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰ ਕੇ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੇ। ਸੰਤ ਬਾਬਾ ਬੋਹੜ ਸਿੰਘ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਸਮੇਂ ਸਿਰ ਪਰਿਵਾਰਾਂ ਸਮੇਤ ਗੁਰਦੁਆਰਾ ਛੱਪੜੀ ਸਾਹਿਬ ਵਿਖੇ ਪਹੁੰਚ ਕੇ ਗੁਰਮਤਿ ਵਿਚਾਰਾਂ ਸਰਵਣ ਕਰਨ, ਅੰਮ੍ਰਿਤ ਛਕ ਕੇ ਸਿੰਘ ਸਜਣ ਅਤੇ ਨਸ਼ਿਆਂ ਦਾ ਤਿਆਗ ਕਰਕੇ ਆਪਣੇ ਜੀਵਨ ਨੂੰ ਸਫ਼ਲਾ ਕਰਨ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਦੇ ਬੈਠਣ ਅਤੇ ਹੋਰ ਸਹੂਲਤਾਂ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।

# ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਦੀ ਡੀ.ਸੀ ਨਾਲ ਹੋਈ ਮੀਟਿੰਗ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਦੀ ਡੀ.ਸੀ ਫਿਰੋਜਪੁਰ ਨਾਲ ਮੀਟਿੰਗ ਹੋਈ, ਜਿਸ ਵਿੱਚ ਫਰੀਡਮ ਫਾਈਟਰਾਂ ਦੀਆਂ ਹੱਕੀ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਡੀ.ਸੀ ਸਾਹਿਬ ਦੇ ਨਾਲ ਐਡੀਸ਼ਨਲ ਡਿਪਟੀ ਕਮਿਸ਼ਨਰ ਵੀ ਹਾਜ਼ਰ ਸਨ, ਫਰੀਡਮ ਫਾਈਟਰ ਸੰਸਥਾ ਵੱਲੋਂ ਪੰਜ ਮੈਂਬਰੀ ਸੂਬਾ ਪੱਧਰੀ ਕਮੇਟੀ ਬਣਾ ਕੇ ਡੀ.ਸੀ ਸਾਹਿਬ ਨੂੰ ਦੱਸਿਆ ਗਿਆ ਕਿ ਸੀ.ਐਮ ਫਿਰੋਜਪੁਰ ਆ ਰਹੇ ਨੇ ਉਨ੍ਹਾਂ ਨਾਲ ਮੀਟਿੰਗ ਕਰਾਈ ਜਾਵੇ ਅਤੇ ਡੀ.ਸੀ ਸਾਹਿਬ ਨੇ ਇਸ ਬਾਰੇ ਹਾਂ ਪੱਖੀ ਜਵਾਬ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸੀ.ਐਮ ਸਾਹਿਬ ਨਾਲ ਸਾਡੀ ਮੀਟਿੰਗ ਹੁੰਦੀ ਹੈ ਤਾਂ ਅਸੀਂ 15 ਅਗਸਤ ਦਾ ਸਮਾਗਮ ਤੇ ਤਿਰੰਗੇ ਝੰਡੇ ਨੂੰ ਸਲਾਮੀ ਦੇਵਾਂਗੇ। ਇਸ ਵਿਚ ਜ਼ਿਲਾ ਪ੍ਰਧਾਨ ਪਰਵੀਨ ਕੁਮਾਰ ਜਿੰਦਲ, ਸੂਬਾ ਡਿਪਟੀ ਪ੍ਰਧਾਨ ਦਰਸ਼ਨ ਸਿੰਘ, ਇਕਬਾਲ ਸਿੰਘ, ਸਤਨਾਮ ਸਿੰਘ ਅਤੇ ਹੋਰ ਵੀ ਮੈਂਬਰ ਹਾਜਰ ਸਨ।


ON BEHALF OF MATA CHARANJIT KAUR JI
ਆਵਾਜ਼ਿ ਕੌਮ
AWAZE QAUM
International Newspaper & WEB TV
SHAHEEDI CONFERENCE
IN MEMORY OF SHAHEED BHAI AVTAR SINGH KHANDA
PATH SRI SUKHMANI SAHIB JI
DATE: SATURDAY, 15 AUGUST 2026
TIME: 1:30 PM TO 5PM
LOCATION: GURU NANAK GURDWARA, HALL NO. 2
130 HIGH ST, SMETHWICK, WEST MIDLANDS, B66 3AP
FOR MORE INFORMATION
MATA CHARANJIT KAUR: +91 99881 81075
JAGJIT SINGH JEETA: +44 7799 485519

# 80 ਸਾਲਾਂ ਦਾ ਭਾਰਤ: ਬਦਲਾਅ ਦੇ ਅੱਠ ਦਹਾਕੇ ਅਤੇ ਵਿਸ਼ਵ ਪੱਧਰੀ ਅਗਵਾਈ

**-ਐੱਚ.ਈ. ਅਮਰਾਮ ਗੁਰਜਰ**
**ਮਲਾਵੀ ਵਿੱਚ ਭਾਰਤ ਦੇ ਹਾਈ ਕਮਿਸ਼ਨਰ**

15 ਅਗਸਤ, 2026 ਨੂੰ ਭਾਰਤ ਆਪਣੀ ਆਜ਼ਾਦੀ ਦੀ 80ਵੀਂ ਵਰ੍ਹੇਗੰਢ ਮਨਾ ਰਿਹਾ ਹੈ। ਇਹ ਭਾਰਤ ਲਈ ਮਾਣ ਦਾ ਪਲ ਹੈ ਅਤੇ ਦੁਨੀਆ ਭਰ ਵਿੱਚ ਰਹਿੰਦੇ 1.4 ਬਿਲੀਅਨ ਤੋਂ ਵੱਧ ਭਾਰਤੀਆਂ ਲਈ ਵੀ ਖ਼ੁਸ਼ੀ ਦਾ ਮੌਕਾ ਹੈ। ਇਸ ਵਿੱਚ ਮਲਾਵੀ ਵਿੱਚ ਰਹਿੰਦੇ ਭਾਰਤੀ ਵੀ ਸ਼ਾਮਲ ਹਨ, ਜਿੱਥੇ ਭਾਰਤ-ਮਲਾਵੀ ਦੇ ਰਿਸ਼ਤੇ ਲਗਾਤਾਰ ਮਜ਼ਬੂਤੀ ਅਤੇ ਸਾਂਝ ਦੇ ਰੂਪ ਵਿੱਚ ਅੱਗੇ ਵਧ ਰਹੇ ਹਨ।

ਇੱਕ ਸੁੰਦਰ ਦੇਸ਼ ਮਲਾਵੀ, ਜਿਸ ਨੂੰ "ਅਫ਼ਰੀਕਾ ਦਾ ਗਰਮ ਦਿਲ" ਕਿਹਾ ਜਾਂਦਾ ਹੈ, ਨਾਲ ਭਾਰਤ ਦੀ ਦੋਸਤੀ ਅਤੇ ਸਹਿਯੋਗ ਦੇ ਰਿਸ਼ਤੇ ਪਿਛਲੇ ਦਹਾਕਿਆਂ ਦੌਰਾਨ ਲਗਾਤਾਰ ਵਿਕਸਤ ਹੋਏ ਹਨ।

**ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ**

ਭਾਰਤ ਸਿਰਫ਼ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੀ ਨਹੀਂ, ਸਗੋਂ ਇਸ ਨੂੰ ਅਕਸਰ "ਲੋਕਤੰਤਰਾਂ ਦੀ ਮਾਂ" ਵੀ ਕਿਹਾ ਜਾਂਦਾ ਹੈ। ਭਾਰਤ ਲਗਭਗ 80 ਸਾਲਾਂ ਤੋਂ ਇੱਕ ਲੰਬੇ ਸਮੇਂ

ਆਵਾਜ਼ਿ ਕੌਮ
AWAZE QAUM
International Newspaper & WEB TV

ਤੋਂ ਚੱਲ ਰਹੇ ਲੋਕਤੰਤਰ ਵਜੋਂ ਮੌਜੂਦ ਹੈ।

ਇਨ੍ਹਾਂ ਦਹਾਕਿਆਂ ਵਿੱਚ ਭਾਰਤ ਦੀ ਆਰਥਿਕ ਅਤੇ ਤਕਨੀਕੀ ਤਰੱਕੀ ਦੇ ਨਾਲ-ਨਾਲ ਇਸ ਦੀ ਸਭ ਤੋਂ ਵੱਡੀ ਉਪਲਬਧੀ ਸ਼ਾਇਦ ਲੋਕਤੰਤਰ ਵਜੋਂ ਇਸ ਦੀ ਸਫ਼ਲਤਾ ਹੈ।

1947 ਵਿੱਚ ਜਦੋਂ ਭਾਰਤ ਆਜ਼ਾਦ ਹੋਇਆ ਤਾਂ ਕਈ ਨਿਗਰਾਨਾਂ ਨੂੰ ਸ਼ੱਕ ਸੀ ਕਿ ਇੰਨੇ ਵੱਡੇ ਅਤੇ ਵਿਭਿੰਨ ਦੇਸ਼ ਵਿੱਚ, ਜਿੱਥੇ ਭਾਸ਼ਾ, ਧਰਮ ਅਤੇ ਸੱਭਿਆਚਾਰ ਵਿੱਚ ਵੱਡੀਆਂ ਵਿਭਿੰਨਤਾਵਾਂ ਹਨ, ਗਰੀਬੀ ਅਤੇ ਬੁਨਿਆਦੀ ਢਾਂਚੇ ਦੀ ਘਾਟ ਦੇ ਬਾਵਜੂਦ ਲੋਕਤੰਤਰ ਕਿਵੇਂ ਕਾਇਮ ਰਹਿ ਸਕੇਗਾ।

ਪਰ ਭਾਰਤ ਨੇ ਦੁਨੀਆ ਨੂੰ ਗਲਤ ਸਾਬਤ ਕੀਤਾ। ਲਗਭਗ ਅੱਠ ਦਹਾਕਿਆਂ ਬਾਅਦ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਬਣਿਆ ਹੋਇਆ ਹੈ। ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ, ਕਰੋੜਾਂ ਵੋਟਰਾਂ ਦੀ ਭਾਗੀਦਾਰੀ ਅਤੇ ਲੋਕਾਂ ਵੱਲੋਂ ਸਰਕਾਰਾਂ ਨੂੰ ਬਦਲਣ ਦੀ ਸਮਰੱਥਾ ਭਾਰਤ ਦੀ ਲੋਕਤੰਤਰਿਕ ਤਾਕਤ ਨੂੰ ਦਰਸਾਉਂਦੀ ਹੈ।

ਇਹ ਲੋਕਤੰਤਰਿਕ ਲਚਕਤਾ ਹੀ ਭਾਰਤ ਦੀ ਆਰਥਿਕ ਅਤੇ ਸਮਾਜਿਕ ਤਰੱਕੀ ਦੀ ਮਜ਼ਬੂਤ ਬੁਨਿਆਦ ਬਣੀ ਹੈ।

**ਇੱਕ ਕਮਜ਼ੋਰ ਅਰਥਵਿਵਸਥਾ ਤੋਂ ਵਿਸ਼ਵ ਪੱਧਰੀ ਤਾਕਤ ਤੱਕ**

1947 ਵਿੱਚ ਭਾਰਤ ਇੱਕ ਅਜਿਹੀ ਅਰਥਵਿਵਸਥਾ ਵਜੋਂ ਉਭਰਿਆ ਜੋ ਤਿੰਨ ਸਦੀਆਂ ਦੀ ਬਸਤੀਵਾਦੀ ਲੁੱਟ ਤੋਂ ਬਾਅਦ ਗਰੀਬੀ, ਵਿਆਪਕ ਬੇਰੁਜ਼ਗਾਰੀ ਅਤੇ ਗੰਭੀਰ ਖ਼ੁਰਾਕ ਦੀ ਕਮੀ ਵਰਗੀਆਂ ਚੁਣੌਤੀਆਂ ਨਾਲ ਜੂਝ ਰਿਹਾ ਸੀ।

ਅੱਜ ਭਾਰਤ ਦੀ ਆਰਥਿਕ ਤਰੱਕੀ ਦੇ ਅੰਕੜੇ ਆਪਣੇ ਆਪ ਵਿੱਚ ਇੱਕ ਵੱਡੀ ਕਹਾਣੀ ਦੱਸਦੇ ਹਨ। ਭਾਰਤ ਦੀ ਅਰਥਵਿਵਸਥਾ ਦਾ ਆਕਾਰ ਲਗਭਗ 5.42 ਟ੍ਰਿਲੀਅਨ ਅਮਰੀਕੀ

**ਵਿਚਾਰ ਆਪੋ-ਆਪਣਾ**

ਡਾਲਰ ਹੋ ਗਿਆ ਹੈ ਅਤੇ ਇਹ ਅਮਰੀਕਾ, ਚੀਨ, ਜਰਮਨੀ ਅਤੇ ਜਾਪਾਨ ਤੋਂ ਬਾਅਦ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਵੱਡੀਆਂ ਅਰਥਵਿਵਸਥਾਵਾਂ ਵਿੱਚ ਸ਼ਾਮਲ ਹੈ।

ਇਹ ਬਦਲਾਅ ਕੋਈ ਇਤਫ਼ਾਕ ਨਹੀਂ ਹੈ। ਇਹ ਦਹਾਕਿਆਂ ਦੀਆਂ ਆਰਥਿਕ ਸੁਧਾਰਾਂ ਅਤੇ ਲਗਾਤਾਰ ਕੀਤੇ ਗਏ ਯਤਨਾਂ ਦਾ ਨਤੀਜਾ ਹੈ।

ਉਦਾਰੀਕਰਨ ਤੋਂ ਬਾਅਦ ਭਾਰਤ ਨੇ ਆਪਣੀ ਮਾਰਕੀਟ ਦੁਨੀਆ ਲਈ ਖੋਲ੍ਹੀ, ਨਿੱਜੀਕਰਨ ਅਤੇ ਆਰਥਿਕ ਸੁਧਾਰਾਂ ਦੀ ਦਿਸ਼ਾ ਵਿੱਚ ਕਦਮ ਚੁੱਕੇ। ਇਨ੍ਹਾਂ ਸੁਧਾਰਾਂ ਨੇ ਭਾਰਤ ਦੇ ਬਾਜ਼ਾਰ ਨੂੰ ਦੁਨੀਆ ਨਾਲ ਜੋੜਿਆ ਅਤੇ ਕਾਰੋਬਾਰਾਂ ਲਈ ਰੁਕਾਵਟਾਂ ਘਟਾਈਆਂ।

ਭਾਰਤ ਨੇ "ਮੇਡ ਇਨ ਇੰਡੀਆ", "ਸੈਲਫ ਰਿਲਾਇੰਟ ਇੰਡੀਆ" (ਆਤਮਨਿਰਭਰ ਭਾਰਤ) ਅਤੇ "ਵਨ ਨੇਸ਼ਨ, ਵਨ ਗਲੋਬਲ ਮੈਨੂਫੈਕਚਰਿੰਗ ਹੱਬ" ਵਰਗੀਆਂ ਪਹਿਲਕਦਮੀਆਂ ਰਾਹੀਂ ਆਪਣੇ ਆਪ ਨੂੰ ਇੱਕ ਵਿਸ਼ਵ ਪੱਧਰੀ ਨਿਰਮਾਣ ਕੇਂਦਰ ਵਜੋਂ ਵਿਕਸਤ ਕਰਨ ਦੀ ਕੋਸ਼ਿਸ਼ ਕੀਤੀ ਹੈ।

ਸਰਕਾਰ ਦੇ ਵੱਡੇ ਆਰਥਿਕ ਸੁਧਾਰਾਂ—ਜਿਨ੍ਹਾਂ ਵਿੱਚ GST, JAM ਤ੍ਰਿਨਿਟੀ, ਜਨ ਧਨ ਯੋਜਨਾ, ਆਧਾਰ ਅਤੇ ਮੋਬਾਈਲ ਨੰਬਰ ਦਾ ਏਕੀਕਰਨ ਅਤੇ UPI ਸ਼ਾਮਲ ਹਨ—ਨੇ ਵਿੱਤੀ ਸਮਾਵੇਸ਼ ਅਤੇ ਵੱਡੇ ਪੱਧਰ 'ਤੇ ਡਿਜ਼ੀਟਲ ਲੈਣ-ਦੇਣ ਨੂੰ ਸੰਭਵ ਬਣਾਇਆ ਹੈ।

**ਬੁਨਿਆਦੀ ਢਾਂਚਾ ਅਤੇ ਸੰਪਰਕ**

ਭਾਰਤ ਦੀ ਤਬਦੀਲੀ ਬੁਨਿਆਦੀ ਢਾਂਚੇ ਅਤੇ ਸੰਪਰਕ ਦੇ ਖੇਤਰ ਵਿੱਚ ਵੀ ਸਪਸ਼ਟ ਦਿਖਾਈ ਦਿੰਦੀ ਹੈ।

ਪਿਛਲੇ ਦਹਾਕਿਆਂ ਵਿੱਚ ਭਾਰਤ ਨੇ ਰਾਸ਼ਟਰੀ ਰਾਜਮਾਰਗਾਂ ਦਾ ਵਿਸ਼ਾਲ ਜਾਲ ਤਿਆਰ ਕੀਤਾ ਹੈ ਅਤੇ ਹਵਾਈ ਅੱਡਿਆਂ, ਬੰਦਰਗਾਹਾਂ ਅਤੇ ਬਿਜਲੀ ਦੇ ਢਾਂਚੇ ਦਾ ਆਧੁਨਿਕੀਕਰਨ ਕੀਤਾ ਹੈ।

ਪੇਂਡੂ ਬਿਜਲੀਕਰਨ ਅਤੇ ਇੰਟਰਨੈੱਟ ਦੀ ਕਨੈਕਟੀਵਿਟੀ ਨੇ ਲੱਖਾਂ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਬਦਲਿਆ ਹੈ।

ਸਮਰਪਿਤ ਮਾਲ-ਢੋਆਈ ਰਾਹਦਾਰੀਆਂ ਦੇਸ਼ ਦੇ ਇੱਕ ਹਿੱਸੇ ਤੋਂ ਦੂਜੇ ਹਿੱਸੇ ਤੱਕ ਸਮਾਨ ਦੀ ਆਵਾਜਾਈ ਨੂੰ ਸੁਚਾਰੂ ਬਣਾ ਰਹੀਆਂ ਹਨ ਅਤੇ ਨਵੇਂ ਹਵਾਈ ਅੱਡਿਆਂ ਤੇ ਸਮਾਰਟ ਬੰਦਰਗਾਹਾਂ ਨੇ ਭਾਰਤ ਨੂੰ ਇੱਕ ਵੱਡੇ ਲੌਜਿਸਟਿਕਸ ਕੇਂਦਰ ਵਜੋਂ ਮਜ਼ਬੂਤ ਕੀਤਾ ਹੈ।

ਨਵਿਆਉਣਯੋਗ ਊਰਜਾ ਦੇ ਖੇਤਰ ਵਿੱਚ ਵੀ ਭਾਰਤ ਨੇ ਵੱਡੀ ਤਰੱਕੀ ਕੀਤੀ ਹੈ ਅਤੇ 2070 ਤੱਕ ਨੈੱਟ-ਜ਼ੀਰੋ ਨਿਕਾਸੀ ਦਾ ਟੀਚਾ ਹਾਸਲ ਕਰਨ ਲਈ ਆਪਣੀ ਵਚਨਬੱਧਤਾ ਦਰਸਾਈ ਹੈ।

**ਵਿਗਿਆਨ ਅਤੇ ਤਕਨਾਲੋਜੀ ਵਿੱਚ ਵੱਡੀ ਛਾਲ**

ਭਾਰਤ ਦੀਆਂ ਵਿਗਿਆਨਕ ਉਪਲਬਧੀਆਂ ਨੇ ਵਿਸ਼ਵ ਪੱਧਰ 'ਤੇ ਪ੍ਰਸ਼ੰਸਾ ਹਾਸਲ ਕੀਤੀ ਹੈ। ਇਸਰੋ (ISRO) ਦੁਨੀਆ ਦੀਆਂ ਸਭ ਤੋਂ ਵੱਧ ਲਾਗਤ-ਪ੍ਰਭਾਵਸ਼ਾਲੀ ਪੁਲਾੜ ਏਜੰਸੀਆਂ ਵਿੱਚੋਂ ਇੱਕ ਬਣ ਚੁੱਕੀ ਹੈ।

ਚੰਦਰਯਾਨ-3 ਦੀ ਸਫ਼ਲ ਲੈਂਡਿੰਗ ਅਤੇ ਮੰਗਲਯਾਨ ਮਿਸ਼ਨ ਭਾਰਤ ਦੀ ਪੁਲਾੜ ਸਮਰੱਥਾ ਦੇ ਪ੍ਰਤੀਕ ਹਨ।

ਭਾਰਤ ਨੇ ਆਪਣੇ ਤਕਨੀਕੀ ਅਤੇ ਇੰਜੀਨੀਅਰਿੰਗ ਹੁਨਰ ਦੇ ਦਮ 'ਤੇ ਗਗਨਯਾਨ ਵਰਗੇ ਮਨੁੱਖੀ ਪੁਲਾੜ ਮਿਸ਼ਨ ਵੱਲ ਵੀ ਕਦਮ ਵਧਾਏ ਹਨ।

ਬਾਇਓਟੈਕਨਾਲੋਜੀ, ਵੈਕਸੀਨ ਵਿਕਾਸ, ਕੰਪਿਊਟਿੰਗ ਅਤੇ ਰੱਖਿਆ ਤਕਨਾਲੋਜੀ ਵਿੱਚ ਵੀ ਭਾਰਤ ਨੇ ਵੱਡੀ ਤਰੱਕੀ ਕੀਤੀ ਹੈ।

57, ਕ੍ਰਿਤ੍ਰਿਮ ਬੁੱਧੀ (19), ਕਲਾਉਡ ਕੰਪਿਊਟਿੰਗ, ਆਗਮੈਂਟਡ ਅਤੇ ਵਰਚੁਅਲ ਰਿਐਲਿਟੀ, ਮਸ਼ੀਨ ਲਰਨਿੰਗ ਅਤੇ ਰੋਬੋਟਿਕਸ ਵਰਗੀਆਂ ਤਕਨੀਕਾਂ ਭਾਰਤ ਦੇ ਡਿਜ਼ੀਟਲ ਬਦਲਾਅ ਨੂੰ ਹੋਰ ਤੇਜ਼ ਕਰ ਰਹੀਆਂ ਹਨ।

ਡਿਜ਼ੀਟਲ ਭਾਰਤ

ਪਿਛਲੇ ਇੱਕ ਦਹਾਕੇ ਵਿੱਚ ਭਾਰਤ ਦਾ ਡਿਜ਼ੀਟਲ ਬਦਲਾਅ ਖਾਸ ਤੌਰ 'ਤੇ ਮਹੱਤਵਪੂਰਨ



The Daily Times WEDNESDAY, AUGUST 12, 2026 OPINION | 17

By H.E. Amararam Gurjar, High Commissioner of India to Malawi

## India at 80: Eight decades of transformation, global leadership

On August 15, 2026, India celebrates the 80th anniversary of its independence —a moment of pride not only for the more than 1.4 billion Indians at home and abroad but also for friends across the world, including here in Malawi, where India-Malawi ties continue to grow in warmth and substance.

As the High Commissioner of India to this beautiful country known as Malawi, "The Warm Heart of Africa"', it gives me great joy to share with readers the story of India's remarkable transformation over the past eight decades, and the values of friendship and cooperation that continue to bind our two nations.

**The world's largest democracy**

India is not only the world's largest democracy but it is often called the "Mother of All Democracies". India has come a long way since 1947. Beyond its economic and technological achievements, India's most enduring accomplishment may be its success as a democracy.

When India gained independence in 1947, many observers doubted that a country so vast, so diverse in language, religion and culture, and so poor, could sustain democratic self-governance. Nearly eight decades on, India remains the world's largest democracy, having conducted, without interruption, a series of free and fair elections involving hundreds of millions of voters, peaceful transfers of power and a vibrant public life that gives voice to its extraordinary diversity.

This democratic resilience has provided the strong foundation on which India's economic and social progress has been built.

**From a fragile economy to a global powerhouse**

In 1947, India emerged from two centuries of colonial rule with a fragile economy, widespread poverty and severe food scarcity. Few at the time could have imagined that this young republic would, within a few generations, become one of the largest and fastest-growing economies on earth.

Today, according to India's official economic assessments and widely reported global rankings, India's economy stands at approximately $4.2 trillion, placing it among the four largest economies in the world, behind only the United States, China and Germany, and it remains the fastest-growing major economy, expanding at over 6 percent a year even amid global uncertainty.

This transformation was not accidental. It was built on decades of Government of India's relentless efforts and economic reforms. The liberalisation of 1991 opened India's markets to the world, discontinuation of the Quota-Permit-Licence Raj that had constrained businesses for decades.

Globalisation connected Indian industry, services and talent to global value chains. Sustained industrialisation, through initiatives such as "Made in India", and "Self-Reliant India" have turned the country into a global manufacturing hub.

The Government of India's landmark economic reforms—including the Goods and Services Tax (GST), the JAM Trinity—Jan Dhan Yojana, Aadhaar, and Mobile number and the Unified Payments Interface (UPI) were the game changer in financial inclusion and boosting economic growth.

**Building the backbone: Infrastructure and connectivity**

India's transformation is clearly visible in its infrastructure and connectivity projects. National highway networks have expanded manifold in recent decades, linking remote villages to Central Business Districts (CBDs) and ports.

India has built one of the world's largest railway networks, is rapidly expanding metro rail systems and high-speed train networks and has modernised its airports and ports to support surging trade volumes.

Rural electrification and connectivity have further transformed the daily lives of millions of Indian farmers and workers.

Dedicated freight corridors ensure the seamless movement of goods across the country, and a new generation of world-class airports and smart ports have positioned India as a major logistics and trade hub. This physical transformation has gone hand-in-hand with a revolution in renewable energy, with India emerging as one of the largest producers of solar and wind power in the world, central to its commitment to achieving net-zero emissions by 2070.

**A quantum jump in space, science and technology**

India's achievements in space exploration have captured global admiration. The Indian Space Research Organisation (ISRO) has become one of the world's most cost-effective and capable space agencies.

Successful landing of 'Chandrayaan-3' near the Moon's south pole, and the Aditya-L1 mission to study the Sun are the shining examples of ISRO's space prowess capability.

India's Gaganyaan programme—its first human space-flight effort—is progressing steadily towards launching Indian astronauts into orbit aboard an indigenously built spacecraft. India today also launches satellites commercially for other countries, reflecting the strength and affordability of its scientific and engineering base.

In science and technology, India has made a great stride in biotechnology, vaccine development, nuclear sciences, quantum computing/physics and defence technology.

India is also excelling in cutting-edge technologies such as 5G, AI & Semi-conductor, block-chain, augmented and virtual reality, machine learning, robotics and so on.

India's digital transformation in the last one decade is phenomenal. The UPI has made India home to one of the largest real-time digital payment systems in the world, processing billions of transactions each month, while the Aadhaar digital identity system has brought financial inclusion to millions of common people.

This digital public infrastructure is now being shared with partner countries as a model for inclusive development.

**A healthier nation with the power of learning**

India's public health achievements are equally significant. It has eliminated many diseases and expanded universal immunisation coverage to reach the vast majority of its children, and built one of the world's largest and most affordable pharmaceutical and vaccine manufacturing bases, often described as the "pharmacy of the world".

During the Covid-19 pandemic, India not only vaccinated its own population at mammoth scale but also supplied vaccines and medicines to dozens of partner countries under the "Vaccine Maitri" initiative.

Government health insurance schemes through Ayushman Bharat now extend coverage to hundreds of millions of low-income families, while life expectancy has risen from around 32 years at the time of independence to over 70 years today.

India is the world's largest producer and supplier of generic and affordable medicines and playing a vital role during health emergencies worldwide.

Education has been central to India's rise. India produces one of the largest pools of scientists, engineers and technology professionals in the world each year. Its universities and technical institutes, particularly the IITs and IIMs, have earned global recognition, and Indian talent are the most sought after and has become a driving force in the world's technology industry.

Some of the world's most influential companies (Fortune500) are led by Indians or those of Indian origin. Their achievements are a testament not only to exceptional individual talent, but also to the strength of India's educational ecosystem, its long-standing emphasis on science, technology and entrepreneurship, and the values of hard work, resilience and innovation nurtured at home.

**India and Malawi: Partners in progress**

As we mark this milestone, India remains committed to deepening its partnership with Malawi and the wider African continent. Through capacity-building programmes such as the Indian Technical and Economic Cooperation (ITEC), ICCR Africa Maitri Scholarship Scheme, Lines of credits (LoCs) for infrastructure, agriculture and drinking water supply, affordable generic medicines, and cooperation in fields ranging from renewable energy to information technology, India stands ready to help Malawi as a genuine development partner.

The friendship between our two nations is rooted in shared values of resilience, strong people-to-people connects and hope for a better future.

On this 80th Independence Day, India reflects with humility on how far it has travelled since 1947, and with determination on the journey that still lies ahead. Guided by the vision of Viksit Bharat@2047—a developed, inclusive, innovative and self-reliant India—our aspiration is not merely to achieve national prosperity, but to contribute meaningfully to global progress through partnerships founded on trust, mutual respect and shared growth.

This vision resonates strongly with the Malawi 2063 vision, which seeks to transform Malawi into an inclusively wealthy and self-reliant nation. Together, these two national journeys present immense opportunities to deepen cooperation in trade, agriculture, health, education, digital innovation, renewable energy and capacity building.

As Hon'ble Prime Minister Shri Narendra Modi has often said, "This is not the time for war, but for development", reminding us that humanity's greatest victories are achieved through cooperation rather than conflict. He has also articulated India's strong belief in the spirit of "Vasudhaiva Kutumbakam" (The world is one family) that continues to guide India's engagement with the international community.

As India marches towards the centenary of its independence in 2047, we do so with confidence born of resilience, with optimism inspired by our youth, and with an unwavering commitment to walk alongside our friends.

India remains a trusted and committed partner of Malawi and, together, as our two nations pursue the aspirations of Viksit Bharat @2047 and the Malawi 2063 vision, we can build a future defined by peace, prosperity and shared progress for our peoples and for generations to come.

*Jai Hind! Jai Bharat ! Vande Mataram!*

GURJAR—India remains a trusted and committed partner of Malawi

ਰਿਹਾ ਹੈ।

ਭਾਰਤ ਨੇ ਦੁਨੀਆ ਦੀਆਂ ਸਭ ਤੋਂ ਵੱਡੀਆਂ ਰੀਅਲ-ਟਾਈਮ ਡਿਜ਼ੀਟਲ ਭੁਗਤਾਨ ਪ੍ਰਣਾਲੀਆਂ ਵਿੱਚੋਂ ਇੱਕ ਤਿਆਰ ਕੀਤੀ ਹੈ। ਇਸ ਨਾਲ ਕਰੋੜਾਂ ਲੋਕਾਂ ਲਈ ਵਿੱਤੀ ਲੈਣ-ਦੇਣ ਆਸਾਨ ਹੋਇਆ ਹੈ ਅਤੇ ਬੈਂਕਿੰਗ ਤੋਂ ਵਾਂਝੇ ਲੋਕਾਂ ਨੂੰ ਵੀ ਵਿੱਤੀ ਪ੍ਰਣਾਲੀ ਨਾਲ ਜੋੜਿਆ ਗਿਆ ਹੈ।

ਇਹ ਡਿਜ਼ੀਟਲ ਜਨਤਕ ਬੁਨਿਆਦੀ ਢਾਂਚਾ ਭਾਰਤ ਨੇ ਕਈ ਭਾਈਵਾਲ ਦੇਸ਼ਾਂ ਨਾਲ ਸਾਂਝਾ ਵੀ ਕੀਤਾ ਹੈ ਅਤੇ ਇਸ ਨੂੰ ਸਮਾਵੇਸ਼ੀ ਵਿਕਾਸ ਦੇ ਮਾਡਲ ਵਜੋਂ ਦੇਖਿਆ ਜਾ ਰਿਹਾ ਹੈ।

**ਸਿੱਖਿਆ ਅਤੇ ਸਿਹਤ ਵਿੱਚ ਭਾਰਤ ਦੀ ਤਰੱਕੀ**

ਭਾਰਤ ਦੀ ਜਨਤਕ ਸਿਹਤ ਪ੍ਰਣਾਲੀ ਵਿੱਚ ਵੀ ਮਹੱਤਵਪੂਰਨ ਸੁਧਾਰ ਹੋਏ ਹਨ। ਦੇਸ਼ ਨੇ ਬਹੁਤ ਸਾਰੀਆਂ ਬਿਮਾਰੀਆਂ ਨੂੰ ਖਤਮ ਕਰਨ ਜਾਂ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ ਅਤੇ ਸਰਵਵਿਆਪੀ ਟੀਕਾਕਰਨ ਰਾਹੀਂ ਬੱਚਿਆਂ ਦੀ ਵੱਡੀ ਗਿਣਤੀ ਤੱਕ ਸਿਹਤ ਸੇਵਾਵਾਂ ਪਹੁੰਚਾਈਆਂ ਹਨ।

ਭਾਰਤ ਦੁਨੀਆ ਦੇ ਸਭ ਤੋਂ ਵੱਡੇ ਅਤੇ ਸਸਤੇ ਦਵਾਈਆਂ ਅਤੇ ਵੈਕਸੀਨਾਂ ਦੇ ਉਤਪਾਦਕਾਂ ਵਿੱਚੋਂ ਇੱਕ ਹੈ। ਭਾਰਤੀ ਦਵਾਈਆਂ ਨੂੰ ਅਕਸਰ "ਦੁਨੀਆ ਦੀ ਫਾਰਮੇਸੀ" ਕਿਹਾ ਜਾਂਦਾ ਹੈ। ਕੋਵਿਡ-19 ਮਹਾਂਮਾਰੀ ਦੌਰਾਨ ਭਾਰਤ ਨੇ ਨਾ ਸਿਰਫ਼ ਆਪਣੇ ਲੋਕਾਂ ਨੂੰ ਵੱਡੇ ਪੱਧਰ 'ਤੇ ਟੀਕੇ ਲਗਾਏ, ਸਗੋਂ "ਵੈਕਸੀਨ ਮੈਤਰੀ" ਪਹਿਲਕਦਮੀ ਤਹਿਤ ਕਈ ਭਾਈਵਾਲ ਦੇਸ਼ਾਂ ਨੂੰ ਟੀਕੇ ਅਤੇ ਦਵਾਈਆਂ ਵੀ ਮੁਹੱਈਆ ਕਰਵਾਈਆਂ।

ਆਯੁਸ਼ਮਾਨ ਭਾਰਤ ਵਰਗੀਆਂ ਸਰਕਾਰੀ ਸਿਹਤ ਯੋਜਨਾਵਾਂ ਨੇ ਕਰੋੜਾਂ ਘੱਟ ਆਮਦਨ ਵਾਲੇ ਪਰਿਵਾਰਾਂ ਤੱਕ ਸਿਹਤ ਬੀਮੇ ਦੀ ਪਹੁੰਚ ਵਧਾਈ ਹੈ।

ਸਿੱਖਿਆ ਦੇ ਖੇਤਰ ਵਿੱਚ ਵੀ ਭਾਰਤ ਦੀ ਸਥਿਤੀ ਮਜ਼ਬੂਤ ਹੋਈ ਹੈ। ਭਾਰਤ ਦੁਨੀਆ ਦੇ ਸਭ ਤੋਂ ਵੱਡੇ ਵਿਗਿਆਨੀਆਂ, ਇੰਜੀਨੀਅਰਾਂ ਅਤੇ ਤਕਨੀਕੀ ਮਾਹਿਰਾਂ ਦੇ ਸਮੂਹਾਂ ਵਿੱਚੋਂ ਇੱਕ ਤਿਆਰ ਕਰਦਾ ਹੈ। IITs ਅਤੇ IIMs ਵਰਗੀਆਂ ਸੰਸਥਾਵਾਂ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਮਿਲੀ ਹੋਈ ਹੈ।

**ਭਾਰਤ ਅਤੇ ਮਲਾਵੀ: ਭਾਈਵਾਲੀ ਦੀ ਤਰੱਕੀ**

ਇਸ ਮਹੱਤਵਪੂਰਨ ਮੌਕੇ 'ਤੇ ਭਾਰਤ ਮਲਾਵੀ ਨਾਲ ਆਪਣੀ ਭਾਈਵਾਲੀ ਨੂੰ ਹੋਰ ਡੂੰਘਾ ਕਰਨ ਲਈ ਵਚਨਬੱਧ ਹੈ।

ਸਮਰੱਥਾ ਨਿਰਮਾਣ ਦੇ ਪ੍ਰੋਗਰਾਮਾਂ, ਭਾਰਤੀ ਤਕਨੀਕੀ ਅਤੇ ਆਰਥਿਕ ਸਹਿਯੋਗ ਪ੍ਰੋਗਰਾਮ (ITEC), ICCR ਅਫ਼ਰੀਕਾ ਮੈਤਰੀ ਸਕਾਲਰਸ਼ਿਪ ਸਕੀਮ, ਕਰਜ਼ੇ ਦੀਆਂ ਲਾਈਨਾਂ (LoCs), ਬੁਨਿਆਦੀ ਢਾਂਚੇ, ਖੇਤੀਬਾੜੀ, ਪੀਣ ਵਾਲੇ ਪਾਣੀ, ਸਸਤੀ ਜੈਨੇਰਿਕ ਦਵਾਈਆਂ ਅਤੇ ਨਵਿਆਉਣਯੋਗ ਊਰਜਾ ਵਰਗੇ ਖੇਤਰਾਂ ਵਿੱਚ ਸਹਿਯੋਗ ਰਾਹੀਂ ਭਾਰਤ ਮਲਾਵੀ ਦੇ ਵਿਕਾਸ ਵਿੱਚ ਇੱਕ ਭਰੋਸੇਮੰਦ ਭਾਈਵਾਲ ਬਣਨ ਲਈ ਤਿਆਰ ਹੈ।

ਦੋਵਾਂ ਦੇਸ਼ਾਂ ਦੀ ਦੋਸਤੀ ਸਾਂਝੀਆਂ ਕਦਰਾਂ-ਕੀਮਤਾਂ, ਲੋਕਾਂ ਵਿਚਕਾਰ ਮਜ਼ਬੂਤ ਸੰਪਰਕ ਅਤੇ ਬਿਹਤਰ ਭਵਿੱਖ ਦੀ ਸਾਂਝੀ ਉਮੀਦ ਨਾਲ ਜੁੜੀ ਹੋਈ ਹੈ।

**ਭਵਿੱਖ ਵੱਲ ਭਾਰਤ ਦਾ ਸਫ਼ਰ**

ਆਜ਼ਾਦੀ ਦੀ 80ਵੀਂ ਵਰ੍ਹੇਗੰਢ 'ਤੇ ਭਾਰਤ ਆਪਣੇ ਲੰਬੇ ਸਫ਼ਰ ਨੂੰ ਨਿਮਰਤਾ ਨਾਲ ਯਾਦ ਕਰਦਾ ਹੈ। 1947 ਤੋਂ ਲੈ ਕੇ ਅੱਜ ਤੱਕ ਭਾਰਤ ਨੇ ਲਚਕਤਾ, ਦ੍ਰਿੜ੍ਹ ਇਰਾਦੇ ਅਤੇ ਨੌਜਵਾਨਾਂ ਦੀ ਤਾਕਤ ਨਾਲ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕੀਤਾ ਹੈ।

"ਵਿਕਸਿਤ ਭਾਰਤ@2047" ਦਾ ਸੁਪਨਾ ਇੱਕ ਅਜਿਹੇ ਭਾਰਤ ਦੀ ਕਲਪਨਾ ਕਰਦਾ ਹੈ ਜੋ ਸਮਾਵੇਸ਼ੀ, ਨਵੀਨਤਾਕਾਰੀ ਅਤੇ ਆਤਮਨਿਰਭਰ ਹੋਵੇ—ਜੋ ਆਪਣੇ ਲੋਕਾਂ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਕੰਮ ਕਰੇ ਅਤੇ ਵਿਸ਼ਵ ਪੱਧਰ 'ਤੇ ਅਮਨ, ਸਥਿਰਤਾ ਅਤੇ ਭਾਈਵਾਲੀ ਵਿੱਚ ਯੋਗਦਾਨ ਪਾਵੇ।

ਇਹ ਦ੍ਰਿਸ਼ਟੀ ਮਲਾਵੀ ਦੇ "Malawi 2063" ਵਿਜ਼ਨ ਨਾਲ ਵੀ ਕਾਫ਼ੀ ਹੱਦ ਤੱਕ ਮੇਲ ਖਾਂਦੀ ਹੈ, ਜਿਸ ਦਾ ਉਦੇਸ਼ ਮਲਾਵੀ ਨੂੰ ਇੱਕ ਸਮਾਵੇਸ਼ੀ, ਆਤਮਨਿਰਭਰ ਅਤੇ ਖੁਸ਼ਹਾਲ ਦੇਸ਼ ਬਣਾਉਣਾ ਹੈ।

ਦੋਵੇਂ ਦੇਸ਼ਾਂ ਦੀਆਂ ਯਾਤਰਾਵਾਂ ਵਿੱਚ ਕਈ ਸਾਂਝੇ ਪੱਖ ਹਨ। ਅਜਿਹੇ ਸਾਂਝੇ ਸੁਪਨੇ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ, ਤਜਰਬਿਆਂ ਦੇ ਅਦਾਨ-ਪ੍ਰਦਾਨ ਅਤੇ ਭਾਈਵਾਲੀ ਦੇ ਬੇਅੰਤ ਮੌਕੇ ਪੈਦਾ ਕਰਦੇ ਹਨ।

ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਪਸ਼ਟ ਤੌਰ 'ਤੇ ਕਿਹਾ ਹੈ ਕਿ ਭਾਰਤ ਨੂੰ ਆਪਣੇ ਅਤੀਤ 'ਤੇ ਮਾਣ ਹੈ ਪਰ ਉਸ ਦੀ ਨਜ਼ਰ ਭਵਿੱਖ ਵੱਲ ਹੈ। ਉਹਨਾਂ ਕਿਹਾ ਹੈ ਕਿ ਇਹ ਜੰਗ ਦਾ ਸਮਾਂ ਨਹੀਂ, ਸਗੋਂ ਮਨੁੱਖਤਾ ਦੀਆਂ ਸਭ ਤੋਂ ਵੱਡੀਆਂ ਜਿੱਤਾਂ ਲਈ ਸਹਿਯੋਗ ਦਾ ਸਮਾਂ ਹੈ।

ਭਾਰਤ ਨੇ ਇਹ ਵੀ ਸਪਸ਼ਟ ਕੀਤਾ ਹੈ ਕਿ ਉਹ "ਵਸੁਧੈਵ ਕੁਟੁੰਬਕਮ" — ਦੁਨੀਆ ਇੱਕ ਪਰਿਵਾਰ ਹੈ ਦੀ ਭਾਵਨਾ ਨਾਲ ਅੰਤਰਰਾਸ਼ਟਰੀ ਭਾਈਚਾਰੇ ਨਾਲ ਜੁੜਿਆ ਰਹੇਗਾ।

ਜਿਵੇਂ ਭਾਰਤ ਆਪਣੀ ਆਜ਼ਾਦੀ ਦੀ 80ਵੀਂ ਵਰ੍ਹੇਗੰਢ ਵੱਲ ਵਧ ਰਿਹਾ ਹੈ, ਉਹ ਆਪਣੇ 2047 ਦੇ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਅੱਗੇ ਵਧ ਰਿਹਾ ਹੈ। ਭਾਰਤ ਦਾ ਵਿਸ਼ਵਾਸ ਹੈ ਕਿ ਅਮਨ, ਖੁਸ਼ਹਾਲੀ ਅਤੇ ਤਰੱਕੀ ਦਾ ਇਹ ਸਫ਼ਰ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਬਿਹਤਰ ਭਵਿੱਖ ਤਿਆਰ ਕਰੇਗਾ। ••

### ਪਾਵਰ ਕਾਮ ਅਤੇ ਟਰਾਂਸਕੋ ਪੈਨਸ਼ਨ ਯੂਨੀਅਨ ਏਟੱਕ ਰਈਆ ਮੰਡਲ ਵੱਲੋਂ

# ਹੱਕੀ ਮੰਗਾਂ ਸਬੰਧੀ ਮਾਸਕ ਮੀਟਿੰਗ ਕੀਤੀ ਗਈ



**ਜੰਡਿਆਲਾ ਗੁਰੂ 14 ਅਗਸਤ ( ਕੁਲਵੰਤ ਸਿੰਘ ਵਿਰਦੀ )**-ਅੱਜ ਪਾਵਰ ਕਾਮ ਅਤੇ ਟਰਾਂਸਕੋ ਪੈਨਸ਼ਨ ਯੂਨੀਅਨ ਏਟੱਕ ਰਈਆ ਮੰਡਲ ਦੀ ਮਾਸਕ ਮੀਟਿੰਗ ਸਾਥੀ ਹਰਭਜਨ ਸਿੰਘ ਦੀ ਪ੍ਰਧਾਨਗੀ ਹੇਠ ਬਾਬਾ ਬਕਾਲਾ ਸਾਹਿਬ ਵਿਖੇ ਕੀਤੀ ਗਈ ਜਿਸ ਵਿੱਚ ਸੋਕ ਮਤਾ ਬਲਜਿੰਦਰ ਸਿੰਘ ਪ੍ਰਧਾਨ ਜਲਾਲ ਉਸਮਾ ਦੇ ਵੱਡੇ ਭਰਾ ਸੁਖਵਿੰਦਰ ਸਿੰਘ ਦੀ ਮੌਤ ਦਾ ਦੁੱਖ ਪ੍ਰਗਟ ਕਰਦਿਆਂ ਹੋਇਆ ਦੋ ਮਿੰਟ ਦਾ ਮੌਨਧਾਰਨ ਕੀਤਾ ! ਅਤੇ ਮੀਟਿੰਗ ਨੂੰ ਸੰਬੋਧਨ ਕਰਦਿਆ ਹੋਇਆ ਮਨਜੀਤ ਸਿੰਘ ਗੁਨੋਵਾਲ ਸਕੱਤਰ ਰਈਆ ਮੰਡਲ ਨੇ ਪ੍ਰਬੰਧਕਾਂ ਤੋਂ ਮੰਗ ਕੀਤੀ ਕੇ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ ਕੈਸ਼ ਲੈਸ ਸਕੀਮ ਚਾਲੂ ਕੀਤੀ ਜਾਵੇ ਮੈਡੀਕਲ ਭੱਤਾ 2000 ਕੀਤਾ ਜਾਵੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਡੀਏ 16% ਦਿੱਤਾ ਜਾਵੇ ! ਇਸ ਮੌਕੇ ਮਨਜੀਤ ਸਿੰਘ ਗੁਨੋਵਾਲ ਤੋਂ ਇਲਾਵਾ ਜਸਵੰਤ ਸਿੰਘ ਦਾਊਦ ਕਲਵੰਤ ਸਿੰਘ ਸਠਿਆਲਾ ਕਲਵੰਤ ਸਿੰਘ ਖਲਚੀਆਂ ਮੁਖਤਾਰ ਸਿੰਘ ਧੰਜੂ ਲਖਵਿੰਦਰ ਸਿੰਘ ਰਾਮਪੁਰ ਰਜਿੰਦਰ ਸਿੰਘ ਮਹੀਸਮਪੁਰ ਭਗਵੰਤ ਸਿੰਘ ਮੀਆ ਵਿੰਡ ਆਦਿ ਵੱਲੋਂ ਸੰਬੋਧਨ ਕੀਤਾ ਗਿਆ।

### ਸਦਰ ਬਾਜ਼ਾਰ ਵਿੱਚ ਤਿਰੰਗਾ ਮਾਰਚ

# ਰਾਸ਼ਟਰਭਗਤੀ ਦੇ ਰੰਗ ਵਿੱਚ ਰੰਗਿਆ ਬਾਜ਼ਾਰ




**ਨਵੀਂ ਦਿੱਲੀ 14 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ "ਤਿਰੰਗਾ" ਅਭਿਆਨ ਤੋਂ ਪ੍ਰੇਰਿਤ ਹੋ ਕੇ ਸਦਰ ਬਾਜ਼ਾਰ ਬਾਰੀ ਮਾਰਕੀਟ ਟ੍ਰੇਡਸ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੀਨੀਅਰ ਵਪਾਰੀ ਆਗੂ ਪਰਮਜੀਤ ਸਿੰਘ ਪੰਮਾ ਦੀ ਅਗਵਾਈ ਹੇਠ ਇਕ ਮਾਰਚ ਕੱਢਿਆ ਗਿਆ। ਕਤੁਬ ਰੋਡ, ਤੇਲੀਵਾੜਾ ਚੌਕ ਤੋਂ ਸ਼ੁਰੂ ਹੋਇਆ ਇਹ ਮਾਰਚ ਸਦਰ ਬਾਜ਼ਾਰ ਮੇਨ ਮਾਰਕੀਟ ਅਤੇ ਕਤੁਬ ਰੋਡ ਚੌਕ ਤੋਂ ਹੁੰਦਾ ਹੋਇਆ 12 ਟੂਟੀ ਚੌਕ ਵਿਖੇ ਸਮਾਪਤ ਹੋਇਆ। ਸੈਂਕੜੇ ਵਪਾਰੀਆਂ, ਨੌਜਵਾਨਾਂ ਅਤੇ ਸਥਾਨਕ ਨਾਗਰਿਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਢੋਲ-ਨਗਾੜਿਆਂ, ਦੇਸ਼ਭਗਤੀ ਦੇ ਗੀਤਾਂ, ਵੰਦੇ ਮਾਤਰਮ ਅਤੇ "ਇਨਕਲਾਬ ਜ਼ਿੰਦਾਬਾਦ" ਦੇ ਨਾਅਰਿਆਂ ਨਾਲ ਸਾਰਾ ਬਾਜ਼ਾਰ ਗੂੰਜ ਉੱਠਿਆ। ਥਾਂ-ਥਾਂ ਲੋਕਾਂ ਨੇ ਫੁੱਲਾਂ ਦੀ ਵਰਖਾ ਕਰਕੇ ਮਾਰਚ ਦਾ ਸਵਾਗਤ ਕੀਤਾ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਦਸਿਆ ਕਿ ਸਦਰ ਬਾਜ਼ਾਰ ਦੇ ਵਪਾਰੀਆਂ ਵੱਲੋਂ ਜਿਸ ਉਤਸ਼ਾਹ ਨਾਲ ਮਾਰਚ ਵਿੱਚ ਹਿੱਸਾ ਲਿਆ ਗਿਆ, ਉਸ ਨੇ ਦੇਸ਼ਪ੍ਰੇਮ ਅਤੇ ਰਾਸ਼ਟਰੀ ਗੌਰਵ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਹੈ। ਪੂਰੇ ਸਦਰ ਬਾਜ਼ਾਰ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ, ਜਿਸ ਕਾਰਨ ਬਾਜ਼ਾਰ ਦੇਸ਼ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਮਾਰਚ ਵਿੱਚ ਫੈਸਟਾ ਦੇ ਪ੍ਰਧਾਨ ਰਾਕੇਸ਼ ਕੁਮਾਰ ਯਾਦਵ, ਕਨਫੈਡਰੇਸ਼ਨ ਆਫ਼ ਸਦਰ ਬਾਜ਼ਾਰ ਟ੍ਰੇਡਰਜ਼ ਐਸੋਸੀਏਸ਼ਨ ਦੇ ਮਹਾਸਚਿਵ ਦੇਵਰਾਜ ਬਵੇਜਾ, ਪਵਨ ਖੰਡੇਲਵਾਲ, ਕਮਲ ਕੁਮਾਰ, ਦੀਪਕ ਮਿੱਤਲ ਤੋਂ ਇਲਾਵਾ ਦਵਿੰਦਰ ਜੈਨ, ਜਸਵਿੰਦਰ ਸਿੰਘ, ਵਰਿੰਦਰ ਅਰੋੜਾ, ਭੁਪਿੰਦਰ ਸਿੰਘ, ਹਰਜੀਤ ਸਿੰਘ ਛਾਬੜਾ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਆਗੂ ਅਤੇ ਮੈਂਬਰ ਮੌਜੂਦ ਰਹੇ।

### ਗੁਰੂਘਰ 'ਚ ਸੁਖਬੀਰ ਸਿੰਘ ਬਾਦਲ 'ਤੇ ਹਮਲਾ, ਸੁਰੱਖਿਆ ਨੂੰ ਚੁਣੌਤੀ

# ਹਮਲੇ ਪਿੱਛੇ ਦੀ ਸਾਜ਼ਿਸ਼ ਬੇਨਕਾਬ ਹੋਵੇ: ਸੰਤ ਮੀਤ ਸਿੰਘ



**ਨਵੀਂ ਦਿੱਲੀ, 14 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਸੁਖਬੀਰ ਸਿੰਘ ਬਾਦਲ 'ਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਨੇੜੇ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਪਰਿਵਾਰ ਸਮੇਤ ਨਤਮਸਤਕ ਹੋ ਕੇ ਬਾਹਰ ਨਿਕਲਦਿਆਂ ਹੋਏ ਹਮਲੇ ਦੀ ਸਖ਼ਤ ਨਿੰਦਾ ਕਰਦਿਆਂ ਵਾਰਡ ਨੰਬਰ 32 ਜਨਕਪੁਰੀ ਤੋਂ ਸ਼੍ਰੋਮਣੀ ਅਕਾਲੀ ਦਲ-ਦਿੱਲੀ ਇਕਾਈ ਦੇ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਗੁਰੂਘਰ ਦੀ ਹੱਦ ਵਿੱਚ ਵਾਪਰੀ ਇਹ ਘਟਨਾ ਕਿਸੇ ਇੱਕ ਵਿਅਕਤੀ ਨੂੰ ਨਿਸ਼ਾਨਾ ਬਣਾਉਣ ਤੱਕ ਸੀਮਤ ਨਹੀਂ, ਬਲਕਿ ਗੁਰੂਘਰਾਂ ਦੀ ਪਵਿੱਤਰਤਾ, ਸਿੱਖ ਮਰਿਆਦਾ ਅਤੇ ਸੰਗਤ ਦੀ ਸੁਰੱਖਿਆ ਨਾਲ ਜੁੜਿਆ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਗੁਰੂਘਰ ਅਮਨ ਅਤੇ ਸਰਬੱਤ ਦੇ ਭਲੇ ਦੇ ਕੇਂਦਰ ਹਨ, ਇਨ੍ਹਾਂ ਨੂੰ ਨਿੱਜੀ ਜਾਂ ਸਿਆਸੀ ਰੰਜਿਸ਼ਾਂ ਲਈ ਹਿੰਸਾ ਦਾ ਮੈਦਾਨ ਬਣਾਉਣਾ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਇਸ ਘਟਨਾ ਨੂੰ ਆਮ ਕਾਨੂੰਨੀ ਮਾਮਲਾ ਸਮਝਣ ਦੀ ਬਜਾਏ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਏ। ਉਨ੍ਹਾਂ ਕਿਹਾ ਕਿ ਸਿਰਫ਼ ਹਮਲਾਵਰ ਨੂੰ ਫੜ ਲੈਣਾ ਕਾਫ਼ੀ ਨਹੀਂ; ਇਹ ਵੀ ਸਾਹਮਣੇ ਆਉਣਾ ਚਾਹੀਦਾ ਹੈ ਕਿ ਹਮਲੇ ਦੀ ਮਨਸ਼ਾ ਕੀ ਸੀ, ਸੁਰੱਖਿਆ ਪ੍ਰਬੰਧਾਂ ਵਿੱਚ ਕਿੱਥੇ ਕਮੀ ਰਹੀ ਅਤੇ ਕੀ ਇਸ ਪਿੱਛੇ ਕਿਸੇ ਹੋਰ ਵਿਅਕਤੀ ਜਾਂ ਤਾਕਤ ਦੀ ਕੋਈ ਭੂਮਿਕਾ ਸੀ। ਜੇਕਰ ਹਮਲਾ ਯੋਜਨਾਬੱਧ ਸੀ ਜਾਂ ਕਿਸੇ ਨੇ ਇਸ ਲਈ ਉਕਸਾਇਆ ਹੈ ਤਾਂ ਸਾਜ਼ਿਸ਼ ਦੀ ਹਰ ਕੜੀ ਬੇਨਕਾਬ ਕਰਕੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਸੰਗਤ ਗੁਰੂਘਰਾਂ ਦੀ ਮਰਿਆਦਾ ਨਾਲ ਖਿਲਵਾੜ ਅਤੇ ਪੰਥਕ ਆਗੂਆਂ ਦੀ ਸੁਰੱਖਿਆ ਨੂੰ ਲੈ ਕੇ ਕਿਸੇ ਕਿਸਮ ਦੀ ਲਾਪਰਵਾਹੀ ਸਵੀਕਾਰ ਨਹੀਂ ਕਰੇਗੀ। ਮਹਾਰਾਸ਼ਟਰ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਜਾਂਚ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕਰਕੇ ਸੱਚਾਈ ਸੰਗਤ ਸਾਹਮਣੇ ਰੱਖੇ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦਿਵਾਈ ਜਾਵੇ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ-ਦਿੱਲੀ ਇਕਾਈ ਇਸ ਮਾਮਲੇ ਨੂੰ ਗੰਭੀਰਤਾ ਨਾਲ ਉਠਾਉਂਦੀ ਰਹੇਗੀ ਅਤੇ ਗੁਰੂਘਰਾਂ ਦੀ ਪਵਿੱਤਰਤਾ, ਸਿੱਖ ਮਰਿਆਦਾ ਅਤੇ ਸੰਗਤ ਦੀ ਸੁਰੱਖਿਆ ਦੀ ਰਾਖੀ ਲਈ ਹਰ ਪੱਧਰ 'ਤੇ ਆਵਾਜ਼ ਬੁਲੰਦ ਕੀਤੀ ਜਾਵੇਗੀ।

# ਬਲਜੀਤ ਸਿੰਘ ਸਰਾਂ ਨੇ ਡੀ ਪੀ ਉ ਅਮਨਦੀਪ ਸਿੰਘ ਨਿੱਘਾ ਸੁਆਗਤ ਕੀਤਾ



**ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦਿਨੀ ਬਲਾਕ ਸੰਮਤੀ ਮੱਤੇਵਾਲ ਵਿਖੇ ਬੀ ਡੀ ਉਸ ਅਮਨਦੀਪ ਸਿੰਘ ਦਾ ਨਿੱਘਾ ਸਵਾਗਤ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਸੈਲ ਪੰਜਾਬ ਨੇ ਸਿਰਪਾਉ ਅਤੇ ਸਮਨਾਮਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਕਿਉਂ ਕਿ ਬੀ ਡੀ ਉ ਅਮਨਦੀਪ ਸਿੰਘ ਇੱਕ ਸੂਝਵਾਨ ਅਤੇ ਮਿਹਨਤੀ ਸਿਆਣੇ ਇਨਸਾਨ ਹਨ। ਇਸ ਮੌਕੇ ਤੇ ਸਰਪੰਚ ਬਲਰਾਜ ਸਿੰਘ, ਲਾਡੀ ਕੰਗ, ਸਰਪੰਚ ਰਵਿੰਦਰ ਸਿੰਘ ਧੂਲਕਾ ਮੈਂਬਰ ਸੁਖਦੀਪ ਸਿੰਘ ਲਵਪ੍ਰੀਤ ਸਿੰਘ, ਪੰਚਾਇਤ ਅਫ਼ਸਰ ਅਮਨਪਾਲ ਸਿੰਘ ਮਜੀਠਾ, ਮੇਜਰ ਸਿੰਘ ਬੁਲਾਰਾ ਆਦਿ ਆਦਿ ਹਾਜ਼ਰ ਸਨ।

# ਮਠਿਆਈ ਖਰੀਦਣ ਵੇਲੇ ਹਰੇਕ ਖਰੀਦਦਾਰ ਸੱਚ ਜ਼ਰੂਰ ਜਾਣੇ 600 ਦੀ ਮਠਿਆਈ ਖਰੀਦਣ ਤੇ 150 ਰੁਪਏ ਦਾ ਖਾਲੀ ਡੱਬਾ

## ਖਾਲੀ ਡੱਬੇ ਦਾ ਭਾਰ 250 ਗ੍ਰਾਮ ਗਾਹਕ ਨੂੰ ਚੂਨਾ ? ਵਾਇਰਲ ਵੀਡੀਓ ਨੇ ਮਠਿਆਈ ਦੀ ਪੈਕਿੰਗ 'ਤੇ ਖੜ੍ਹੇ ਕੀਤੇ ਵੱਡੇ ਸਵਾਲ

**ਜੰਡਿਆਲਾ ਗੁਰੂ, 14 ਅਗਸਤ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਭਰ ਵਿੱਚ ਤਿਉਹਾਰਾਂ ਦੇ ਦਿਨਾਂ ਵਿੱਚ ਅਤੇ ਖੁਸ਼ੀ ਦੇ ਮੌਕੇ ਪੰਜਾਬ ਵਾਸੀ ਜਿਆਦਾਤਰ ਆਪਣੇ ਸੰਬੰਧੀਆਂ ਨੂੰ ਮਠਿਆਈ ਦਾ ਡੱਬਾ ਦੇ ਕਿ ਖੁਸ਼ੀ ਸਾਂਝੀ ਕਰਦੇ ਹਨ ਅਤੇ ਆਪਣੇ ਘਰ ਪ੍ਰੀਵਾਰ ਵਿੱਚ ਵੀ ਮਠਿਆਈ ਲੈ ਕਿ ਆਉਂਦੇ ਹਨ ਅਤੇ ਖਾਸਕਰ ਤਿਉਹਾਰਾਂ ਖੁਸ਼ੀਆਂ ਦੇ ਮੌਕੇ 'ਤੇ ਮਠਿਆਈ ਖਰੀਦਣਾ ਆਮ ਗੱਲ ਹੈ, ਅਤੇ ਬਹੁਤੇ ਖਰੀਦਦਾਰਾਂ ਨੂੰ ਇਸ ਗੱਲ ਦਾ ਪਤਾ ਨਹੀਂ ਕਿ ਪੰਜ ਛੇ ਸੌ ਦੀ ਮਠਿਆਈ ਦੇ ਨਾਲ ਮਹਿੰਗਾ ਡੱਬਾ ਵੀ ਉਨਾਂ ਦੇ ਸਿਰ ਪਾਇਆ ਜਾਂਦਾ ਹੈ ? ਸੋਸ਼ਲ ਮੀਡੀਆ 'ਤੇ ਸਾਹਮਣੇ ਆਈ ਇੱਕ ਵੀਡੀਓ ਨੇ ਆਪਣਾ ਮੈਸੇਜ ਛੱਡਦਿਆਂ ਹੋਇਆ ਲੋਕਾਂ ਨੂੰ ਇਕ ਵਾਰ ਸੋਚਣ ਲਈ ਮਜਬੂਰ ਕਰ ਦਿੱਤਾ ਹੈ। ਕਿ ਕੀ ਇਸ ਵੀਡੀਓ ਵਿੱਚ ਖਾਲੀ ਡੱਬੇ ਨੂੰ ਤੋਲਣ 'ਤੇ ਉਸ ਦਾ ਵਜਨ ਲੱਗਭੱਗ (200 ਗ੍ਰਾਮ )ਤੋਂ ਲੈ ਕੇ ਇਕ ਪਾ ( 250 ਗ੍ਰਾਮ) ਤੱਕ ਵਿਖਾਇਆ ਗਿਆ ਹੈ ਜਿਸ ਨਾਲ ਮਠਿਆਈ ਖਰੀਦਦਾਰ ਨੂੰ ਚੂਨਾ ਲਗਾ ਕਿ 500 ਰੁਪਏ ਦੀ ਮਠਿਆਈ ਦੇ ਨਾਲ 150 ਰੁਪਏ ਤੱਕ ਡੱਬੇ ਦੀ ਕੀਮਤ ਵੀ ਵਸੂਲੀ ਜਾ ਰਹੀ ਹੈ ਜੋ ਵੀਡੀਓ ਵਿੱਚ ਦਾਅਵਾ ਕੀਤਾ ਗਿਆ ਹੈ ! ਇੱਥੇ ਗੱਲ ਖਾਲੀ ਡੱਬੇ ਦੀ ਨਹੀਂ ਸਗੋ ਅੱਗੇ ਇਸ ਵੀਡੀਓ ਵਿੱਚ ਆਮ ਲੋਕਾਂ ਨੂੰ ਸੁਚੇਤ ਹੋਣ ਲਈ ਅਪੀਲ ਵੀ ਕੀਤੀ ਗਈ ਹੈ ਕਿ ਵੈਸੇ ਤਾਂ ਡੱਬੇ ਦਾ ਰੇਟ ਬਣਦਾ ਨਹੀਂ ਕਿਉਂਕਿ ਉਸ ਡੱਬੇ ਤੇ ਮਸਹੂਰੀ ਦਾ ਲੋਗੋ ਲੱਗਾ ਹੁੰਦਾ ਫਿਰ ਵੀ ਮਠਿਆਈ ਖ੍ਰੀਦਣ ਸਮੇਂ ਲੋਕ ਡੱਬੇ ਦਾ ਰੇਟ ਮਠਿਆਈ ਨਾਲੋਂ ਵੱਖਰਾ ਦੇਣ ਜਿਸ ਡੱਬੇ ਦੀ ਕੀਮਤ ਦੱਸ ਵੀਹ ਰੁਪਏ ਹੋਵੇਗੀ ! ਇਹੀ ਡੱਬਾ ਜਦੋਂ ਮਠਿਆਈ ਪਾ ਕਿ ਤੋਲ ਕੀਤਾ ਜਾਂਦਾ ਤਾਂ 150 ਰੁਪਏ ਦਾ ਪੈਂਦਾ!



# ਜੀਤਮਹਿੰਦਰ ਸਿੰਘ ਸਿੱਧੂ ਨੇ ਆਜ਼ਾਦੀ ਦਿਹਾੜੇ ਦੀਆਂ ਵਧਾਈਆਂ ਦਿੰਦਿਆਂ ਸ਼ਹੀਦਾਂ ਨੂੰ ਕੀਤਾ ਨਮਨ

**ਤਲਵੰਡੀ ਸਾਬੋ/ਮੌੜ ਮੰਡੀ, 14 ਅਗਸਤ (ਗੁਰਜੰਟ ਸਿੰਘ ਨਥੇਹਾ)**-ਕਾਂਗਰਸ ਪਾਰਟੀ ਵੱਲੋਂ ਲੋਕ ਸਭਾ ਹਲਕਾ ਬਠਿੰਡਾ ਤੋਂ ਚੋਣ ਲੜ ਚੁੱਕੇ ਤੇ ਮੌਜੂਦਾ ਸਮੇਂ ਵਿਧਾਨ ਸਭਾ ਹਲਕਾ ਮੌੜ ਤੋਂ ਕਾਂਗਰਸ ਦੀ ਅਗਵਾਈ ਕਰ ਰਹੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਦੇਸ਼ ਦੇ ਆਜ਼ਾਦੀ ਦਿਹਾੜੇ ਦੀ ਸਮੁੱਚੇ ਖਿੱਤੇ ਦੇ ਵਸਨੀਕਾਂ ਨੂੰ ਵਧਾਈ ਦਿੰਦਿਆਂ ਆਜ਼ਾਦੀ ਦੀ ਲੜਾਈ ਚ ਸ਼ਹਾਦਤਾਂ ਹਾਸਿਲ ਕਰਨ ਵਾਲਿਆਂ ਨੂੰ ਨਮਨ ਕੀਤਾ। ਪ੍ਰੈੱਸ ਬਿਆਨ ਰਾਹੀਂ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਜੰਗ ਏ ਆਜ਼ਾਦੀ ਦੌਰਾਨ ਅੰਗੇਰਜਾਂ ਖਿਲਾਫ ਲੰਬੀ ਲੜਾਈ ਲੜਦਿਆਂ ਜਿੱਥੇ ਅਨੇਕਾਂ ਮਹਾਨ ਯੋਧਿਆਂ ਨੇ ਹਥਿਆਰਬੰਦ ਸੰਘਰਸ਼ ਦੌਰਾਨ ਸ਼ਹਾਦਤਾਂ ਹਾਸਿਲ ਕਰਦਿਆਂ ਆਪਣੀ ਜਨਮ ਭੂਮੀ ਨੂੰ ਅੰਗਰੇਜ਼ਾਂ ਤੋਂ ਆਜ਼ਾਦ ਕਰਨ ਦਾ ਸੁਪਨਾ ਸੰਜੋਇਆ ਉੱਥੇ ਸ਼ਾਂਤਮਈ ਰਹਿ ਕੇ ਅੰਗਰੇਜਾਂ ਖਿਲਾਫ ਨੀਤੀਗਤ ਲੜਾਈ ਲੜਦਿਆਂ ਦੇਸ਼ ਦੇ ਮਹਾਨ ਆਗੂਆਂ ਨੇ ਵੀ ਆਜ਼ਾਦੀ ਦੀ ਲੜਾਈ ਚ ਬੇਮਿਸਾਲ ਯੋਗਦਾਨ ਪਾਇਆ ਤੇ ਇੰਨ੍ਹਾਂ ਸਭ ਦੇ ਯਤਨਾਂ ਸਦਕਾ ਅਸੀਂ 15 ਅਗਸਤ 1947 ਨੂੰ ਆਜ਼ਾਦ ਫਿਜ਼ਾ 'ਚ ਸਾਹ ਲੈਣ ਜੋਗੇ ਹੋ ਸਕੇ। ਉਨਾਂ ਕਿਹਾ ਕਿ ਜਿੱਥੇ 15 ਅਗਸਤ ਦਾ ਦਿਨ ਆਜ਼ਾਦੀ ਦਵਾਉਣ ਵਾਲਿਆਂ ਨੂੰ ਯਾਦ ਕਰਨ ਦਾ ਦਿਨ ਹੈ ਉੱਥੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਜੰਗ ਏ ਆਜ਼ਾਦੀ ਚ ਯੋਗਦਾਨ ਪਾਉਣ ਵਾਲਿਆਂ ਦੇ ਜੀਵਨ ਤੋਂ ਸੇਧ ਲਈਏ ਤੇ ਦੇਸ਼ ਨੂੰ ਖੁਸ਼ਹਾਲ ਤੇ ਮਜ਼ਬੂਤ ਬਣਾਉਣ ਲਈ ਆਪਣਾ ਯੋਗਦਾਨ ਪਾਈਏ ਇਹੀ ਸ਼ਹੀਦਾਂ ਨੂੰ ਵੀ ਸੱਚੀ ਸ਼ਰਧਾਂਜਲੀ ਹੋਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**1947 ਦੀ ਵੰਡ ਦਾ ਖ਼ੂਨੀ ਪੰਨਾ**

# ਸਾਕਾ ਭੁਲੇਰ (ਚੱਕ ਨੰਬਰ-119)






ਸ੍ਰੀ ਹਰਿਮੰਦਰ ਸਾਹਿਬ ਦੇ ਘੰਟਾ ਘਰ ਵਾਲੇ ਪ੍ਰਵੇਸ ਦੁਵਾਰ ਰਾਹੀਂ ਜਦੋਂ ਅਸੀਂ ਪਾਵਨ ਅਸਥਾਨ ਵਿੱਚ ਦਾਖਲ ਹੁੰਦੇ ਹਾਂ ਤਾਂ ਪੌੜੀਆਂ ਉਤਰਦੇ ਹੀ ਬਰਾਂਡੇ ਵਿੱਚ ਇੱਕ ਪੱਥਰ ਦੀ ਵੱਡੀ ਸਾਰੀ ਸਿੱਲ ਲੱਗੀ ਹੋਈ ਹੈ ਜਿਸ ਉੱਪਰ 'ਸਾਕਾ ਭੁਲੇਰ' ਦੇ ਸ਼ਹੀਦਾਂ ਦੇ ਨਾਮ ਉਕਰੇ ਹੋਏ ਹਨ। ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਇਸ ਸਿੱਲ ਕੋਲੋਂ ਲੰਘਦੀ ਹੈ ਪਰ ਸ਼ਾਇਦ ਹੀ ਕਦੀ ਕਿਸੇ ਨੇ ਉਸ ਸਾਕੇ ਦੇ ਸ਼ਹੀਦਾਂ ਦੇ ਨਾਮ ਪੜ੍ਹੇ ਹੋਣ ਜਾਂ ਉਸ ਸਾਕੇ ਬਾਰੇ ਜਾਣਕਾਰੀ ਲੈਣ ਦੀ ਕੋਸ਼ਿਸ਼ ਕੀਤੀ ਹੋਵੇ। ਸਾਕਾ ਭੁਲੇਰ ਲਹਿੰਦੇ ਪੰਜਾਬ ਦੇ ਜ਼ਿਲ੍ਹਾ ਸ਼ੇਖ਼ੂਪੁਰ ਦੇ ਚੱਕ ਨੰਬਰ 119 (ਪਿੰਡ ਭੁਲੇਰ) ਵਿਖੇ 31 ਅਗਸਤ 1947 ਨੂੰ ਵਾਪਰਿਆ ਇੱਕ ਅਜਿਹਾ ਖ਼ੂਨੀ ਸਾਕਾ ਸੀ ਜਿਸ ਵਿੱਚ ਹਜ਼ਾਰਾਂ ਮੁੱਤਸਬੀਆਂ ਦੀ ਭੀੜ ਦਾ ਸਿੱਖਾਂ ਨੇ ਬੜੀ ਬਹਾਦਰੀ ਨਾਲ ਟਾਕਰਾ ਕੀਤਾ ਸੀ ਅਤੇ ਇਸ ਦੌਰਾਨ 300 ਤੋਂ ਵੱਧ ਸਿੱਖਾਂ ਦੀਆਂ ਸ਼ਹੀਦੀਆਂ ਹੋਈਆਂ ਸਨ। ਆਪਣੀ ਇੱਜ਼ਤ-ਪੱਤ ਨੂੰ ਬਚਾਉਣ ਲਈ ਸਿੱਖ ਔਰਤਾਂ ਤੇ ਨੌਜਵਾਨ ਕੁੜੀਆਂ ਨੇ ਖ਼ੂਹਾਂ ਵਿੱਚ ਛਾਲਾਂ ਮਾਰ ਕੇ ਆਪਣੀ ਜ਼ਿੰਦਗੀ ਖਤਮ ਕਰ ਲਈ ਅਤੇ ਜਦੋਂ ਖ਼ੂਹ ਵੀ ਲਾਸ਼ਾਂ ਨਾਲ ਭਰ ਗਿਆ ਤਾਂ ਨੌਜਵਾਨ ਧੀਆਂ ਨੇ ਆਪ ਆਪਣੇ ਬਾਪ-ਭਰਾਵਾਂ ਕੋਲੋਂ ਆਪਣੀਆਂ ਧੌਣਾਂ ਲੁਹਾ ਕੇ ਸ਼ਹੀਦੀਆਂ ਪਾ ਲਈਆਂ। ਸਾਕਾ ਭੁਲੇਰ 1947 ਦੀ ਵੰਡ ਦਾ ਉਹ ਖ਼ੂਨੀ ਦੁਖਾਂਤ ਹੈ ਜਿਸ ਵਰਗਾ ਸਾਕਾ ਸ਼ਾਇਦ ਹੀ ਕਿਤੇ ਹੋਰ ਵਾਪਰਿਆ ਹੋਵੇ। ਸਾਕਾ ਭੁਲੇਰ ਵਿੱਚੋਂ ਬਚ ਕੇ ਆਏ ਪਰਿਵਾਰ ਬਟਾਲਾ ਸ਼ਹਿਰ ਵਿਖੇ ਅਬਾਦ ਹਨ ਅਤੇ ਉਸ ਸਾਕੇ ਨੂੰ ਆਪਣੀ ਅੱਖੀਂ ਦੇਖਣ ਵਾਲੇ ਬਾਪੂ ਪ੍ਰਿਥੀਪਾਲ ਸਿੰਘ ਅੱਜ ਵੀ ਜਦੋਂ ਸਾਕੇ ਦੀ ਗੱਲ ਕਰਦੇ ਹਨ ਤਾਂ ਉਨ੍ਹਾਂ ਦੀਆਂ ਅੱਖਾਂ ਵਿਚੋਂ ਹੰਝੂ ਆਪ-ਮੁਹਾਰੇ ਨਿਕਲ ਤੁਰਦੇ ਹਨ। ਬਾਪੂ ਪ੍ਰਿਥੀਪਾਲ ਸਿੰਘ ਦੀ ਉਮਰ 1947 ਵਿੱਚ 13 ਸਾਲ ਦੀ ਸੀ ਅਤੇ ਉਨ੍ਹਾਂ ਦੀਆਂ ਅੱਖਾਂ ਦੇ ਸਾਹਮਣੇ ਉਨ੍ਹਾਂ ਦੀ ਮਾਂ ਮਹੰਤ ਕੌਰ ਨੇ ਆਪਣੀ ਇੱਜ਼ਤ ਬਚਾਉਣ ਖਾਤਰ ਖ਼ੂਹ ਵਿੱਚ ਛਾਲ ਮਾਰ ਦਿੱਤੀ ਸੀ। ਪ੍ਰਿਥੀਪਾਲ ਸਿੰਘ ਦੱਸਦੇ ਹਨ ਕਿ 300 ਦੇ ਕਰੀਬ ਸ਼ਹੀਦੀਆਂ ਵਿੱਚੋਂ 200 ਦੇ ਕਰੀਬ ਸ਼ਹੀਦੀਆਂ ਤਾਂ ਔਰਤਾਂ ਤੇ ਨੌਜਵਾਨ ਕੁੜੀਆਂ ਦੀਆਂ ਹੀ ਸਨ। ਸਾਕਾ ਭੁਲੇਰ ਦੇ ਅੱਖੀਂ ਦੇਖੇ ਖ਼ੂਨੀ ਵਰਤਾਰੇ ਨੂੰ ਬਿਆਨ ਕਰਦਿਆਂ ਬਾਪੂ ਪ੍ਰਿਥੀਪਾਲ ਸਿੰਘ ਦੱਸਦੇ ਹਨ ਕਿ ਉਨ੍ਹਾਂ ਦਾ ਪਿੰਡ ਭੁਲੇਰ (ਚੱਕ ਨੰਬਰ-119) ਜ਼ਿਲ੍ਹਾ ਸ਼ੇਖ਼ੂਪੁਰਾ, ਸਾਂਗਲਾ ਹਿੱਲ ਦੇ ਨਜ਼ਦੀਕ ਸੀ। ਭੁਲੇਰ ਪਿੰਡ ਵਿੱਚ ਬਹੁ-ਗਿਣਤੀ ਸਿੱਖਾਂ ਦੀ ਸੀ ਅਤੇ ਸਾਰੇ ਹੀ ਸਿੱਖਾਂ ਦੀ ਬਹੁਤ ਜ਼ਮੀਨ ਸੀ ਅਤੇ ਇਲਾਕੇ ਵਿੱਚ ਸਿੱਖ ਸਰਦਾਰਾਂ ਦਾ ਨਾਮ ਸੀ। ਉਨ੍ਹਾਂ ਦੱਸਿਆ ਕਿ ਅਗਸਤ 1947 ਵਿੱਚ ਜਦੋਂ ਦੇਸ਼ ਦੀ ਵੰਡ ਦੀ ਚਰਚਾ ਪੂਰੇ ਜ਼ੋਰਾਂ 'ਤੇ ਸੀ ਤਾਂ ਮਾਸਟਰ ਤਾਰਾ ਸਿੰਘ ਉਨ੍ਹਾਂ ਦੇ ਪਿੰਡ ਆਏ ਅਤੇ ਉਨਾਂ ਨੂੰ ਕਿਹਾ ਕਿ ਸੀ ਉਹ ਆਪਣਾ ਪਿੰਡ ਨਾ ਛੱਡਣ ਅਤੇ ਨਾ ਹੀ ਅਸੀਂ ਨਨਕਾਣਾ ਸਾਹਿਬ ਆਪਣੇ ਹੱਥੋਂ ਜਾਣ ਦੇਣਾ ਹੈ। 14 ਅਗਸਤ 1947 ਨੂੰ ਪਾਕਿਸਤਾਨ ਨਾਮ ਦਾ ਨਵਾਂ ਦੇਸ਼ ਹੋਂਦ ਵਿੱਚ ਆ ਗਿਆ ਅਤੇ ਉਨ੍ਹਾਂ ਦਾ ਪਿੰਡ ਭੁਲੇਰ ਤੇ ਜ਼ਿਲ੍ਹਾ ਸ਼ੇਖ਼ੂਪੁਰ ਪਾਕਿਸਤਾਨ ਵਿੱਚ ਆ ਗਿਆ ਸੀ। ਪਿੰਡ ਭੁਲੇਰ ਦੇ ਸਿੱਖ ਇਹ ਸੋਚਦੇ ਰਹੇ ਕਿ ਹਕੂਮਤਾਂ ਹੀ ਬਦਲਦੀਆਂ ਹੁੰਦੀਆਂ ਹਨ ਕਦੀ ਲੋਕ ਵੀ ਆਪਣੇ ਘਰ ਛੱਡ ਕੇ ਕਿਤੇ ਜਾਂਦੇ ਹਨ? ਪਿੰਡ ਭੁਲੇਰ ਨੂੰ ਨਾ ਛੱਡਣ ਦਾ ਫੈਸਲਾ ਕਰਕੇ ਸਿੱਖ ਓਥੇ ਹੀ ਬੈਠੇ ਰਹੇ ਕਿ ਸ਼ਾਇਦ ਕੁਝ ਦਿਨਾਂ ਵਿੱਚ ਅਮਨ-ਅਮਾਨ ਹੋ ਜਾਵੇ। ਓਧਰ ਹਰ ਪਾਸੇ ਵੱਢ-ਟੁੱਕ ਦੀਆਂ ਖਬਰਾਂ ਸੁਣਨ ਨੂੰ ਮਿਲ ਰਹੀਆਂ ਸਨ ਪਰ ਪਿੰਡ ਭੁਲੇਰ ਦੇ ਸਿੱਖ ਵਾਹਿਗੁਰੂ ਦੀ ਓਟ ਲੈ ਕੇ ਆਪਣੇ ਪਿੰਡ ਬੈਠੇ ਰਹੇ। ਭੁਲੇਰ ਦੇ ਆਸੇ-ਪਾਸੇ ਸਾਰੇ ਪਿੰਡ ਮੁਸਲਿਮ ਵਸੋਂ ਦੇ ਸਨ ਅਤੇ ਉਨ੍ਹਾਂ ਨੂੰ ਪਤਾ ਸੀ ਕਿ ਭੁਲੇਰੀਏ ਅਜੇ ਗਏ ਨਹੀਂ ਹਨ। ਉਨ੍ਹਾਂ ਦੀ ਅੱਖ ਪਿੰਡ ਭੁਲੇਰ ਦੇ ਮਾਲ-ਅਸਬਾਬ 'ਤੇ ਸੀ। ਸ਼ੁਰੂ ਵਿੱਚ ਨਾਲ ਦੇ ਪਿੰਡਾਂ ਦੇ ਮੁਸਲਮਾਨਾਂ ਵੱਲੋਂ ਲੁੱਟ-ਮਾਰ ਦੀਆਂ ਛੇੜਖਾਨੀਆਂ ਕੀਤੀਆਂ ਗਈਆਂ ਪਰ ਸਿੱਖਾਂ ਨੇ ਸਫਲ ਨਾ ਹੋਣ ਦਿੱਤੀਆਂ। ਸਾਰੇ ਇਲਾਕੇ ਵਿੱਚ ਇਹ ਪ੍ਰਚਾਰ ਹੋਣ ਲੱਗਾ ਕਿ ਸਿੱਖਾਂ ਨੇ ਸਾਡਾ ਚੜ੍ਹਦੇ ਪੰਜਾਬ ਵਿੱਚ ਬਹੁਤ ਨੁਕਸਾਨ ਕੀਤਾ ਹੈ ਅਤੇ ਇਥੇ ਪਿੰਡ ਭੁਲੇਰ ਵਿੱਚ ਸਿੱਖ ਸੁਰੱਖਿਅਤ ਕਿਉਂ ਬੈਠੇ ਹਨ...? ਆਖਰ 31 ਅਗਸਤ ਨੂੰ ਆਲੇ-ਦੁਆਲੇ ਦੇ ਪਿੰਡਾਂ ਦਾ ਹਜ਼ਾਰਾਂ ਦੀ ਗਿਣਤੀ ਦਾ ਹਜ਼ੂਮ ਢੋਲ ਵਜਾਉਂਦਾ ਪਿੰਡ ਭੁਲੇਰ 'ਤੇ ਚੜ੍ਹ ਆਇਆ। ਸਿੱਖਾਂ ਨੂੰ ਅਜਿਹੀ ਅਣਹੋਣੀ ਦਾ ਪਹਿਲਾਂ ਹੀ ਖਦਸਾ ਸੀ ਸੋ ਉਨ੍ਹਾਂ ਨੇ ਆਪਣੀਆਂ ਔਰਤਾਂ, ਲੜਕੀਆਂ ਅਤੇ ਬੱਚਿਆਂ ਨੂੰ ਇੱਕ ਘਰ ਵਿੱਚ ਇਕੱਠਿਆਂ ਕਰ ਲਿਆ ਅਤੇ ਆਪ ਪਿੰਡ ਦੇ ਸਾਰੇ ਪਾਸੇ ਮੋਰਚਾਬੰਦੀ ਕਰਕੇ ਬੈਠ ਗਏ। ਭੁਲੇਰ ਦੇ ਸਰਦਾਰਾਂ ਕੋਲ ਕੁਝ ਬੰਦੂਕਾਂ ਸਨ ਅਤੇ ਜਦੋਂ ਨੇੜੇ ਆਏ ਹਜ਼ੂਮ ਨੂੰ ਰੋਕਣ ਲਈ ਉਨ੍ਹਾਂ ਗੋਲੀ ਚਲਾਈ ਤਾਂ ਕੁਝ ਮੁਸਲਮਾਨ ਢੇਰ ਹੋ ਗਏ। ਹਮਲਾਵਰਾਂ ਕੋਲ ਵੀ ਬੰਦੂਕਾਂ ਸਨ ਸੋ ਉਨ੍ਹਾਂ ਨੇ ਵੀ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਸਿੱਖਾਂ ਕੋਲ ਹਥਿਆਰ ਤੇ ਗੋਲੀ ਸਿੱਕਾ ਸੀਮਤ ਸੀ ਸੋ ਉਹ ਬੜੇ ਸੰਜਮ ਨਾਲ ਗੋਲੀ ਚਲਾਉਂਦੇ ਤਾਂ ਜੋ ਵੱਧ ਤੋਂ ਵੱਧ ਸਮਾਂ ਦੁਸ਼ਮਣ ਅੱਗੇ ਅੜ੍ਹ ਸਕੀਏ ਅਤੇ ਸ਼ਾਇਦ ਓਦੋਂ ਤੱਕ ਕਿਸੇ ਪਾਸਿਓਂ ਕੋਈ ਮਦਦ ਆ ਜਾਵੇ। ਆਖਰ ਹਜ਼ੂਮ ਹੱਲੇ ਕਰ-ਕਰ ਅੱਗੇ ਵੱਧਣ ਲੱਗਾ ਅਤੇ ਹਜ਼ਾਰਾਂ ਦੀ ਭੀੜ ਅੱਗੇ 100 ਕੁ ਸਿੱਖ ਜਵਾਨਾਂ ਦੀ ਕੋਈ ਪੇਸ਼ ਨਾ ਚੱਲੀ। ਹੁਣ ਹੱਥੋ-ਹੱਥ ਦੀ ਲੜਾਈ ਵਿੱਚ ਵੀ ਸਿੱਖਾਂ ਨੇ ਬੜੀ ਬਹਾਦਰੀ ਨਾਲ ਮੁਕਾਬਲਾ ਕੀਤਾ। ਜਦੋਂ ਬੇਵਾਹੀ ਹੁੰਦੀ ਦੇਖੀ ਤਾਂ ਸਿੱਖ ਬੀਬੀਆਂ ਅਤੇ ਨੌਜਵਾਨ ਮੁਟਿਆਰਾਂ ਨੇ ਆਪਣੀ ਇੱਜ਼ਤ ਬਚਾਉਣ ਲਈ ਖ਼ੂਹ ਵਿੱਚ ਛਾਲਾਂ ਮਾਰ ਦਿੱਤੀਆਂ। ਆਖਰ ਖ਼ੂਹ ਦਾ ਤਲ ਵੀ ਜਦੋਂ ਲਾਸ਼ਾਂ ਨਾਲ ਭਰ ਗਿਆ ਤਾਂ ਸਿੱਖ ਬੀਬੀਆਂ ਨੇ ਆਪਣੇ ਬਾਪ ਤੇ ਭਰਾਵਾਂ ਨੂੰ ਕਿਹਾ ਕਿ ਸਾਡੀ ਧੌਣ ਵੱਢ ਕੇ ਸਾਨੂੰ ਸ਼ਹੀਦ ਕਰ ਦੇਵੋ ਪਰ ਸਾਨੂੰ ਬੇਇਜ਼ਤ ਹੋਣ ਲਈ ਜ਼ਿੰਦਾ ਨਾ ਰਹਿਣ ਦੇਣਾ। ਪ੍ਰਿਥੀਪਾਲ ਸਿੰਘ ਦੱਸਦੇ ਹਨ ਕਿ ਜਿਸ ਘਰ ਵਿੱਚ ਔਰਤਾਂ ਤੇ ਬੱਚੇ ਇਕੱਠੇ ਹੋਏ ਸਨ ਓਥੇ ਬਹੁਤ ਸਾਰੀਆਂ ਸਿੱਖ ਬੀਬੀਆਂ ਨੇ ਬੜੀ ਬਹਾਦਰੀ ਨਾਲ ਖੁਦ ਆਪਣੀਆਂ ਧੌਣਾਂ ਕਲਮ ਕਰਵਾ ਲਈਆਂ, ਹਰ ਪਾਸੇ ਖ਼ੂਨ ਹੀ ਖ਼ੂਨ ਸੀ ਅਤੇ ਉਹ ਭਿਆਨਕ ਸਮਾਂ ਮੈਂ ਕਦੀ ਨਹੀਂ ਭੁੱਲ ਸਕਦਾ। ਪ੍ਰਿਥੀਪਾਲ ਸਿੰਘ ਨੇ ਦੱਸਿਆ ਕਿ ਅਖੀਰ ਧਾੜਵੀਆਂ ਦਾ ਹਜ਼ੂਮ ਹਾਵੀ ਹੋ ਗਿਆ ਅਤੇ ਉਨ੍ਹਾਂ ਪਿੰਡ ਦੇ ਘਰਾਂ ਵਿੱਚ ਵੜ ਕੇ ਲੁੱਟ-ਮਾਰ ਕਰਨੀ ਸ਼ੁਰੂ ਕਰ ਦਿੱਤੀ। ਅਖੀਰ ਅਗਲੇ ਦਿਨ ਸਿੱਖਾਂ ਦਾ ਇੱਕ ਜਥਾ ਭੁਲੇਰੀਆਂ ਦੀ ਮਦਦ ਲਈ ਪੁੱਜਾ ਅਤੇ ਜਦੋਂ ਸਿੱਖਾਂ ਨੇ ਜੈਕਾਰੇ ਗਜਾਏ ਤਾਂ ਸਭ ਧਾੜਵੀ ਓਥੋਂ ਭੱਜ ਗਏ। ਜਥੇ ਨੇ ਤੁਰੰਤ ਜ਼ਖਮੀਆਂ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ ਅਤੇ ਪਰ ਬਹੁਤ ਥੋੜੇ ਲੋਕ ਇਸ ਸਾਕੇ ਵਿੱਚ ਬਚੇ ਸਨ। ਅਖੀਰ ਵਿੱਚ ਬਚ ਗਏ ਭੁਲੇਰ ਵਾਸੀਆਂ ਨੂੰ ਅੰਮ੍ਰਿਤਸਰ ਦੇ ਸ਼ਰਨਾਰਥੀ ਕੈਂਪ ਵਿੱਚ ਪਹੁੰਚਾਇਆ ਗਿਆ ਜਿਥੇ ਮਾਸਟਰ ਤਾਰਾ ਸਿੰਘ ਉਨ੍ਹਾਂ ਦਾ ਪਤਾ ਲੈਣ ਆਏ। ਮਾਸਟਰ ਤਾਰਾ ਸਿੰਘ ਨੇ ਹਿੰਦ ਹਕੂਮਤ ਨੂੰ ਕਿਹਾ ਕਿ ਭੁਲੇਰ ਵਾਸੀਆਂ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ ਇਸ ਲਈ ਇਨ੍ਹਾਂ ਦੇ ਮੁੜ-ਵਸੇਬੇ ਦਾ ਸਭ ਤੋਂ ਪਹਿਲਾਂ ਪ੍ਰਬੰਧ ਕੀਤਾ ਜਾਵੇ। ਆਖਰ ਹਕੂਮਤ ਨੇ ਉਜਾੜੇ ਦੇ ਮਾਰੇ ਭੁਲੇਰੀਆਂ ਨੂੰ ਬਟਾਲਾ ਸ਼ਹਿਰ ਅਤੇ ਇਸਦੇ ਨਾਲ ਲੱਗਦੇ ਪਿੰਡਾਂ ਵਿੱਚ ਮੁਸਲਮਾਨਾਂ ਦੀਆਂ ਜ਼ਮੀਨਾਂ ਅਲਾਟ ਕੀਤੀਆਂ। ਭੁਲੇਰ ਵਾਸੀ ਅੱਜ ਬਟਾਲਾ ਵਿੱਚ ਚੰਗੀ ਜ਼ਿੰਦਗੀ ਬਸਰ ਕਰ ਰਹੇ ਹਨ ਪਰ ਉਹ ਕਦੀ ਵੀ 1947 ਦੇ ਸਾਕੇ ਨੂੰ ਭੁੱਲੇ ਨਹੀਂ। ਭੁਲੇਰੀਆਂ ਨੇ ਬਟਾਲਾ ਸ਼ਹਿਰ ਵਿੱਚ ਹਾਥੀ ਗੇਟ ਦੇ ਅੰਦਰਵਾਰ ਅਤੇ ਇੱਕ ਨਵੀਂ ਯਾਦਗਾਰ ਹਾਥੀ ਗੇਟ ਦੇ ਬਾਹਰਵਾਰ ਸਾਕਾ ਭੁਲੇਰ ਦੇ ਸ਼ਹੀਦਾਂ ਦੀ ਯਾਦਗਾਰ ਬਣਾਈ ਹੈ ਜਿਥੇ ਹਰ ਸਾਲ 31 ਅਗਸਤ ਨੂੰ ਸ਼ਹੀਦਾਂ ਦੀ ਯਾਦ ਮਨਾਉਂਦੇ ਹਨ। ਸ੍ਰੀ ਹਰਿਮੰਦਰ ਸਾਹਿਬ ਦੇ ਘੰਟਾ ਘਰ ਪ੍ਰਵੇਸ਼ ਦੁਆਰ ਦੇ ਅੰਦਰ ਵੀ ਸਾਕਾ ਭੁਲੇਰ ਦੇ ਕੁਝ ਸ਼ਹੀਦਾਂ ਦੇ ਨਾਮ ਉਕਰੇ ਹੋਏ ਹਨ। ਬਾਪੂ ਪ੍ਰਿਥੀਪਾਲ ਸਿੰਘ ਦਾ ਕਹਿਣਾ ਹੈ ਕਿ ਸੰਨ 1947 ਵਿੱਚ ਅਸੀਂ ਤਾਂ ਆਪਣਾ ਸਭ ਕੁਝ ਹੀ ਗਵਾ ਲਿਆ। ਆਪਣੇ ਜੀਅ, ਧਨ ਦੌਲਤ, ਜ਼ਮੀਨਾਂ। ਇਸ ਸਾਕੇ ਵਿੱਚ ਤਾਂ ਕਈ ਪੂਰੇ ਦੇ ਪੂਰੇ ਪਰਿਵਾਰ ਹੀ ਖਤਮ ਹੋ ਗਏ। ਬਾਪੂ ਪ੍ਰਿਥੀਪਾਲ ਸਿੰਘ ਕਹਿੰਦੇ ਹਨ ਕਿ ਅੱਜ ਦੀ ਪੀੜ੍ਹੀ ਨੂੰ 1947 ਦੇ ਜ਼ਖਮ ਦਾ ਨਹੀਂ ਪਤਾ ਪਰ ਉਹ ਕਿਨ੍ਹਾਂ ਭਿਆਨਕ ਸਮਾਂ ਸੀ ਉਹ ਅਸੀਂ ਜਾਂ ਸਾਡੇ ਵਰਗੇ ਹੋਰ ਲੋਕ ਜਿਨ੍ਹਾਂ ਨੇ ਆਪਣੇ ਜੀਅ ਇਸ ਰੌਲੇ ਵਿੱਚ ਗੁਆਏ ਸਨ ਉਨ੍ਹਾਂ ਤੋਂ ਵੱਧ ਕੋਈ ਨਹੀਂ ਜਾਣਦਾ। ਇਨ੍ਹਾਂ ਕਹਿੰਦੇ-ਕਹਿੰਦੇ ਬਾਪੂ ਪ੍ਰਿਥੀਪਾਲ ਸਿੰਘ ਦੀਆਂ ਅੱਖਾਂ ਵਿਚੋਂ ਹੰਝੂ ਵਹਿ ਤੁਰਦੇ ਹਨ ਅਤੇ ਜ਼ਬਾਨ ਖਾਮੋਸ਼ ਹੋ ਜਾਂਦੀ ਹੈ। ਉਸ ਦੁੱਖ ਭਰੀ ਦਾਸਤਾਨ ਨੂੰ ਬਿਆਨ ਕਰਨ ਲਈ ਸ਼ਾਇਦ ਸ਼ਬਦ ਹੈ ਵੀ ਨਹੀਂ। ਇਸ ਸ਼ਹੀਦੀ ਸਾਕੇ ਬਾਰੇ ਜੇਕਰ ਹੋਰ ਵਧੇਰੇ ਜਾਣਕਾਰੀ ਲੈਣੀ ਹੋਵੇ ਤਾਂ ਡਾ. ਵਿਰਸਾ ਸਿੰਘ ਬਾਜਵਾ ਜਿਨ੍ਹਾਂ ਨੇ ਭੁਲੇਰ ਦੀ ਉਹ ਲੜਾਈ ਲੜੀ ਸੀ ਉਨ੍ਹਾਂ ਦੀ ਕਿਤਾਬ 'ਸ਼ਹੀਦੀ ਸਾਕਾ ਭੁਲੇਰ' ਪੜ੍ਹੀ ਜਾ ਸਕਦੀ ਹੈ।

**- ਇੰਦਰਜੀਤ ਸਿੰਘ ਹਰਪੁਰਾ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ। 98155-77574**

**ਪੱਤਰਕਾਰ ਕੁਲਵੰਤ ਸਿੰਘ ਵਿਰਦੀ**

## ਪੁਲਿਸ ਪਾਰਟੀ ਟਾਂਗਰਾ ਨੂੰ ਮਿਲੀ ਵੱਡੀ ਸਫਲਤਾ 03 ਪਿਸਟਲ, ਇਕ ਮੈਗਜ਼ੀਨ ਅਤੇ ਤਿੰਨ ਜਿੰਦਾ ਰੌਂਦ ਸਮੇਤ 2 ਵਿਅਕਤੀ ਕਾਬੂ



ਜੰਡਿਆਲਾ ਗੁਰੂ 14 ਅਗਸਤ (ਕੁਲਵੰਤ ਸਿੰਘ ਵਿਰਦੀ ) ਐਸਐਸਪੀ ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਅਤੇ ਡੀਐਸਪੀ ਜੰਡਿਆਲਾ ਗੁਰੂ ਬਲਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਦੇ ਅਧੀਨ ਭੈੜੇ ਅਨਸਰਾਂ ਦੇ ਵਿਰੁੱਧ ਸਖਤ ਮੁਹਿੰਮ ਸ਼ੁਰੂ ਕੀਤੀ ਗਈ ਹੈ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪੁਲਿਸ ਚੌਂਕੀ ਟਾਂਗਰਾ ਦੇ ਇੰਚਾਰਜ ਏ ਐਸ ਆਈ ਸ੍ਰ ਨਰਿੰਦਰਪਾਲ ਸਿੰਘ ਨੇ ਦੱਸਿਆ ਕਿ ਏ ਐਸ ਆਈ ਭੁਪਿੰਦਰ ਸਿੰਘ,ਏ ਐਸ ਆਈ ਹਜਾਰਾ ਸਿੰਘ,ਸੀ ਟੀ ਹਰਵਿੰਦਰ ਸਿੰਘ,ਸੀ ਟੀ ਰਫੀਕ ਮੁਹੰਮਦ,ਪੀ ਐਚ ਗੀ ਗੁਰਪ੍ਰੀਤ ਸਿੰਘ ਅਧਾਰਿਤ ਪੁਲਿਸ ਪਾਰਟੀ ਵੱਲੋਂ ਗਸਤ ਕਰਦੇ ਸਮੇਂ ਥਾਣਾ ਤਰਸਿੱਕਾ ਤੋਂ ਜਬੋਵਾਲ ਟਾਂਗਰਾ ਤੋਂ ਹੁੰਦੇ ਹੋਏ ਜਦ ਪੁਲਿਸ ਪਾਰਟੀ ਨੈਸ਼ਨਲ ਹਾਈਵੇ ਤੇ ਪਿੰਡ ਮੁੱਛਲ ਨੂੰ ਮੁੜਨ ਲੱਗੀ ਤਾਂ, ਸਾਹਮਣੇ ਦੋ ਮੋਨੇ ਵਿਅਕਤੀ ਜੋ ਬਿਨਾਂ ਨੰਬਰ ਪਲੇਟ ਮੋਟਰਸਾਈਕਲ ਤੇ ਬੈਠੇ ਹੋਏ ਸਨ।, ਤੁਰੰਤ ਹੀ ਪੁਲਿਸ ਪਾਰਟੀ ਨੂੰ ਵੇਖ ਕੇ ਮੋਟਰਸਾਈਕਲ ਤੇ ਖਿਸਕਣ ਦੀ ਕੋਸ਼ਿਸ਼ ਕਰਨ ਲੱਗੇ ਤਾਂ, ਪੁਲਿਸ ਨੂੰ ਸ਼ੱਕ ਪੈਣ ਤੇ ਤੁਰੰਤ ਹੀ ਗੱਡੀ ਰੋਕ ਕੇ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ।, ਜਦੋਂ ਉਹਨਾਂ ਨੂੰ ਕਾਬੂ ਕਰਕੇ ਉਹਨਾਂ ਦਾ ਨਾਂ ਪੁੱਛਿਆ ਗਿਆ ਤਾਂ, ਇੱਕ ਵਿਅਕਤੀ ਨੇ ਆਪਣਾ ਨਾਂ ਸਿਕੰਦਰ ਸਿੰਘ ਪੁੱਤਰ ਜੈ ਰਾਮ ਸਿੰਘ ਵਾਸੀ ਕੱਲਰ ਮੁਹੱਲਾ ਗਹਿਰੀ ਮੰਡੀ ਥਾਣਾ ਜੰਡਿਆਲਾ ਗੁਰੂ , ਅਤੇ ਮੋਟਰ ਸਾਈਕਲ ਦੇ ਪਿੱਛੇ ਬੈਠੇ ਨੌਜਵਾਨ ਨੇ ਆਪਣਾ ਨਾਂ ਅਵੀਨਾਸ਼ ਕੁਮਾਰ ਉਰਫ ਕਾਲੂ ਪੁੱਤਰ ਧਰਮਬੀਰ ਵਾਸੀ ਰੇਲਵੇ ਕਲੋਨੀ ਗਹਿਰੀ ਮੰਡੀ ਦੱਸਿਆ, ਜਦੋਂ ਸ਼ਖਤੀ ਨਾਲ ਉਹਨਾਂ ਦੀ ਤਲਾਸ਼ੀ ਲਈ ਗਈ ਤਾਂ, ਉਨਾਂ ਦੀ ਡੱਬ ਵਿੱਚੋਂ 03 ਪਿਸਟਲ ਅਤੇ 3 ਜਿੰਦਾ ਰੌਂਦ ਅਤੇ ਇਕ ਮੈਗਜ਼ੀਨ ਬਰਾਮਦ ਕੀਤਾ ਗਿਆ ਜਿਸਦੇ ਉਹ ਕੋਈ ਵੀ ਸਹੀ ਦਸਤਾਵੇਜ ਪੇਸ਼ ਨਹੀਂ ਕਰ ਸਕੇ, ਅਵੀਨਾਸ਼ ਕੁਮਾਰ ਨੇ ਦੱਸਿਆ ਕਿ ਇਹ 03 ਪਿਸਟਲ ਉਹਨਾ ਨੂੰ ਸਿਕੰਦਰ ਸਿੰਘ ਉਰਫ ਘੁੱਗੀ ਪੁੱਤਰ ਪਾਲ ਸਿੰਘ ਵਾਸੀ ਲਹਿੰਦੀ ਪੱਤੀ ਗਹਿਰੀ ਮੰਡੀ ਥਾਣਾ ਜੰਡਿਆਲਾ ਗੁਰੂ ਜ਼ਿਲ੍ਹਾ ਅੰਮ੍ਰਿਤਸਰ ਨੇ ਵੇਚਣ ਲਈ ਦਿੱਤੇ ਸਨ। ਅਤੇ ਇਹ ਕਿਸੇ ਨਾਮਲੂਮ ਵਿਅਕਤੀ ਨੂੰ ਹੀ ਪਿਸਟਲ ਵੇਚਣ ਲਈ ਹੀ ਇੱਥੇ ਖੜੇ ਸਨ।, ਪੁਲੀਸ ਨੇ ਦੋਸ਼ੀਆਂ ਵਿਰੁਧ ਮੁਕਮਾ ਨੰਬਰ ਜੁਰਮ 25(ਬੀ)-54-59 ਤਹਿਤ ਦਰਜ ਕਰਕੇ ਅਗਲੇਰੀ ਬਣਦੀ ਕਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।





ਜਨਮ ਦਿਨ ਮੁਬਾਰਕ

ਭਾਈ ਸੁਖਮਨਦੀਪ ਸਿੰਘ
ਪਿਤਾ ਪੱਤਰਕਾਰ ਕੁਲਵੰਤ ਸਿੰਘ ਵਿਰਦੀ, ਮਾਤਾ ਰਜਿੰਦਰ ਕੌਰ
ਤਾਰਾਗੜ੍ਹ ਜੰਡਿਆਲਾ ਗੁਰੂ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕਿਸ਼ਨਪੁਰੀ ਫਾਊਂਡੇਸ਼ਨ ਅਹਿਸਾਸ ਵੱਲੋਂ

# "ਇੱਕ ਬੂਟਾ ਬਾਪੂ ਦੇ ਨਾਂ" ਮੁਹਿੰਮ ਦਾ ਕੀਤਾ ਆਗਾਜ ਡਾ. ਮੰਗਲ ਸਿੰਘ ਕਿਸ਼ਨਪੁਰੀ






ਜੰਡਿਆਲਾ ਗੁਰੂ 14 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਵਿੱਚ ਵਧ ਰਹੇ ਪ੍ਰਦੂਸ਼ਣ, ਜਹਿਰੀਲਾ ਪਾਣੀ ਅਤੇ ਘੱਟ ਰਹੇ ਪਾਣੀ ਦੇ ਪੱਧਰ ਦੇ ਸੰਕਟ ਤੋਂ ਬਾਹਰ ਕੱਢਣ ਲਈ ਕਿਸ਼ਨਪੁਰੀ ਫਾਊਂਡੇਸ਼ਨ ਅਹਿਸਾਸ ਦੇ ਪ੍ਰਧਾਨ ਡਾ.ਮੰਗਲ ਸਿੰਘ ਕਿਸ਼ਨਪੁਰੀ (ਮੈਨੇਜਿੰਗ ਡਾਇਰੈਕਟਰ ਸੇਂਟ ਸੋਲਜਰ ਆਫ ਗਰੁਪਸ )ਪਿਛਲੇ ਕਈ ਸਾਲਾਂ ਤੋਂ ਵਾਤਾਵਰਨ ਸੰਭਾਲ ਮੁਹਿੰਮ ਤਹਿਤ ਬੂਟੇ ਲਗਾ ਰਹੇ ਹਨ ।ਹੁਣ ਤੱਕ ਇਸ ਫਾਊਂਡੇਸ਼ਨ ਵੱਲੋਂ ਲਗਭਗ 20 ਤੋਂ 25 ਹਜਾਰ ਬੂਟੇ ਲਗਾਏ ਗਏ ਹਨ । ਇਸੇ ਲੜੀ ਨੂੰ ਅੱਗੇ ਤੋਰਦਿਆਂ ਹੋਇਆਂ ਇਸ ਸਾਲ ਵੀ ਅਹਿਸਾਸ ਫਾਊਂਡੇਸ਼ਨ ਵੱਲੋਂ ਵੱਧ ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ। ਇਸੇ ਤਹਿਤ ਸੇਂਟ ਸੋਲਜਰ ਇਲੀਟ ਕਨਵੈਂਟ ਸਕੂਲ ਵਿਦਿਆਰਥੀਆਂ ਨੂੰ "ਇੱਕ ਬੂਟਾ ਬਾਪੂ ਦੇ ਨਾਂ "ਪ੍ਰੋਜੈਕਟ ਰਾਹੀਂ ਬੂਟੇ ਵੰਡੇ ਗਏ। ਅਤੇ ਉਹਨਾਂ ਬੂਟਿਆਂ ਦਾ ਪਾਲਣ ਪੋਸ਼ਣ ਕਰਨ ਦੀ ਸਿੱਖਿਆ ਅਤੇ ਜਿੰਮੇਵਾਰੀ ਵੀ ਬੱਚਿਆਂ ਨੂੰ ਦਿੱਤੀ ਗਈ। ਅਤੇ ਲਗਾਏ ਗਏ ਬੂਟਿਆਂ ਦੀ ਸਮੇਂ ਸਮੇਂ ਤੇ ਫੋਟੋ ਖਿੱਚ ਕੇ ਵੀ ਭੇਜਣ ਨੂੰ ਕਿਹਾ। ਇਸ ਪ੍ਰੋਜੈਕਟ ਰਾਹੀਂ ਬੱਚਿਆਂ ਨੂੰ ਵਾਤਾਵਰਨ ਵਿਸ਼ੇ ਤਹਿਤ ਵਾਧੂ ਅੰਕ ਦਿੱਤੇ ਜਾਣਗੇ। ਇਸੇ ਮੁਹਿੰਮ ਤਹਿਤ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ, ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ,ਸਤਿੰਦਰ ਸਿੰਘ ਪ੍ਰਧਾਨ ਨਗਰ ਕੌਂਸਲ ਅਤੇ ਸ.ਅਵਤਾਰ ਸਿੰਘ ਐਮ ਸੀ ਵੱਲੋਂ ਸਕੂਲ ਦੀ ਸ਼ਹੀਦ ਊਧਮ ਸਿੰਘ ਬਗੀਚੀ ਵਿੱਚ ਬੂਟਾ ਲਗਾ ਕੇ ਇਸ ਦੀ ਸ਼ੁਰੂਆਤ ਕੀਤੀ। ਇਸ ਮੌਕੇ ਤੇ ਅਹਿਸਾਸ ਫਾਊਂਡੇਸ਼ਨ ਦੇ ਪ੍ਰਧਾਨ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਵਾਤਾਵਰਣ ਨੂੰ ਸੰਭਾਲਣ ਲਈ ਅਤੇ ਪਾਣੀ ਦੇ ਪੱਧਰ ਨੂੰ ਉੱਚਾ ਕਰਨ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਆਉਣ ਵਾਲੀ ਪੀੜੀ ਨੂੰ ਇੱਕ ਸਾਫ ਸੁਥਰਾ ਹਰਿਆ ਭਰਿਆ ਵਾਤਾਵਰਨ ਦਈਏ। ਉਹਨਾਂ ਕਿਹਾ ਆਓ ਵੱਧ ਚੜ ਕੇ ਇਸ ਬੂਟੇ ਲਾਉਣ ਦੀ, ਅਤੇ ਵਾਤਾਵਰਨ ਨੂੰ ਬਚਾਉਣ ਦੀ ਮੁਹਿੰਮ ਦੇ ਵਿੱਚ ਹਿੱਸਾ ਪਾਈਏ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸੀ ਗੁਪਤਾ ਸਮੂਹ ਸਟਾਫ ਤੇ ਬਚੇ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

**ਵਾਤਾਵਰਣ ਅਤੇ ਪਾਣੀ ਦੇ ਪੱਧਰ ਨੂੰ ਉੱਚਾ ਕਰਨ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਸਾਫ ਸੁਥਰਾ ਹਰਿਆ ਭਰਿਆ ਵਾਤਾਵਰਣ ਦੇ ਸਕੀਏ ਡਾ: ਕਿਸ਼ਨਪੁਰੀ**

# ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਦੇ ਬਾਹਰ ਧਰਨਾਕਾਰੀ ਕਿਸਾਨਾਂ ਨੂੰ ਪੁਲਿਸ ਨੇ ਖਦੇੜਿਆ, ਕਈ ਹਿਰਾਸਤ 'ਚ ਲਏ

**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਦੇ ਬਾਹਰ ਕਿਸਾਨਾਂ ਵੱਲੋਂ ਲਾਇਆ ਗਿਆ ਧਰਨਾ ਅੱਜ ਪੁਲਿਸ ਨੇ ਚੁਕਵਾ ਦਿੱਤਾ। ਪੁਲਿਸ ਨੇ ਕਾਰਵਾਈ ਕਰਦੇ ਹੋਏ ਕਿਸਾਨਾਂ ਨੂੰ ਜ਼ਬਰਦਸਤੀ ਚੁੱਕ ਕੇ ਧਰਨਾ ਹਟਾਇਆ। ਇਸ ਦੌਰਾਨ ਪੁਲਿਸ ਨੇ ਕਈ ਕਿਸਾਨਾਂ ਨੂੰ ਹਿਰਾਸਤ ਵਿੱਚ ਵੀ ਲੈ ਲਿਆ। ਜਾਣਕਾਰੀ ਅਨੁਸਾਰ, ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਅਗਵਾਈ ਕਿਸਾਨਾਂ ਵੱਲੋਂ ਧਰਨਾ ਲਾਇਆ ਗਿਆ ਸੀ, ਜਿਸ ਨੂੰ ਅੱਜ ਪੁਲਿਸ ਨੇ ਹਟਾ ਦਿੱਤਾ ਹੈ। ਪੁਲਿਸ ਵੱਲੋਂ ਧਰਨੇ 'ਤੇ ਬੈਠੇ ਕਈ ਕਿਸਾਨਾਂ ਨੂੰ ਹਿਰਾਸਤ ਵਿੱਚ ਲਏ ਜਾਣ ਦੀ ਵੀ ਜਾਣਕਾਰੀ ਸਾਹਮਣੇ ਆਈ ਹੈ। ਕਿਸਾਨਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਮੰਗਾਂ ਤੁਰੰਤ ਮੰਨਣ ਦੀ ਮੰਗ ਕੀਤੀ। ਕਿਸਾਨਾਂ ਦਾ ਕਹਿਣਾ ਹੈ ਕਿ ਉਹ ਖੇਤੀਬਾੜੀ ਵਿਕਾਸ ਬੈਂਕਾਂ ਨਾਲ ਜੁੜੇ ਕਿਸਾਨੀ ਕਰਜ਼ਿਆਂ ਦੇ ਮਾਮਲੇ ਵਿੱਚ OTS (One Time Settlement) ਸਕੀਮ ਲਾਗੂ ਕਰਨ ਦੀ ਮੰਗ ਕਰ ਰਹੇ ਹਨ। ਇਸ ਤੋਂ ਇਲਾਵਾ ਖਨੌਰੀ ਅਤੇ ਸੰਭੂ ਮੋਰਚਿਆਂ ਤੋਂ ਚੋਰੀ ਹੋਏ ਕਿਸਾਨਾਂ ਦੇ ਸਮਾਨ ਦੀ ਭਰਪਾਈ ਕਰਨ ਅਤੇ ਬੈਂਕਾਂ ਵੱਲੋਂ ਕਿਸਾਨੀ ਕਰਜ਼ਿਆਂ ਦੇ ਬਦਲੇ ਪਹਿਲਾਂ ਲਏ ਗਏ ਚੈੱਕ ਵਾਪਸ ਕਰਨ ਦੀ ਮੰਗ ਵੀ ਕੀਤੀ ਜਾ ਰਹੀ ਹੈ। ਕਿਸਾਨ ਆਗੂਆਂ ਦਾ ਦੋਸ਼ ਹੈ ਕਿ ਕਰਜ਼ਾ ਲੈਣ ਸਮੇਂ ਕਿਸਾਨਾਂ ਤੋਂ ਚੈੱਕ ਲਏ ਜਾਂਦੇ ਹਨ ਅਤੇ ਬਾਅਦ ਵਿੱਚ ਇਨ੍ਹਾਂ ਨੂੰ ਲੈ ਕੇ ਕਿਸਾਨਾਂ 'ਤੇ ਦਬਾਅ ਬਣਾਇਆ ਜਾਂਦਾ ਹੈ।ਕਿਸਾਨਾਂ ਨੇ ਮੰਗ ਕੀਤੀ ਹੈ ਕਿ ਬੈਂਕਾਂ ਵੱਲੋਂ ਕਿਸਾਨਾਂ ਤੋਂ ਲਏ ਗਏ ਚੈੱਕ ਵਾਪਸ ਕੀਤੇ ਜਾਣ ਅਤੇ ਕਰਜ਼ਿਆਂ ਦੇ ਨਿਪਟਾਰੇ ਲਈ ਇੱਕ ਵਾਰ ਦੀ ਸੈਟਲਮੈਂਟ ਸਕੀਮ ਦਿੱਤੀ ਜਾਵੇ।ਦੱਸਿਆ ਜਾ ਰਿਹਾ ਹੈ ਕਿ ਕਿਸਾਨ ਅੱਜ ਰੇਲਵੇ ਟਰੈਕ ਜਾਮ ਕਰਨ ਦਾ ਵੀ ਐਲਾਨ ਕੀਤੇ ਜਾਣ ਦੀ ਸੰਭਾਵਨਾ ਹੈ। ਇਸ ਕਾਰਨ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧ ਸਖ਼ਤ ਕੀਤੇ ਜਾਣ ਦੀ ਸੰਭਾਵਨਾ ਹੈ। ਕਿਸਾਨ ਜਥੇਬੰਦੀ ਨੇ ਸਪੱਸ਼ਟ ਕੀਤਾ ਹੈ ਕਿ ਮੰਗਾਂ ਦਾ ਹੱਲ ਹੋਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।



## ਨਾਂਦੇੜ ਹਮਲੇ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਦਾ ਵੱਡਾ ਬਿਆਨ, ਕਿਹਾ—ਪੰਜਾਬ ਦੀ ਸ਼ਾਂਤੀ ਭੰਗ ਕਰਨ ਵਾਲੀਆਂ ਤਾਕਤਾਂ ਅੱਗੇ ਨਹੀਂ ਝੁਕਾਂਗੇ



ਨਵੀਂ ਦਿੱਲੀ 14 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਨਾਂਦੇੜ ਵਿਖੇ ਸੁਖਬੀਰ ਸਿੰਘ ਬਾਦਲ 'ਤੇ ਕਿਰਪਾਨ ਨਾਲ ਹੋਏ ਹਮਲੇ ਤੋਂ ਇਕ ਦਿਨ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੱਡਾ ਬਿਆਨ ਦਿੰਦਿਆਂ ਕਿਹਾ ਕਿ ਕੁਝ ਤਾਕਤਾਂ ਪੰਜਾਬ ਅਤੇ ਦੇਸ਼ ਵਿੱਚ ਸ਼ਾਂਤੀ ਨਹੀਂ ਚਾਹੁੰਦੀਆਂ ਅਤੇ ਉਨ੍ਹਾਂ ਨੂੰ ਲੱਗਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਉਨ੍ਹਾਂ ਦੇ ਰਾਹ ਵਿੱਚ ਰੁਕਾਵਟ ਹੈ। ਉਨ੍ਹਾਂ ਕਿਹਾ ਕਿ ਜਿਵੇਂ ਉਨ੍ਹਾਂ ਦੇ ਪਿਤਾ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਅਜਿਹੀਆਂ ਤਾਕਤਾਂ ਅੱਗੇ ਕਦੇ ਸਮਝੌਤਾ ਨਹੀਂ ਕੀਤਾ, ਉਸੇ ਤਰ੍ਹਾਂ ਉਹ ਵੀ ਪਿੱਛੇ ਨਹੀਂ ਹਟਣਗੇ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਉਹ ਪੰਜਾਬ ਵਿੱਚ ਭਾਈਚਾਰਕ ਸਾਂਝ, ਅਮਨ ਅਤੇ ਸ਼ਾਂਤੀ ਕਾਇਮ ਰੱਖਣ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਦੋ ਵਾਰ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਅਸਥਾਨਾਂ 'ਤੇ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਪਹਿਲੀ ਘਟਨਾ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਹੋਈ, ਜਦਕਿ ਦੂਜੀ ਵਾਰ ਨਾਂਦੇੜ ਵਿਖੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਉਨ੍ਹਾਂ 'ਤੇ ਹਮਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਦੋਵੇਂ ਵਾਰ ਉਨ੍ਹਾਂ ਨੂੰ ਸਭ ਤੋਂ ਪਵਿੱਤਰ ਅਸਥਾਨਾਂ 'ਤੇ ਨਿਸ਼ਾਨਾ ਬਣਾਇਆ ਗਿਆ। ਬਾਦਲ ਨੇ ਪੰਜਾਬੀ ਕਹਾਵਤ ਦਾ ਹਵਾਲਾ ਦਿੰਦਿਆਂ ਕਿਹਾ, "ਜਿਸ ਦੇ ਸਿਰ 'ਤੇ ਗੁਰੂ ਸਾਹਿਬ ਦਾ ਹੱਥ ਹੋਵੇ, ਉਸ ਨੂੰ ਕੋਈ ਆਂਚ ਨਹੀਂ ਆਉਂਦੀ।" ਉਨ੍ਹਾਂ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਇਹ ਗੁਰੂ ਸਾਹਿਬ ਦੀ ਧਰਤੀ ਹੈ ਅਤੇ ਪੰਜਾਬ ਦੀ ਸ਼ਾਂਤੀ ਦੇ ਦੁਸ਼ਮਣਾਂ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਗੁਰੂ ਸਾਹਿਬ ਨੇ ਉਨ੍ਹਾਂ ਦੀ ਰੱਖਿਆ ਕੀਤੀ। ਸੁਖਬੀਰ ਸਿੰਘ ਬਾਦਲ ਨੇ ਸਪੱਸ਼ਟ ਕੀਤਾ ਕਿ ਉਹ ਕਿਸੇ ਵੀ ਤਰ੍ਹਾਂ ਡਰੇ ਹੋਏ ਨਹੀਂ ਹਨ ਅਤੇ ਪੰਜਾਬ ਦੇ ਭਾਈਚਾਰੇ ਅਤੇ ਅਮਨ-ਸ਼ਾਂਤੀ ਲਈ ਆਪਣਾ ਕੰਮ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਭਲਾਈ ਅਤੇ ਭਾਈਚਾਰਕ ਸਾਂਝ ਲਈ ਕਿਸੇ ਵੀ ਤਰ੍ਹਾਂ ਦਾ ਬਲਿਦਾਨ ਦੇਣ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਪੰਜਾਬ ਦਾ ਵਿਕਾਸ ਹੀ ਦੇਸ਼ ਦਾ ਵਿਕਾਸ ਹੈ। ਉਨ੍ਹਾਂ ਆਪਣੇ ਪਿਤਾ ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਮੁੱਖ ਮੰਤਰੀ ਰਹਿੰਦਿਆਂ ਸੂਬੇ ਵਿੱਚ ਵੱਖ-ਵੱਖ ਧਰਮਾਂ ਅਤੇ ਭਾਈਚਾਰਿਆਂ ਦਰਮਿਆਨ ਸਾਂਝ, ਸਤਿਕਾਰ ਅਤੇ ਅਮਨ ਨੂੰ ਕਾਇਮ ਰੱਖਣ ਲਈ ਕੰਮ ਕੀਤਾ। ਸੁਖਬੀਰ ਬਾਦਲ ਨੇ ਦੋਸ਼ ਲਾਇਆ ਕਿ ਕੁਝ ਤਾਕਤਾਂ ਦਾ ਮਕਸਦ ਪੰਜਾਬ ਦੀ ਸਥਿਤੀ 'ਤੇ ਕਾਬੂ ਪਾਉਣਾ ਅਤੇ ਸੂਬੇ ਦੀ ਸ਼ਾਂਤੀ ਨੂੰ ਭੰਗ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ ਸਾਲ ਵੀ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਪੰਜਾਬ ਦੇ ਅਮਨ ਅਤੇ ਭਾਈਚਾਰਕ ਸਾਂਝ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਜ਼ਿਕਰਯੋਗ ਹੈ ਕਿ ਵੀਰਵਾਰ ਨੂੰ ਨਾਂਦੇੜ ਸ਼ਹਿਰ ਦੇ ਬਾਹਰੀ ਇਲਾਕੇ ਵਿੱਚ ਸਥਿਤ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਇੱਕ ਨਿਹੰਗ ਜਸਪਾਲ ਸਿੰਘ ਵੱਲੋਂ ਸੁਖਬੀਰ ਸਿੰਘ ਬਾਦਲ 'ਤੇ ਕਿਰਪਾਨ ਨਾਲ ਹਮਲਾ ਕੀਤਾ ਗਿਆ ਸੀ। ਹਮਲੇ ਵਿੱਚ ਜ਼ਖ਼ਮੀ ਹੋਣ ਤੋਂ ਬਾਅਦ ਉਨ੍ਹਾਂ ਦੀ ਸਥਾਨਕ ਹਸਪਤਾਲ ਵਿੱਚ ਸਰਜਰੀ ਕੀਤੀ ਗਈ। ਸ਼ੁੱਕਰਵਾਰ ਦੁਪਹਿਰ ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਪੁਲਿਸ ਨੇ ਕਥਿਤ ਹਮਲਾਵਰ ਜਸਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮਾਮਲੇ ਦੀ ਜਾਂਚ ਜਾਰੀ ਹੈ। ਪੁਲਿਸ ਮੁਤਾਬਕ ਹਮਲੇ ਪਿੱਛੇ ਅਸਲ ਕਾਰਨ ਹਾਲੇ ਸਾਹਮਣੇ ਨਹੀਂ ਆਇਆ।

ਆਵਾਜ਼ਿ ਕੌਮ AWAZE QAUM International Newspaper & WEB TV

## ਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਆਗੂਆਂ ਦੇ ਅਸਤੀਫੇ ਰੱਦ- ਸ ਗੁਰਪ੍ਰਤਾਪ ਸਿੰਘ ਵਡਾਲਾ



**ਚੰਡੀਗੜ੍ਹ-: 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਪਿਛਲੇ ਦਿਨੀ ਕੁਝ ਗਲਤ ਫਹਿਮੀਆਂ ਕਾਰਨ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਸ ਸੰਤਾ ਸਿੰਘ ਉਮੈਦਪੁਰੀ, ਜਰਨਲ ਸਕੱਤਰ ਸ ਜਸਬੀਰ ਸਿੰਘ ਘੁੰਮਣ ਅਤੇ ਉਹਨਾਂ ਦੇ ਕੁਝ ਸਾਥੀਆਂ ਨੇ ਅਸਤੀਫੇ ਦੇ ਦਿੱਤੇ ਸਨ, ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨਾਲ ਸਲਾਹ ਮਸ਼ਵਰੇ ਤੋਂ ਬਾਦ ਉਹ ਅਸਤੀਫੇ ਰੱਦ ਕੀਤੇ ਗਏ ਹਨ। ਪਾਰਟੀ ਦੇ ਇਹ ਸੀਨੀਅਰ ਆਗੂ ਆਪਣੇ ਅਹੁਦਿਆਂ 'ਤੇ ਬਣੇ ਰਹਿਣਗੇ। ਸ ਵਡਾਲਾ ਨੇ ਦੱਸਿਆ ਕਿ ਸੰਤਾ ਸਿੰਘ ਉਮੈਦਪੁਰੀ ਪੁਰਾਣੇ ਟਕਸਾਲੀ ਅਕਾਲੀ ਹਨ ਜਿੰਨਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਪੁਨਰ ਸੁਰਜੀਤ ਹੋਏ ਅਕਾਲੀ ਦਲ ਦੀ ਭਰਤੀ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ। ਏਸੇ ਤਰਾਂ ਸ ਜਸਬੀਰ ਸਿੰਘ ਘੁੰਮਣ ਵੀ ਟਕਸਾਲੀ ਅਕਾਲੀ ਪਰਿਵਾਰ ਵਿੱਚੋਂ ਹਨ ਜਿੰਨਾਂ ਨੇ ਖੁਦ ਵੀ ਆਪਣੀ ਜਵਾਨੀ ਜੋਧਪੁਰ ਜੇਲ੍ਹ ਦੀਆਂ ਸਲਾਖਾਂ ਪਿੱਛੇ ਗੁਜਾਰੀ ਹੈ। ਇਹਨਾਂ ਦੇ ਬਾਕੀ ਸਾਥੀਆਂ ਸ ਹਰਿੰਦਰਪਾਲ ਸਿੰਘ ਟੌਹੜਾ, ਸ ਗੁਰਵਿੰਦਰ ਸਿੰਘ ਗੋਗੀ, ਸ ਹਰਭਜਨ ਸਿੰਘ ਪਾਤੜਾਂ ਅਤੇ ਅਮਰਜੀਤ ਸਿੰਘ ਸਨੌਰ ਨੇ ਵੀ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵਿੱਚ ਬਣੇ ਰਹਿਣ ਦਾ ਫੈਸਲਾ ਕੀਤਾ ਹੈ, ਜਿਸਦਾ ਅਸੀਂ ਭਰਪੂਰ ਸਵਾਗਤ ਕਰਦੇ ਹੋਏ ਸਾਰੇ ਅਸਤੀਫੇ ਰੱਦ ਕਰਦੇ ਹਾਂ। ਇਸ ਨਾਲ ਪਾਰਟੀ ਨੂੰ ਹੋਰ ਮਜਬੂਤੀ ਮਿਲੇਗੀ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243